People's Herald

Rs- 100/month



# “ਇਕੁਐਲਿਟੀ ਐਂਡ ਜਸਟਿਸ”



People's Herald

https://www.facebook.com/profile.php?id=161037521061610

“Equality and Justice” स्वतंत्रता, समानता, भाईचारा

PATIALA On line paper 03 ਅਪਰੈਲ 2025 ਵੀਰਵਾਰ “ਰੋਜ਼ਾਨਾ” ਸਾਲ ਚੌਥਾ w.e.f. 15 August 2022 ਪਟਿਆਲਾ

ਮੁੱਖ ਸੰਪਾਦਕ- ਇੰਜੀ. ਹਰਦੀਪ ਸਿੰਘ ਚੁੰਬਰ | whatsapp. 91-94636-01616 | email. hardipchumber57@gmail.com | ਸਹਿ ਸੰਪਾਦਕ- ਸ਼੍ਰੀਮਤੀ ਆਸ਼ਾ ਕੁਮਾਰੀ, ਡਾ. ਜਗਤਾਰ ਸਿੰਘ

ਅੰਬੇਡਕਰਵਾਦ ਸਮਾਨਤਾ ਅਧਾਰਿਤ ਅਤੇ ਬ੍ਰਾਹਮਣਵਾਦ ਅਸਮਾਨਤਾ ਅਧਾਰਿਤ ਵਿਵਸਥਾ, ਸਮਾਨਤਾ ਸਥਾਪਿਤ ਕਰਨਾ ਹੀ ਸਾਰੀਆਂ ਬਿਮਾਰੀਆਂ ਦਾ ਇਲਾਜ ਹੈ



(Google pay- 91-9780634849) HARDIP SINGH STATE BANK OF INDIA ACCT NO-10566643658 . IFSC- SBIN0050773

## ਸਿਧਾਰਥ ਗੌਤਮ ਬੁੱਧ ਦੇ ਧਮ ਦੇ ਸਿਧਾਂਤ ਸਭ ਲਈ ਸੁੱਖ, ਸ਼ਾਂਤੀ ਅਤੇ ਵਿਕਾਸ ਦੇ ਮਾਰਗ ਦੀਆਂ ਔਕੜਾਂ ਨੂੰ ਸਾਫ ਕਰ ਦਿੰਦੇ ਹਨ, ਇਹ ਸਿਧਾਂਤ ਵਿਸ਼ਵ ਸ਼ਾਂਤੀ ਸਥਾਪਿਤ ਕਰ ਸਕਦੇ ਹਨ

**“ਇਕੁਐਲਿਟੀ ਐਂਡ ਜਸਟਿਸ” ਪਟਿਆਲਾ** -ਸਿਧਾਰਥ ਗੌਤਮ ਬੁੱਧ ਦੇ ਦਿੱਤੇ ਇਹ ਬੁਨਿਆਦੀ ਸਿਧਾਂਤ ਸਮੁੱਚੇ ਸੰਸਾਰ ਵਿੱਚ ਸੁੱਖ, ਸਾਂਤੀ ਅਤੇ ਵਿਕਾਸ ਦੇ ਮਾਰਗ ਰਾਹ ਸਾਫ ਕਰ ਦਿੰਦੇ ਹਨ। ਮੁੱਢਲੇ ਪੰਜ 'ਪੰਚਸ਼ੀਲ' ਸਿਧਾਂਤ ਹੇਠਾਂ ਦਿੱਤੇ ਗਏ ਹਨ ਨੂੰ ਅਪਣਾ ਕੇ ਹਰ ਮਨੁੱਖ ਦੇ 'ਮਨ ਦੀ ਸਮਾਧੀ' ਲੱਗ ਜਾਣੀ ਚਾਹੀਦੀ ਹੈ:

1. ਆਹਿੰਸਾ- ਕਿਸੇ ਨੂੰ ਸਰੀਰਕ ਨੁਕਸਾਨ ਨਾਂ ਪਹੁੰਚਾਉਣਾ, ਹਰ ਇਕ ਜੀਵਨ ਦਾ ਸਤਿਕਾਰ ਕਰਨਾ
2. ਚੋਰੀ ਨਹੀਂ ਕਰਨਾ- ਦੂਸਰਿਆਂ ਦੀ ਜਾਇਦਾਦ ਅਧਿਕਾਰ ਦੀ ਕਦਰ ਕਰਨਾ
3. ਵਿਬਚਾਰ ਨਾਂ ਕਰਨਾ- ਕੋਈ ਜਿਨਸੀ ਦੁਰਵਿਹਾਰ ਜਾਂ ਅਪਰਾਧ ਨਾਂ ਕਰਨਾ
4. ਝੂਠ ਨਹੀਂ ਬੋਲਣਾ- ਆਪਣੇ ਆਚਾਰ,ਵਿਚਾਰ, ਵਿਵਹਾਰ ਵਿੱਚ ਇਮਾਨਦਾਰੀ ਬਣੇ ਰਹਿਣਾ
5. ਨਸ਼ਾ ਨਹੀਂ ਕਰਨਾ- ਕੋਈ ਨਸ਼ਾ ਨਹੀਂ ਕਰਨਾ, ਮਨ ਦਾ ਦਸ਼ਾ ਦਿਸ਼ਾ ਵਿਗਾੜ ਦੇ ਸਾਧਨਾਂ ਤੋਂ ਦੂਰੀ, ਮਨ ਸੁੱਧ ਰਖਣਾ ਅਤੇ ਸਾਫ਼ ਮਨ ਦਾ ਸਤਿਕਾਰ ਕਰਨਾ



“ਇਕੁਐਲਿਟੀ ਐਂਡ ਜਸਟਿਸ”

# ਪੰਨੂ ਨੂੰ ਗਾਲ਼ਾਂ ਕੱਢ ਕੇ ਆਪਣੀ ਤਾਕਤ ਵਿਅਰਥ ਨਾ ਗੁਆਓ, ਸਗੋਂ ਅਸਲੀ ਦੁਸ਼ਮਣ ਨੂੰ ਪਹਿਚਾਣੋ!

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com

ਕਰਤਾਰ ਸਿੰਘ-

ਪੰਨੂ ਨੂੰ ਗਾਲ਼ਾਂ ਕੱਢ ਕੇ ਆਪਣੀ ਤਾਕਤ ਵਿਅਰਥ ਨਾ ਗੁਆਓ, ਸਗੋਂ ਅਸਲੀ ਦੁਸ਼ਮਣ ਨੂੰ ਪਹਿਚਾਣੋ! ਅਸਲੀ ਦੁਸ਼ਮਣ ਉਹ ਹੈ, ਜਿਸਦੇ ਹੱਥ ਵਿੱਚ ਪੰਨੂ ਦਾ ਰਿਮੋਟ ਹੈ ਅਤੇ ਉਹ, ਜੋ ਸਿੱਖ ਮਿਸ਼ਨ ਅਤੇ ਅੰਬੇਡਕਰ ਮਿਸ਼ਨ ਨੂੰ ਅਲੱਗ-ਥਲੱਗ ਕਰ ਕੇ, ਦੋਹਾਂ ਨੂੰ ਖ਼ਤਮ ਕਰਨਾ ਚਾਹੁੰਦਾ ਹੈ।

ਪੰਨੂ ਤਾਂ ਨਾ ਸਿੱਖ ਹੈ ਅਤੇ ਨਾ ਹੀ ਖਾਲਸਾ! ਅਸਲ ਵਿੱਚ ਉਹ ਆਰ.ਐੱਸ.ਐੱਸ.ਦਾ ਹੱਥ ਠੋਕਾ ਹੈ ਅਤੇ ਆਰ.ਐੱਸ.ਐੱਸ. ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਭਾਰਤੀ ਸੰਵਿਧਾਨ, ਦੋਹਾਂ ਨਾਲ ਨਫ਼ਰਤ ਕਰਦੀ ਹੈ।

ਦੁਸ਼ਮਣ ਜ਼ਿਆਦਾ ਤਾਕਤਵਰ ਨਹੀਂ ਹੈ, ਪਰ ਉਹ ਸਾਡੇ ਸਮਾਜ ਦੇ ਆਗੂਆਂ ਦੀ ਨਲਾਇਕੀ ਬਾਰੇ ਜਾਣਦਾ ਹੈ, ਜਿਸ ਕਰਕੇ ਉਸਦਾ ਦਿਮਾਗ਼ ਖ਼ਰਾਬ ਹੋਇਆ ਪਿਆ ਹੈ। ਇਸ ਲਈ ਪੰਨੂੰਆਂ ਫੰਨੂੰਆਂ ਨਾਲ ਉਲਝਣ ਦੀ ਬਜਾਏ, ਬਾਬਾ ਸਾਹਿਬ ਅੰਬੇਡਕਰ ਜੀ ਦੇ ਦਿੱਤੇ ਅਧਿਕਾਰਾਂ ਦੀ ਬਦੌਲਤ ਬਣੇ ਮੰਤਰੀਆਂ, ਐੱਮ ਐੱਲ ਏਜ, ਐੱਮ ਪੀਆਂ ਦੀ ਗਿੱਚੀ ਫੜਨ ਦੀ ਲੋੜ ਹੈ, ਜਿਹੜੇ ਮਨੂੰਵਾਦੀ ਤਾਕਤਾਂ ਦੇ ਚਮਚੇ-ਕੜਛੇ ਬਣ ਕੇ ਪੂਛਾਂ ਹਿਲਾਉਂਦੇ ਫਿਰਦੇ ਹਨ। ਸਾਹਿਬ ਸ੍ਰੀ ਕਾਂਸ਼ੀ ਰਾਮ ਜੀ ਦੇ ਸ਼ਬਦਾਂ ਅਨੁਸਾਰ ਇਹਨਾਂ ਦੀ ਚਟਣੀ ਬਣਾ ਦੇਵੋ।

ਮਨੂੰਵਾਦੀਆਂ ਨਾਲ ਨਜਿੱਠਣਾ ਐਨਾ ਔਖਾ ਨਹੀਂ ਹੈ, ਸਭ ਤੋਂ ਪਹਿਲਾਂ ਆਪਣੇ ਵਾਲਿਆਂ ਦੇ ਗਿੱਟਿਆਂ ਨੂੰ ਸੇਕਣਾ ਪਵੇਗਾ। ਜਿੰਨੀ ਦੇਰ ਤੱਕ ਇਹਨਾਂ ਦੀ ਅਕਲ ਟਿਕਾਣੇ ਨਹੀਂ ਆਉਂਦੀ, ਓਨੀ ਦੇਰ ਤੱਕ ਬਾਬਾ ਸਾਹਿਬ ਅੰਬੇਡਕਰ, ਪੈਰੀਆਰ, ਫੂਲੇ, ਸ਼ਾਹੂ ਅਤੇ ਸਾਹਿਬ ਸ੍ਰੀ ਕਾਂਸ਼ੀ ਰਾਮ ਜੀ ਦੇ ਬੁੱਤਾਂ ਉੱਪਰ ਹਮਲੇ ਹੁੰਦੇ ਰਹਿਣਗੇ।

# ਗੁਜਰਾਤ 'ਚ ਹਵਾਈ ਫ਼ੌਜ ਦਾ ਇੱਕ ਜੈਗੁਆਰ ਲੜਾਕੂ ਜਹਾਜ਼ ਹਾਦਸਾਗ੍ਰਸ

## ਇਕ ਟਰੇਨੀ ਪਾਇਲਟ ਦੀ ਮੌਤ, ਦੂਜਾ ਸੁਰੱਖਿਅਤ ਜਹਾਜ਼ 'ਚੋਂ ਨਿਕਲਣ 'ਚ ਕਾਮਯਾਬ ਰਿਹਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com

ਗੁਜਰਾਤ ਦੇ ਜਾਮਨਗਰ ਵਿਚ ਇਕ ਜੈਗੁਆਰ ਲੜਾਕੂ ਜਹਾਜ਼ ਹਾਦਸਾਗ੍ਰਸਤ ਹੋ ਗਿਆ। ਰੱਖਿਆ ਸੂਤਰਾਂ ਨੇ ਦਸਿਆ ਕਿ ਇਹ ਘਟਨਾ ਬੁੱਧਵਾਰ ਰਾਤ ਜਾਮਨਗਰ ਦੇ ਸੁਵਾਰਦਾ ਨੇੜੇ ਵਾਪਰੀ,



ਜਿੱਥੇ ਇੱਕ ਜਹਾਜ਼ ਇੱਕ ਖੇਤ ਵਿੱਚ ਡਿੱਗ ਗਿਆ। ਰਿਪੋਰਟਾਂ ਅਨੁਸਾਰ, ਹਾਦਸੇ 'ਚ ਇਕ ਪਾਇਲਟ ਦੀ ਮੌਤ ਹੋ ਗਈ ਹੈ, ਜਦਕਿ ਦੂਜਾ ਸੁਰੱਖਿਅਤ ਜਹਾਜ਼ 'ਚੋਂ ਨਿਕਲਣ 'ਚ ਕਾਮਯਾਬ ਰਿਹਾ।

ਇਕ ਅਦਾਲਤੀ ਜਾਂਚ ਦਾ ਹੁਕਮ ਦੇ ਦਿਤਾ ਗਿਆ ਹੈ, ਅਤੇ ਹਵਾਈ ਅੱਡੇ ਦੇ ਅਧਿਕਾਰੀ ਘਟਨਾ ਵਾਲੀ ਥਾਂ 'ਤੇ ਪਹੁੰਚ ਗਏ ਹਨ। ਇਹ ਘਟਨਾ ਹਰਿਆਣਾ ਦੇ ਅੰਬਾਲਾ ਜ਼ਿਲ੍ਹੇ 'ਚ ਵੀ ਇਕ ਜੈਗੂਆਰ ਲੜਾਕੂ ਜਹਾਜ਼ ਦੇ ਹਾਦਸਾਗ੍ਰਸਤ ਹੋਣ ਤੋਂ ਇਕ ਮਹੀਨੇ ਬਾਅਦ ਹੋਈ ਹੈ।

# ਬਹੁਜਨ ਸਮਾਜ ਪਾਰਟੀ ਵੱਲੋਂ ਪਿੰਡ ਨੰਗਲ ਹਲਕਾ ਫਿਲੌਰ ਵਿਖੇ ਡਾ: ਅੰਬੇਡਕਰ ਜੀ ਦੇ ਸਨਮਾਨ ਵਿੱਚ ਦਿੱਤੇ ਜਾ ਰਹੇ ਧਰਨੇ ਨੂੰ ਸ.ਅਵਤਾਰ ਸਿੰਘ ਕਰੀਮਪਰੀ ਨੇ ਕੀਤਾ ਸੰਬੋਧਨ।

## ਭਾਜਪਾ, ਕਾਂਗਰਸ, ਅਕਾਲੀ ਦਲ,ਆਮ ਆਦਮੀ ਪਾਰਟੀ ਦੇ ਪੰਜਾਬ ਦੇ ਪ੍ਰਧਾਨਾਂ ਨੇ ਚੁੱਪ ਧਾਰੀ ਹੋਈ ਹੈ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com



ਪਟਿਆਲਾ ਜਗਤਾਰ ਸਿੰਘ ਰੋੜੇਵਾਲ --ਪਿੰਡ ਨੰਗਲ ਹਲਕਾ ਫਿਲੌਰ ਵਿਖੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਬੁੱਤ ਦੀ ਬੇਅਬਦੀ ਹੋਣ ਤੋਂ ਬਾਅਦ ਲਗਾਤਾਰ ਬਹੁਜਨ ਸਮਾਜ ਵਲੋਂ ਧਰਨਾ ਲਾਇਆ ਹੋਇਆ ਹੈ। ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਸਨਮਾਨ ਵਿੱਚ ਲੱਗੇ ਧਰਨੇ ਵਿੱਚ ਸ਼ਾਮਲ ਹੋਣ ਲਈ ਅੱਜ ਬਹੁਜਨ ਸਮਾਜ ਪਾਰਟੀ ਪੰਜਾਬ ਦੇ ਪ੍ਰਧਾਨ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਜੀ ਨੇ ਪਹੁੰਚ ਕੇ ਧਰਨੇ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਦਲਿਤ ਸਮਾਜ ਤੇ ਸਿੱਖਾਂ ਵਿੱਚ ਫੁੱਟ ਪਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਵਿਦੇਸ਼ੀ ਧਰਤੀ ਤੋਂ ਪੰਜਾਬ ਨੂੰ ਫਿਰ ਅੱਗ ਲਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਜਿਸ ਨੂੰ ਬਹੁਜਨ ਸਮਾਜ ਕਦੇ ਪੂਰਾ ਨਹੀਂ ਹੋਣ ਦੇਵੇਗਾ। ਉਨ੍ਹਾਂ ਹੁਕਮਰਾਨਾਂ ਤੇ ਪ੍ਰਸ਼ਾਸਨ ਨੂੰ ਸਲਾਹ ਦਿੱਤੀ ਕਿ ਦੋਸ਼ੀਆਂ ਖਿਲਾਫ ਜਲਦੀ ਕਾਰਵਾਈ ਕੀਤੀ ਜਾਵੇ।ਉਹਨਾਂ ਸੰਬੋਧਨ ਕਰਦਿਆਂ ਕਿਹਾ ਕਿ ਇਸ ਤੋਂ ਪਹਿਲਾਂ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਬਾਬਾ ਸਾਹਿਬ ਦੇ ਬੁੱਤ ਦੀ ਬੇਅਬਦੀ ਹੋਈ ਤੇ ਸੰਗਰੂਰ ਦੇ ਪਿੰਡ ਬਘਰੌਲ ਵਿਖੇ ਬਾਬਾ ਸਾਹਿਬ ਦੇ ਬੁੱਤ ਲਗਾਉਣ ਜ਼ਬਰਦਸਤ ਟਕਰਾ ਹੋਇਆ। ਮੈਂ ਉਸ ਟਾਈਮ ਵੀ ਮੰਗ ਕੀਤੀ ਸੀ ਕਿ ਪੰਜਾਬ ਵਿੱਚ ਜਿੱਥੇ ਵੀ ਬਾਬਾ ਸਾਹਿਬ ਦੇ ਬੁੱਤ ਲੱਗੇ ਹੋਏ ਹਨ ਉਨ੍ਹਾਂ ਦੀ ਸੁਰੱਖਿਆ ਲਈ ਪੰਜਾਬ ਸਰਕਾਰ ਪ੍ਰਬੰਧ ਕਰੇ।ਪਰ ਨਿਕੰਮੀ ਸਰਕਾਰ ਨੇ ਕੋਈ ਕਦਮ ਨਹੀਂ ਚੁੱਕਿਆ। ਭਾਜਪਾ ਦੇ ਅੰਮਿਤ ਸ਼ਾਹ ਵੱਲੋਂ ਬਾਬਾ ਸਾਹਿਬ ਖਿਲਾਫ ਪਾਰਲੀਮੈਂਟ ਵਿੱਚ ਗ਼ਲਤ ਬਿਆਨਬਾਜ਼ੀਆਂ ਕੀਤੀ ਗਈ। ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਸਾਹਿਬ ਦੇ ਬੁੱਤਾਂ ਦੀ ਲਗਾਤਾਰ ਬੇਅਦਬੀ ਹੋ ਰਹੀ ਹੈ ਤੇ ਭਾਜਪਾ, ਕਾਂਗਰਸ, ਅਕਾਲੀ ਦਲ,ਆਮ ਆਦਮੀ ਪਾਰਟੀ ਦੇ ਪੰਜਾਬ ਦੇ ਪ੍ਰਧਾਨਾਂ ਨੇ ਚੁੱਪ ਧਾਰੀ ਹੋਈ ਹੈ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਵੀ ਚੁੱਪ ਹੈ। ਪ੍ਰੰਤੂ ਬਹੁਜਨ ਸਮਾਜ ਪਾਰਟੀ ਬਾਬਾ ਸਾਹਿਬ ਦੇ ਬੁੱਤਾਂ ਦੀ ਬੇਅਬਦੀ ਨਹੀਂ ਹੋਣ ਦੇਵੇਗੀ। ਸਿੱਖ ਧਰਮ ਵਿੱਚ ਦਲਿਤ ਸਮਾਜ ਦੀਆਂ ਬਹੁਤ ਕੁਰਬਾਨੀਆਂ ਹਨ। ਭਾਵੇਂ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਦਿੱਲੀ ਤੋਂ ਸ਼ੀਸ ਲਿਆਉਣ ਦੀ ਗੱਲ ਹੋਵੇ। ਚਾਹੇ ਚਮਕੌਰ ਸਾਹਿਬ ਦੀ ਜੰਗ ਵੇਲੇ ਬਾਬਾ ਸੰਗਤ ਸਿੰਘ ਵਲੋਂ ਗੁਰੂ ਗੋਬਿੰਦ ਸਿੰਘ ਦੀ ਜਗ੍ਹਾ ਆਪਣੇ ਆਪ ਨੂੰ ਕੁਰਬਾਨ ਕੀਤਾ ਹੋਵੇ। ਭਾਰਤ ਵਿੱਚ ਬਾਬਾ ਸਾਹਿਬ ਦੇ ਲਿਖੇ ਸੰਵਿਧਾਨ ਤੋਂ ਪਹਿਲਾਂ ਸਿੱਖਾਂ ਦੇ ਪੰਜਵੇਂ ਗੁਰੂ ਅਰਜਨ ਦੇਵ ਜੀ ਨੂੰ ਤੱਤੀ ਤਵੀ ਤੇ ਬਿਠਾ ਕੇ ਸ਼ਹੀਦ ਕੀਤਾ, ਨੌਵੀਂ ਪਾਤਸ਼ਾਹੀ ਗੁਰੂ ਤੇਗ ਬਹਾਦਰ ਜੀ ਦਿੱਲੀ ਵਿਖੇ ਸ਼ਹੀਦ ਕਰ ਦਿੱਤਾ ਗਿਆ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਛੋਟੇ ਛੋਟੇ ਮਸੂਮ ਨੂੰ ਨੀਹਾਂ ਵਿੱਚ ਚਿਣਵਾ ਦਿੱਤਾ ਗਿਆ। ਸਾਨੂੰ ਇਹ ਗੱਲਾਂ ਨੂੰ ਭੁੱਲਣਾ ਨਹੀਂ ਚਾਹੀਦਾ। ਦਲਿਤਾਂ ਨੇ ਸਿੱਖ ਧਰਮ ਲਈ ਬਹੁਤ ਕੁਰਬਾਨੀਆਂ ਕੀਤੀਆਂ ਹਨ ਪੰਜਾਬ ਸਰਕਾਰ ਹਰ ਫਰੰਟ ਤੇ ਫੇਲ ਹੋ ਚੁੱਕੀ ਹੈ ਭਾਵੇਂ ਔਰਤਾਂ ਨੂੰ ਇੱਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ, ਸਰਕਾਰੀ ਸਕੂਲ ਅਧਿਆਪਕਾਂ ਬਿਨਾਂ ਖਾਲੀ ਨੇ,ਚਾਹੇ ਨਸ਼ਿਆਂ ਨੂੰ ਖਤਮ ਕਰਨ ਦੀ ਗੱਲ ਹੋਵੇ ਤੇ ਨੌਜਵਾਨਾਂ ਲਈ ਨੌਕਰੀਆਂ ਦੀ ਭਰਤੀ ਹੋਵੇ ਸਰਕਾਰ ਨੇ ਕੋਈ ਵਾਅਦਾ ਪੂਰਾ ਨਹੀਂ ਕੀਤਾ। ਬਹੁਜਨ ਸਮਾਜ ਪਾਰਟੀ 14 ਅਪ੍ਰੈਲ ਨੂੰ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਜਨਮ ਦਿਨ ਤੇ ਸਾਰੇ ਪੰਜਾਬ ਵਿੱਚ “ਪੰਜਾਬ ਸੰਭਾਲੋ” ਰੈਲੀਆਂ ਕਰਕੇ ਬਾਬਾ ਸਾਹਿਬ ਅੰਬੇਡਕਰ ਦਾ ਜਨਮ ਦਿਨ ਮਨਾਏਗੀ ਅਤੇ ਜਲੰਧਰ ਜ਼ਿਲ੍ਹੇ ਦਾ ਬਾਬਾ ਸਾਹਿਬ ਦਾ ਜਨਮ ਦਿਨ ਪ੍ਰੋਗਰਾਮ ਵਿਧਾਨ ਸਭਾ ਹਲਕਾ ਫਿਲੌਰ ਦੇ ਪਿੰਡ ਨੰਗਲ ਵਿਖੇ ਡਾਕਟਰ ਅੰਬੇਡਕਰ ਜੀ ਦੇ ਸਨਮਾਨ ਵਿੱਚ, ਬਹੁਜਨ ਸਮਾਜ ਮੈਦਾਨ ਵਿੱਚ, “ਪੰਜਾਬ ਸੰਭਾਲੋ” ਰੈਲੀ ਕਰਕੇ ਮਨਾਏਗੀ। ਸਮੂਹ ਵਰਕਰਾਂ, ਸਮੱਰਥਕਾਂ, ਸੰਗਤਾਂ ਨੂੰ ਵੱਡੀ ਗਿਣਤੀ ਵਿੱਚ ਪਹੁੰਚ ਦਾ ਸੱਦਾ ਦਿੰਦਿਆਂ ਵੱਡੀ ਗਿਣਤੀ ਵਿੱਚ ਧਰਨੇ ਵਿੱਚ ਸ਼ਾਮਲ ਵਰਕਰਾਂ ਤੇ ਨਿਹੰਗ ਸਿੰਘ ਜਥੇਬੰਦੀਆਂ ਅਤੇ ਸੰਤਾਂ ਮਹਾਂਪੁਰਸ਼ਾਂ ਦਾ ਧੰਨਵਾਦ ਕੀਤਾ । ਧਰਨੇ ਵਿੱਚ ਸ਼ਾਮਲ ਹੋਣ ਲਈ ਅਤੇ ਸ੍ਰੀ ਆਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਐਸ ਜੀ ਪੀ ਦੇ ਪ੍ਰਧਾਨ ਅਤੇ ਸਿੱਖ ਸੰਸਥਾਵਾਂ ਦੇ ਸਾਰੇ ਆਗੂਆਂ ਨੂੰ ਵੀ ਡਾਕਟਰ ਅੰਬੇਡਕਰ ਜੀ ਦੇ ਅਪਮਾਨ ਦੇ ਵਿਰੁੱਧ ਅਵਾਜ਼ ਬੁਲੰਦ ਕਰਨ ਦਾ ਸੱਦਾ ਦਿੱਤਾ ਗਿਆ।

# ਸ਼ਹਿਰਾਂ ਦੇ ਨਾਂ ਬਦਲਣ ‘ਤੇ ਮਾਇਆਵਤੀ ਨੇ ਕਿਹਾ- ਭਾਜਪਾ ਘਟੀਆ ਸਿਆਸਤ ਕਰ ਰਹੀ ਹੈ

**ਮਾਇਆਵਤੀ ਨੇ ਸ਼ਹਿਰਾਂ ਅਤੇ ਸੰਸਥਾਵਾਂ ਦੇ ਨਾਮ ਬਦਲਣ ਦੇ ਰੁਝਾਨ ਲਈ ਭਾਜਪਾ ਦੀ ਨਿੰਦਾ ਕੀਤੀ ਅਤੇ ਕਿਹਾ ਕਿ ਇਹ ਆਪਣੀਆਂ ਅਸਫਲਤਾਵਾਂ ਨੂੰ ਲੁਕਾਉਣ ਲਈ ਸੌੜੀ ਸੋਚ ਵਾਲੀ ਰਾਜਨੀਤੀ ਹੈ। ਉਨ੍ਹਾਂ ਨੇ ਬਸਪਾ ਸਰਕਾਰਾਂ ਅਧੀਨ ਚੰਗੇ ਸ਼ਾਸਨ ਅਤੇ ਨਵੀਆਂ ਕਲਿਆਣਕਾਰੀ ਯੋਜਨਾਵਾਂ ‘ਤੇ ਜ਼ੋਰ ਦੇਣ ਦੀ ਸ਼ਲਾਘਾ ਕੀਤੀ।**

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com



ਬਹੁਜਨ ਸਮਾਜ ਪਾਰਟੀ (ਬਸਪਾ) ਦੀ ਕੌਮੀ ਪ੍ਰਧਾਨ ਅਤੇ ਸਾਬਕਾ ਮੁੱਖ ਮੰਤਰੀ ਮਾਇਆਵਤੀ ਨੇ ਅੱਜ ਉੱਤਰ ਪ੍ਰਦੇਸ਼, ਮਹਾਰਾਸ਼ਟਰ ਅਤੇ ਉੱਤਰਾਖੰਡ ਵਿੱਚ ਭਾਜਪਾ ਦੀ ਅਗਵਾਈ ਵਾਲੀਆਂ ਸਰਕਾਰਾਂ ਵੱਲੋਂ ਜ਼ਿਲ੍ਹਿਆਂ, ਸ਼ਹਿਰਾਂ ਅਤੇ ਸੰਸਥਾਵਾਂ ਦੇ ਨਾਮ ਬਦਲਣ ਦੇ ਰੁਝਾਨ ਦੀ ਨਿੰਦਾ ਕੀਤੀ। ਮਾਇਆਵਤੀ ਨੇ ਇਸ ਨੂੰ ਆਪਣੀ ਅਸਫਲਤਾਵਾਂ ਨੂੰ ਲੁਕਾਉਣ ਲਈ ਭਾਜਪਾ ਦੀ “ਸੌੜੀ ਸੋਚ ਵਾਲੀ ਰਾਜਨੀਤੀ” ਕਰਾਰ ਦਿੱਤਾ।

‘ਐਕਸ’ ‘ਤੇ ਇਕ ਪੋਸਟ ਵਿਚ ਬਸਪਾ ਮੁਖੀ ਨੇ ਕਿਹਾ ਕਿ ਉੱਤਰ ਪ੍ਰਦੇਸ਼ ਵਿਚ ਪਿਛਲੀ ਸਪਾ ਸਰਕਾਰ (2012-2017) ਵਾਂਗ ਭਾਜਪਾ ਸਰਕਾਰ ਦਾ ਮਹਾਰਾਸ਼ਟਰ, ਉੱਤਰਾਖੰਡ ਅਤੇ ਰਾਜ ਦੇ ਜ਼ਿਲ੍ਹਿਆਂ, ਸ਼ਹਿਰਾਂ ਅਤੇ ਸੰਸਥਾਵਾਂ ਦੇ ਨਾਮ ਬਦਲਣ ਦਾ ਰੁਝਾਨ ਕਾਨੂੰਨ ਦਾ ਰਾਜ ਨਹੀਂ ਹੈ, ਬਲਕਿ ਨਫ਼ਰਤ ਅਤੇ ਵਿਤਕਰੇ ਦੇ ਅਧਾਰ’ ਤੇ ਆਪਣੀਆਂ ਅਸਫਲਤਾਵਾਂ ਨੂੰ ਲੁਕਾਉਣ ਦੀ ਸੌੜੀ ਰਾਜਨੀਤੀ ਹੈ।

ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ 1995 ਤੋਂ 2012 ਤੱਕ ਅਵਿਭਾਜਿਤ ਉੱਤਰ ਪ੍ਰਦੇਸ਼ ਦੀਆਂ ਚਾਰ ਬਸਪਾ ਸਰਕਾਰਾਂ ਦੌਰਾਨ, ਚੰਗੇ ਸ਼ਾਸਨ ਨੂੰ ਧਿਆਨ ਵਿੱਚ ਰੱਖਦੇ ਹੋਏ ਕਈ ਨਵੀਆਂ ਕਲਿਆਣਕਾਰੀ ਯੋਜਨਾਵਾਂ ਅਤੇ ਜ਼ਿਲ੍ਹਿਆਂ, ਤਹਿਸੀਲਾਂ, ਹਸਪਤਾਲਾਂ, ਯੂਨੀਵਰਸਿਟੀਆਂ ਨੂੰ ਨਵੇਂ ਨਾਮਾਂ ਨਾਲ ਬਣਾਇਆ ਗਿਆ ਸੀ। ਕਿਸੇ ਦਾ ਨਾਮ ਕਦੇ ਨਹੀਂ ਬਦਲਿਆ ਗਿਆ, ਜਿਸ ਤੋਂ ਸਰਕਾਰਾਂ ਨੂੰ ਸਿੱਖਣ ਦੀ ਲੋੜ ਹੈ। ਮਾਇਆਵਤੀ ਦੀ ਇਹ ਟਿੱਪਣੀ ਵੱਖ-ਵੱਖ ਰਾਜਾਂ ਵਿੱਚ ਵੱਖ-ਵੱਖ ਥਾਵਾਂ ਦੇ ਨਾਮ ਬਦਲਣ ਨੂੰ ਲੈ ਕੇ ਚੱਲ ਰਹੀ ਬਹਿਸ ਦੌਰਾਨ ਆਈ ਹੈ। ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੇ ਸੋਮਵਾਰ ਨੂੰ ਹਰਿਦੁਆਰ, ਦੇਹਰਾਦੂਨ, ਨੈਨੀਤਾਲ ਅਤੇ ਊਧਮ ਸਿੰਘ ਨਗਰ ਜ਼ਿਲ੍ਹਿਆਂ ਵਿੱਚ 17 ਥਾਵਾਂ ਦੇ ਨਾਮ ਬਦਲਣ ਦਾ ਐਲਾਨ ਕੀਤਾ।

# ‘ਆਪ’ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਪੰਨੂ ਨੂੰ ਦਿੱਤੀ ਚੁਣੌਤੀ, ਕਿਹਾ- ਜੇਕਰ ਹਿੰਮਤ ਹੈ ਤਾਂ ਉਹ ਖ਼ੁਦ ਆਵੇ ਪੰਜਾਬ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com



ਆਮ ਆਦਮੀ ਪਾਰਟੀ (ਆਪ) ਪੰਜਾਬ ਨੇ ਗੁਰਪਤਵੰਤ ਸਿੰਘ ਪੰਨੂ ਵੱਲੋਂ ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਭਾਰਤ ਰਤਨ ਪੁਰਸਕਾਰ ਜੇਤੂ ਡਾ. ਬੀ.ਆਰ. ਅੰਬੇਡਕਰ ਵਿਰੁੱਧ ਕੀਤੀਆਂ ਗਈਆਂ ਅਪਮਾਨਜਨਕ ਟਿੱਪਣੀਆਂ ਦੀ ਸਖ਼ਤ ਨਿੰਦਾ ਕੀਤੀ ਹੈ।

ਚੰਡੀਗੜ੍ਹ ਵਿਖੇ ‘ਆਪ’ ਪਾਰਟੀ ਦਫ਼ਤਰ ਵਿਖੇ ਇੱਕ ਪ੍ਰੈੱਸ ਕਾਨਫ਼ਰੰਸ ਨੂੰ ਸੰਬੋਧਨ ਕਰਦਿਆਂ, ‘ਆਪ’ ਪੰਜਾਬ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ‘ਆਪ’ ਆਗੂ ਨੀਲ ਗਰਗ ਅਤੇ ਡਾ. ਸੰਨੀ ਆਹਲੂਵਾਲੀਆ ਨਾਲ ਮਿਲ ਕੇ ਪੰਨੂ ‘ਤੇ ਵਰ੍ਹਦਿਆਂ ਉਸ ਨੂੰ “ਦੇਸ਼-ਧ੍ਰੋਹੀ” ਅਤੇ “ਭਗੌੜਾ” ਕਰਾਰ ਦਿੱਤਾ ਜੋ ਵਿਦੇਸ਼ੀ ਧਰਤੀ ਤੋਂ ਭਾਰਤੀਆਂ ਵਿੱਚ ਨਫ਼ਰਤ ਅਤੇ ਵੰਡ ਭੜਕਾਉਣ ਦੀ ਕੋਸ਼ਿਸ਼ ਕਰ ਰਿਹਾ ਹੈ।

ਅਮਨ ਅਰੋੜਾ ਨੇ ਕਿਹਾ, “ਡਾ. ਬੀ.ਆਰ. ਅੰਬੇਡਕਰ ਸਿਰਫ਼ ਦਲਿਤ ਭਾਈਚਾਰੇ ਦਾ ਮਾਣ ਨਹੀਂ ਹਨ, ਸਗੋਂ ਪੂਰੇ ਦੇਸ਼ ਦਾ ਮਾਣ ਹਨ। ਉਹ ਸਾਰੇ ਧਰਮਾਂ ਅਤੇ ਭਾਈਚਾਰਿਆਂ ਦੇ ਪ੍ਰਤੀਕ ਹਨ, ਅਤੇ ਇਹ ਉਨ੍ਹਾਂ ਦੇ ਦ੍ਰਿਸ਼ਟੀਕੋਣ ਕਾਰਨ ਹੈ ਕਿ ਭਾਰਤ ਅੱਜ ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰ ਵਜੋਂ ਜਾਣਿਆ ਜਾਂਦਾ ਹੈ। ਉਨ੍ਹਾਂ ਦੇ ਯੋਗਦਾਨ ਨੇ ਆਮ ਨਾਗਰਿਕਾਂ ਨੂੰ ਪ੍ਰਮੁੱਖ ਅਹੁਦਿਆਂ ‘ਤੇ ਪਹੁੰਚਣ ਅਤੇ ਦੇਸ਼ ਦੀ ਸੇਵਾ ਕਰਨ ਦਾ ਅਧਿਕਾਰ ਦਿੱਤਾ ਹੈ।”

ਪੰਨੂ ਦੇ ਫੁੱਟ ਪਾਊ ਏਜੰਡੇ ਦੀ ਨਿੰਦਾ ਕਰਦੇ ਹੋਏ ਅਰੋੜਾ ਨੇ ਅੱਗੇ ਕਿਹਾ ਕਿ ਦੇਸ਼ ਤੋਂ ਦੂਰ ਬੈਠੇ ਲੋਕਾਂ ਨੂੰ ਲੋਕਾਂ ਵਿੱਚ ਨਫ਼ਰਤ ਫੈਲਾਉਣ ਦਾ ਕੋਈ ਹੱਕ ਨਹੀਂ ਹੈ। ਉਨ੍ਹਾਂ ਪੰਨੂ ਦੇ ਪਖੰਡ ਦੀ ਆਲੋਚਨਾ ਕਰਦਿਆਂ ਕਿਹਾ, “ਪੰਨੂ ਸਿੱਖਾਂ ਲਈ ਨਿਆਂ ਦੀ ਗੱਲ ਕਰਦਾ ਹੈ, ਪਰ ਉਹ ਖ਼ੁਦ ਸਿੱਖ ਧਰਮ ਦਾ ਸਤਿਕਾਰ ਨਹੀਂ ਕਰਦਾ।”

ਅਰੋੜਾ ਨੇ ਸਿੱਖ ਧਰਮ ਦੀਆਂ ਵਿਸ਼ਵ-ਵਿਆਪੀ ਕਦਰਾਂ-ਕੀਮਤਾਂ ਨੂੰ ਉਜਾਗਰ ਕਰਦਿਆਂ ਕਿਹਾ, “ਸਿੱਖ ਧਰਮ ਇੱਕ ਮਹਾਨ ਧਰਮ ਹੈ ਜੋ ਸਮਾਨਤਾ ਨੂੰ ਕਾਇਮ ਰੱਖਦਾ ਹੈ ਅਤੇ ਜਾਤ ਅਤੇ ਧਰਮ ਦੀ ਪ੍ਰਵਾਹ ਕੀਤੇ ਬਿਨਾਂ ਸਾਰੇ ਭਾਈਚਾਰਿਆਂ ਦੀ ਭਲਾਈ ਦਾ ਪ੍ਰਚਾਰ ਕਰਦਾ ਹੈ। ਪਰੰਤੂ ਪੰਨੂ ਸਮਾਜ ਵਿੱਚ ਵੰਡ ਪਾਉਣ ਲਈ ਸਿੱਖ ਧਰਮ ਦੇ ਨਾਮ ਦੀ ਵਰਤੋਂ ਕਰ ਰਿਹਾ ਹੈ।”

ਪੰਨੂ ਵੱਲੋਂ 14 ਅਪ੍ਰੈਲ ਨੂੰ ਅੰਬੇਡਕਰ ਦੇ ਬੁੱਤਾਂ ਨੂੰ ਢਹਿ-ਢੇਰੀ ਕਰਨ ਦੇ ਕਥਿਤ ਸੱਦੇ ‘ਤੇ ਸਖ਼ਤ ਇਤਰਾਜ਼ ਜਤਾਉਂਦੇ ਹੋਏ, ਅਮਨ ਅਰੋੜਾ ਨੇ ਉਸ ਨੂੰ ਇੱਕ ਖੁੱਲ੍ਹੀ ਚੁਣੌਤੀ ਦਿੱਤੀ।ਅਰੋੜਾ ਨੇ ਐਲਾਨ ਕੀਤਾ “ਉਸ ਨੇ (ਪੰਨੂ) 14 ਅਪ੍ਰੈਲ ਨੂੰ ਅੰਬੇਡਕਰ ਦੇ ਬੁੱਤਾਂ ਨੂੰ ਢਾਹੁਣ ਦਾ ਸੱਦਾ ਦਿੱਤਾ ਹੈ। ਮੈਂ ਉਸ ਨੂੰ ਚੁਣੌਤੀ ਦਿੰਦਾ ਹਾਂ – ਜੇਕਰ ਤੇਰੇ ਵਿੱਚ ਹਿੰਮਤ ਹੈ, ਤਾਂ ਖ਼ੁਦ ਇੱਥੇ ਆ। ਉਸ ਦਿਨ, ਹਜ਼ਾਰਾਂ ‘ਆਪ’ ਵਰਕਰ ਪੰਜਾਬ ਭਰ ਵਿੱਚ ਹਰ ਅੰਬੇਡਕਰ ਦੇ ਬੁੱਤ ‘ਤੇ ਝੰਡੇ ਅਤੇ ਡੰਡੇ ਲੈ ਕੇ ਪਹਿਰਾ ਦੇਣਗੇ, ਜੋ ਉਨ੍ਹਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਗੇ ਅਤੇ ਬਾਬਾ ਸਾਹਿਬ ਅੰਬੇਡਕਰ ਨੂੰ ਸ਼ਰਧਾਂਜਲੀ ਦੇਣਗੇ,”।

ਉਨ੍ਹਾਂ ਐਲਾਨ ਕੀਤਾ ਕਿ ‘ਆਪ’ ਦੇ ਐਸਸੀ ਵਿੰਗ ਦੇ ਵਲੰਟੀਅਰ ਅਤੇ ਪਾਰਟੀ ਵਰਕਰ ਅਜਿਹੇ ਨਫ਼ਰਤ ਭਰੇ ਅਨਸਰਾਂ ਨੂੰ ਢੁਕਵਾਂ ਜਵਾਬ ਦੇਣਗੇ। ਉਨ੍ਹਾਂ ਦੁਹਰਾਇਆ, “ਪੰਨੂ ਨਫ਼ਰਤ ਬੀਜਣ ਦੀ ਕੋਸ਼ਿਸ਼ ਕਰ ਰਿਹਾ ਹੈ, ਪਰ ਪੰਜਾਬ ਇਕ ਹੈ ਅਤੇ ਇੱਥੇ ਸਿਰਫ਼ ਤਰੱਕੀ ਹੀ ਅੱਗੇ ਵਧੇਗੀ।”

# ਯੁੱਧ ਨਸ਼ਿਆਂ ਵਿਰੁੱਧ’ – ਮੁੱਖ ਮੰਤਰੀ ਭਗਵੰਤ ਮਾਨ ਨੇ ਲੁਧਿਆਣਾ ‘ਚ ਹਜ਼ਾਰਾਂ ਬੱਚਿਆਂ ਨੂੰ ਚੁਕਾਈ ਨਸ਼ਾ ਨਾ ਕਰਨ ਦੀ ਸਹੁੰ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com




ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਆਮ ਆਦਮੀ ਪਾਰਟੀ (ਆਪ) ਸਰਕਾਰ ਦੀ ‘ਯੁੱਧ ਨਸ਼ਿਆਂ ਵਿਰੁੱਧ’ (ਨਸ਼ਿਆਂ ਵਿਰੁੱਧ ਜੰਗ) ਮੁਹਿੰਮ ਦੇ ਤਹਿਤ ਲੁਧਿਆਣਾ ਵਿੱਚ ਇੱਕ ਵਿਸ਼ਾਲ ਸਹੁੰ ਚੁੱਕ ਸਮਾਗਮ ਦੀ ਅਗਵਾਈ ਕੀਤੀ। ਇਸ ਸਮਾਗਮ ਵਿੱਚ ਹਜ਼ਾਰਾਂ ਐਨ.ਸੀ.ਸੀ., ਐਨ.ਐਸ.ਐਸ. ਅਤੇ ਸਕੂਲੀ ਵਿਦਿਆਰਥੀਆਂ ਦੀ ਉਤਸ਼ਾਹੀ ਸ਼ਮੂਲੀਅਤ ਦੇਖਣ ਨੂੰ ਮਿਲੀ, ਜੋ ਕਿ ਨਸ਼ਿਆਂ ਦੀ ਦੁਰਵਰਤੋਂ ਨੂੰ ਖ਼ਤਮ ਕਰਨ ਪ੍ਰਤੀ ਪੰਜਾਬ ਦੇ ਨੌਜਵਾਨਾਂ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।

ਮੁੱਖ ਮੰਤਰੀ ਭਗਵੰਤ ਮਾਨ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਪੰਜਾਬ ਵਿੱਚ ਨਸ਼ਿਆਂ ਦੇ ਖ਼ਤਰੇ ‘ਤੇ ਆਪਣੀ ਡੂੰਘੀ ਚਿੰਤਾ ਪ੍ਰਗਟ ਕੀਤੀ ਅਤੇ ਜ਼ੋਰ ਦੇ ਕੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਪੁਲਿਸ ਦੀ ਜ਼ਿੰਮੇਵਾਰੀ ਨਹੀਂ ਹੈ, ਸਗੋਂ ਇੱਕ ਸਮੂਹਿਕ ਲੜਾਈ ਹੈ ਜਿਸ ਲਈ ਇੱਕ ਜਨ ਅੰਦੋਲਨ ਦੀ ਲੋੜ ਹੈ। ਉਨ੍ਹਾਂ ਨੇ ਮੁਹਿੰਮ ਵਿੱਚ ਪੰਜਾਬ ਦੇ ਨੌਜਵਾਨਾਂ ਦੀ ਭਾਗੀਦਾਰੀ ਅਤੇ ਪਿੰਡਾਂ ਦੀਆਂ ਪੰਚਾਇਤਾਂ ਦੀ ਸ਼ਲਾਘਾ ਕੀਤੀ ਕਿ ਉਹ ਆਪਣੇ ਪਿੰਡਾਂ ਨੂੰ ਨਸ਼ਾ ਮੁਕਤ ਬਣਾਉਣ ਲਈ ਸਰਗਰਮੀ ਨਾਲ ਮਤੇ ਪਾਸ ਕਰ ਰਹੇ ਹਨ।

ਐਨਸੀਸੀ ਕੈਡਿਟਾਂ, ਐਨਐਸਐਸ ਵਲੰਟੀਅਰਾਂ, ਸਕੂਲ ਅਤੇ ਕਾਲਜ ਦੇ ਵਿਦਿਆਰਥੀਆਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੇ ਨਾਲ ਸਹੁੰ ਚੁੱਕ-“ਮੈਂ ਪੰਜਾਬ ਦੀ ਪਵਿੱਤਰ ਧਰਤੀ ਦਾ ਸੱਚਾ ਪੁੱਤ ਹਾਂ। ਅੱਜ, ਮੈਂ ਪੰਜਾਬ ਦੀ ਧਰਤੀ ਦੀ ਸਹੁੰ ਖਾਂਦਾ ਹਾਂ, ਕਿ ਮੈਂ ਖ਼ੁਦ ਕਦੇ ਵੀ ਨਸ਼ੇ ਦਾ ਸੇਵਨ ਨਹੀਂ ਕਰਾਂਗਾ, ਮੈਂ ਆਪਣੇ ਦੋਸਤਾਂ, ਪਰਿਵਾਰ ਅਤੇ ਸਮਾਜ ਨੂੰ ਨਸ਼ਿਆਂ ਤੋਂ ਦੂਰ ਰੱਖਣ ਦੀ ਪੂਰੀ ਕੋਸ਼ਿਸ਼ ਕਰਾਂਗਾ। ਜਿੱਥੇ ਵੀ ਮੈਂ ਕਿਸੇ ਨੂੰ ਨਸ਼ੇ ਵੇਚਦਾ ਦੇਖਾਂਗਾ, ਮੈਂ ਇਸ ਵਿਰੁੱਧ ਆਪਣੀ ਆਵਾਜ਼ ਬੁਲੰਦ ਕਰਾਂਗਾ। ਮੈਂ ਡਰਾਂਗਾ ਨਹੀਂ। ਕਿਉਂਕਿ ਇਸ ਲੜਾਈ ਵਿੱਚ, ਪਰਮਾਤਮਾ ਮੇਰੇ ਨਾਲ ਹੈ। ਮੈਂ ਸਿੱਖਿਆ ਨੂੰ ਚੁਣਾਂਗਾ, ਨਸ਼ੇ ਨੂੰ ਨਹੀਂ, ਮੈਂ ਤਰੱਕੀ ਨੂੰ ਚੁਣਾਂਗਾ, ਵਿਨਾਸ਼ ਨੂੰ ਨਹੀਂ ਅਤੇ ਮੈਂ ਇਨਕਲਾਬ ਨੂੰ ਚੁਣਾਂਗਾ, ਚੁੱਪ ਨੂੰ ਨਹੀਂ। ਮੈਂ ਵਾਅਦਾ ਕਰਦਾ ਹਾਂ ਕਿ ਮੈਂ ਉਦੋਂ ਤੱਕ ਚੁੱਪ ਨਹੀਂ ਬੈਠਾਂਗਾ ਜਦੋਂ ਤੱਕ ਪੰਜਾਬ ਨਸ਼ਿਆਂ ਤੋਂ ਮੁਕਤ ਨਹੀਂ ਹੋ ਜਾਂਦਾ।”

ਮੁੱਖ ਮੰਤਰੀ ਮਾਨ ਨੇ ‘ਆਪ’ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਪਰਿਵਰਤਨਸ਼ੀਲ ਸ਼ਾਸਨ ਮਾਡਲ ਨੂੰ ਉਜਾਗਰ ਕੀਤਾ, ਜਿਨ੍ਹਾਂ ਨੇ ਇੱਕ ਦਹਾਕੇ ਤੱਕ ਰਾਸ਼ਟਰੀ ਰਾਜਧਾਨੀ ‘ਤੇ ਸਫਲਤਾਪੂਰਵਕ ਰਾਜ ਕੀਤਾ, ਵੱਖ-ਵੱਖ ਸਮਾਜਿਕ ਮੁੱਦਿਆਂ ਨੂੰ ਖ਼ਤਮ ਕੀਤਾ। ਉਨ੍ਹਾਂ ਨੇ ‘ਆਪ’ ਦੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਦੀ ਦਿੱਲੀ ਦੀ ਸਿੱਖਿਆ ਪ੍ਰਣਾਲੀ ਵਿੱਚ ਕ੍ਰਾਂਤੀ ਲਿਆਉਣ, ਸਰਕਾਰੀ ਸਕੂਲਾਂ ਨੂੰ ਗਲੋਬਲ ਮਾਪਦੰਡਾਂ ਵਿੱਚ ਬਦਲਣ, ਅਤੇ ਸਾਬਕਾ ਸਿਹਤ ਮੰਤਰੀ ਸਤੇਂਦਰ ਜੈਨ ਦੀ ਮੁਹੱਲਾ ਕਲੀਨਿਕ ਸੰਕਲਪ ਦੀ ਅਗਵਾਈ ਕਰਨ ਲਈ ਪ੍ਰਸ਼ੰਸਾ ਕੀਤੀ, ਜਿਸ ਨੂੰ ਹੁਣ ਅੰਤਰਰਾਸ਼ਟਰੀ ਪੱਧਰ ‘ਤੇ ਮਾਨਤਾ ਪ੍ਰਾਪਤ ਮਿਲੀ ਹੈ। ਮਾਨ ਨੇ ਰਾਜ ਸਭਾ ਮੈਂਬਰ ਸੰਜੀਵ ਅਰੋੜਾ ਦਾ ਵੀ ਧੰਨਵਾਦ ਕੀਤਾ ਕਿ ਉਨ੍ਹਾਂ ਨੇ ਆਪਣਾ ਪੂਰਾ ਸੰਸਦ ਫ਼ੰਡ ਲੁਧਿਆਣਾ ਦੇ ਹਸਪਤਾਲਾਂ ਅਤੇ ਸਕੂਲਾਂ ਦੀ ਭਲਾਈ ਲਈ ਵਰਤਿਆ।

ਮੁੱਖ ਮੰਤਰੀ ਮਾਨ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਨੂੰ ਲੋਕ ਲਹਿਰ ਬਣਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ, “ਹਰ ਰੋਜ਼, ਪਿੰਡਾਂ ਦੀਆਂ ਪੰਚਾਇਤਾਂ ਮਤੇ ਪਾਸ ਕਰ ਰਹੀਆਂ ਹਨ, ਆਪਣੇ ਪਿੰਡਾਂ ਨੂੰ ਨਸ਼ਾ ਮੁਕਤ ਰੱਖਣ ਲਈ ਵਚਨਬੱਧ ਹਨ। ਜੇਕਰ ਕੋਈ ਨਸ਼ਾ ਤਸਕਰ ਦਾਖਲ ਹੁੰਦਾ ਹੈ, ਤਾਂ ਪਿੰਡ ਵਾਸੀ ਉਨ੍ਹਾਂ ਦੀ ਪੁਲਿਸ ਨੂੰ ਰਿਪੋਰਟ ਕਰਨ ਦਾ ਵਾਅਦਾ ਕਰ ਰਹੇ ਹਨ।”

ਉਨ੍ਹਾਂ ਨੇ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਮਰਪਿਤ ਵਟਸਐਪ ਹੈਲਪਲਾਈਨ ਨੰਬਰ 9779100200 ‘ਤੇ ਨਸ਼ਿਆਂ ਨਾਲ ਸਬੰਧਿਤ ਕੋਈ ਵੀ ਜਾਣਕਾਰੀ ਸਾਂਝੀ ਕਰਕੇ ਇਸ ਮਿਸ਼ਨ ਦਾ ਸਮਰਥਨ ਕਰਨ। ਉਨ੍ਹਾਂ ਭਰੋਸਾ ਦਿਵਾਇਆ ਕਿ ਸੂਚਨਾ ਦੇਣ ਵਾਲਿਆਂ ਦੀ ਪਛਾਣ ਗੁਪਤ ਰੱਖੀ ਜਾਵੇਗੀ।

ਸਰਕਾਰ ਦੇ ਸੰਕਲਪ ਨੂੰ ਦੁਹਰਾਉਂਦੇ ਹੋਏ, ਮੁੱਖ ਮੰਤਰੀ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਉਨ੍ਹਾਂ ਦਾ ਪ੍ਰਸ਼ਾਸਨ ਨਸ਼ਾ ਤਸਕਰਾਂ ਨੂੰ ਵਧਣ-ਫੁੱਲਣ ਨਹੀਂ ਦੇਵੇਗਾ। ਉਨ੍ਹਾਂ ਨੇ ਨਸ਼ਿਆਂ ਰਾਹੀਂ ਪਰਿਵਾਰਾਂ ਨੂੰ ਤਬਾਹ ਕਰਕੇ ਦੌਲਤ ਇਕੱਠੀ ਕਰਨ ਵਾਲਿਆਂ ਨੂੰ ਚੇਤਾਵਨੀ ਦਿੱਤੀ ਕਿ ਉਨ੍ਹਾਂ ਦੀਆਂ ਗੈਰ-ਕਾਨੂੰਨੀ ਤੌਰ ‘ਤੇ ਪ੍ਰਾਪਤ ਕੀਤੀਆਂ ਜਾਇਦਾਦਾਂ ‘ਤੇ ਬੁਲਡੋਜ਼ਰ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਅੱਗੇ ਕਿਹਾ “ਹਰ ਰੋਜ਼, ਨਸ਼ਿਆਂ ਦੇ ਪੈਸੇ ਨਾਲ ਬਣੀਆਂ ਹਵੇਲੀਆਂ ‘ਤੇ ਬੁਲਡੋਜ਼ਰ ਚੱਲ ਰਹੇ ਹਨ। ਕੱਲ੍ਹ ਹੀ, ਮੁਕਤਸਰ ਵਿੱਚ ਅਜਿਹੀ ਜਾਇਦਾਦਾਂ ਨੂੰ ਬੁਲਡੋਜ਼ਰ ਰਾਹੀਂ ਢਾਹ ਦਿੱਤਾ ਗਿਆ,”।

ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਨਸ਼ੇ ਦੀ ਸਮੱਸਿਆ ਕਿਸੇ ਵੀ ਪਰਿਵਾਰ ਨੂੰ ਪ੍ਰਭਾਵਿਤ ਕਰ ਸਕਦੀ ਹੈ। ਉਨ੍ਹਾਂ ਨੇ ਇਸ ਖ਼ਤਰੇ ਨੂੰ ਹੋਰ ਫੈਲਣ ਤੋਂ ਪਹਿਲਾਂ ਖ਼ਤਮ ਕਰਨ ਦੀ ਸਮੂਹਿਕ ਜ਼ਿੰਮੇਵਾਰੀ ‘ਤੇ ਜ਼ੋਰ ਦਿੱਤਾ। ਮੁੱਖ ਮੰਤਰੀ ਮਾਨ ਨੇ ਸਵੀਕਾਰ ਕੀਤਾ ਕਿ ਸਿਰਫ਼ ਨਸ਼ੇ ਦੀ ਸਪਲਾਈ ਚੇਨਾਂ ਨੂੰ ਹੀ ਨੱਥ ਪਾਉਣਾ ਕਾਫ਼ੀ ਨਹੀਂ ਹੈ, ਨਸ਼ੇੜੀ ਨੌਜਵਾਨਾਂ ਦੇ ਮੁੜ ਵਸੇਬੇ ਲਈ ਇੱਕ ਵਿਆਪਕ ਯੋਜਨਾ ਦੀ ਵੀ ਲੋੜ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਇੱਕ ਸੰਪੂਰਨ ਯੋਜਨਾ ਲੈ ਕੇ ਆਈ ਹੈ ਅਤੇ ਪਹਿਲਾਂ ਤੋਂ ਹੀ ਤਿਆਰ ਹੈ। ਉਨ੍ਹਾਂ ਕਿਹਾ “ਅਸੀਂ ਜਾਣਦੇ ਸੀ ਕਿ ਜਦੋਂ ਸਪਲਾਈ ਚੇਨ ‘ਚ ਵਿਘਨ ਪਵੇਗਾ, ਤਾਂ ਪਹਿਲਾਂ ਤੋਂ ਨਸ਼ੇ ਦੇ ਆਦੀ ਲੋਕਾਂ ਨੂੰ ਹੀ ਇਸ ਦਾ ਨੁਕਸਾਨ ਹੋਵੇਗਾ। ਇਸ ਲਈ ਸਾਡੇ ਕੋਲ ਚੰਗੀ ਤਰ੍ਹਾਂ ਨਾਲ ਲੈਸ ਪੁਨਰਵਾਸ ਕੇਂਦਰ, ਲੋੜੀਂਦੀਆਂ ਡਾਕਟਰੀ ਸਹੂਲਤਾਂ, ਸਿੱਖਿਆ ਦੇ ਮੌਕੇ ਅਤੇ ਰੁਜ਼ਗਾਰ ਦੇ ਵਿਕਲਪ ਹਨ ਤਾਂ ਜੋ ਉਨ੍ਹਾਂ ਨੂੰ ਮੁੜ ਨਸ਼ੇ ਦੀ ਲਤ ਵਿੱਚ ਫਸਣ ਤੋਂ ਰੋਕਿਆ ਜਾ ਸਕੇ”।

ਉਨ੍ਹਾਂ ਭਰੋਸਾ ਦਿੱਤਾ ਕਿ ਉਨ੍ਹਾਂ ਦੀ ਸਰਕਾਰ ਨਸ਼ੇ ਵਿੱਚ ਫਸੇ ਲੋਕਾਂ ਨੂੰ ਸਮਾਜ ਵਿੱਚ ਦੁਬਾਰਾ ਸ਼ਾਮਲ ਕਰਨ ਲਈ ਜ਼ਰੂਰੀ ਡਾਕਟਰੀ ਇਲਾਜ, ਸਿੱਖਿਆ ਅਤੇ ਨੌਕਰੀ ਦੇ ਮੌਕੇ ਪ੍ਰਦਾਨ ਕਰਕੇ ਉਨ੍ਹਾਂ ਦੇ ਮੁੜ ਵਸੇਬੇ ਲਈ ਇੱਕ ਢਾਂਚਾਗਤ ਯੋਜਨਾ ‘ਤੇ ਕੰਮ ਕਰ ਰਹੀ ਹੈ।

ਅਜ਼ਾਦੀ ਘੁਲਾਟੀਆਂ ਦੀ ਕੁਰਬਾਨੀ ਦਾ ਜ਼ਿਕਰ ਕਰਦਿਆਂ ਸੀਐਮ ਮਾਨ ਨੇ ਸ਼ਹੀਦ ਰਾਜਗੁਰੂ ਦੇ ਹਵਾਲੇ ਨਾਲ ਕਿਹਾ, ‘ਅਸੀਂ ਸ਼ਾਂਤੀ ਨਾਲ ਰਹਿ ਸਕਦੇ ਸੀ, ਸਾਡੇ ਮਾਤਾ-ਪਿਤਾ ਨੇ ਵੀ ਸੰਘਰਸ਼ ਕਰਕੇ ਸਾਨੂੰ ਪਾਲਿਆ, ਪਰ ਅਸੀਂ ਇਨਕਲਾਬ ਦਾ ਰਾਹ ਚੁਣਿਆ।’ ਉਨ੍ਹਾਂ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕੁਰਬਾਨੀ ਦੀ ਭਾਵਨਾ ਅਪਣਾਉਣ ਅਤੇ ਸਮਾਜ ਦੀ ਬਿਹਤਰੀ ਲਈ ਆਪਣੀ ਆਵਾਜ਼ ਬੁਲੰਦ ਕਰਨ। ਆਈਆਈਟੀ ਗ੍ਰੈਜੂਏਟ ਅਤੇ ਸਾਬਕਾ ਆਈਆਰਐਸ ਅਧਿਕਾਰੀ ਅਰਵਿੰਦ ਕੇਜਰੀਵਾਲ, ਜਿਨ੍ਹਾਂ ਨੇ ਦੇਸ਼ ਦੀ ਸੇਵਾ ਕਰਨ ਲਈ ਇੱਕ ਆਈਆਰਐਸ ਦੀ ਨੌਕਰੀ ਛੱਡ ਦਿੱਤੀ, ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਸੱਚੀ ਤਬਦੀਲੀ ਕੁਰਬਾਨੀ ਦੀ ਮੰਗ ਕਰਦੀ ਹੈ।

ਮੁੱਖ ਮੰਤਰੀ ਮਾਨ ਨੇ ਐਲਾਨ ਕੀਤਾ ਕਿ ਨਸ਼ਾ ਮੁਕਤ ਸਹੁੰ ਮੁਹਿੰਮ ਦਾ ਵਿਸਥਾਰ ਪੰਜਾਬ ਭਰ ਵਿੱਚ ਕੀਤਾ ਜਾਵੇਗਾ, ਜਿਸ ਵਿੱਚ ਸਕੂਲਾਂ, ਕਾਲਜਾਂ, ਐਨ.ਸੀ.ਸੀ. ਅਤੇ ਐਨ.ਐਸ.ਐਸ. ਯੂਨਿਟਾਂ ਦੇ ਵਿਦਿਆਰਥੀ ਸਰਗਰਮ ਭੂਮਿਕਾ ਨਿਭਾਉਣਗੇ। ਉਨ੍ਹਾਂ ਕਿਹਾ, “ਹੌਲੀ ਹੌਲੀ ਪਰ ਯਕੀਨੀ ਤੌਰ ‘ਤੇ, ਪੰਜਾਬ ਦਾ ਹਰ ਨੌਜਵਾਨ ਨਸ਼ਿਆਂ ਵਿਰੁੱਧ ਸਹੁੰ ਚੁੱਕੇਗਾ, ਜਿਸ ਨਾਲ ਇਹ ਇੱਕ ਸਮੂਹਿਕ ਲਹਿਰ ਬਣੇਗੀ।”

ਉਨ੍ਹਾਂ ਨਸ਼ਿਆਂ ਵਿਰੁੱਧ ਲੜਾਈ ਵਿੱਚ ਪੰਜਾਬ ਪੁਲਿਸ ਦੇ ਸਮਰਪਣ ਅਤੇ ਅਣਥੱਕ ਯਤਨਾਂ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ “ਇਹ ਇੱਕ ਲੰਬੀ ਲੜਾਈ ਹੈ, ਪਰ ਅਸੀਂ ਉਦੋਂ ਤੱਕ ਨਹੀਂ ਰੁਕਾਂਗੇ ਜਦੋਂ ਤੱਕ ਪੰਜਾਬ ਪੂਰੀ ਤਰ੍ਹਾਂ ਨਸ਼ਿਆਂ ਤੋਂ ਮੁਕਤ ਨਹੀਂ ਹੋ ਜਾਂਦਾ।

# ਭਾਰਤੀ ਸਮੁੰਦਰੀ ਫ਼ੌਜ ਨੇ 2500 ਕਿਲੋ ਨਸ਼ੀਲੇ ਪਦਾਰਥ ਕੀਤੇ ਬਰਾਮਦ

## ਸ਼ੱਕੀ ਜਹਾਜ਼ 'ਤੇ ਸਵਾਰ ਹੋਈ ਅਤੇ ਪੂਰੀ ਤਲਾਸ਼ੀ ਲਈ, ਜਿਸ ਤੋਂ ਵੱਖ-ਵੱਖ ਸੀਲਬੰਦ ਪੈਕੇਟ ਬਰਾਮਦ ਹੋਏ।

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪਰੈਲ
INTERNATIONAL PAPER, 9463601616
hardipchumber57@gmail.com



ਨਵੀਂ ਦਿੱਲੀ : ਭਾਰਤੀ ਸਮੁੰਦਰੀ ਫ਼ੌਜ ਦੇ ਫਰੰਟਲਾਈਨ ਫ੍ਰੀਗੇਟ ਆਈ.ਐਨ.ਐਸ. ਤਰਕਸ਼ ਨੇ ਪਛਮੀ ਹਿੰਦ ਮਹਾਸਾਗਰ 'ਚ 2,500 ਕਿਲੋਗ੍ਰਾਮ ਤੋਂ ਜ਼ਿਆਦਾ ਨਸ਼ੀਲੇ ਪਦਾਰਥ ਜ਼ਬਤ ਕੀਤੇ ਹਨ। ਅਧਿਕਾਰੀਆਂ ਨੇ ਦਸਿਆ ਕਿ ਸਮੁੰਦਰੀ ਫ਼ੌਜ ਨੂੰ 31 ਮਾਰਚ ਨੂੰ ਕੁੱਝ ਜਹਾਜ਼ਾਂ ਦੀਆਂ ਸ਼ੱਕੀ ਗਤੀਵਿਧੀਆਂ ਬਾਰੇ ਜਾਣਕਾਰੀ ਮਿਲਣ ਤੋਂ ਬਾਅਦ ਨਸ਼ੀਲੇ ਪਦਾਰਥਾਂ ਨੂੰ ਜ਼ਬਤ ਕਰਨ ਲਈ ਮੁਹਿੰਮ ਸ਼ੁਰੂ ਕੀਤੀ ਗਈ ਸੀ।

ਸਮੁੰਦਰੀ ਫ਼ੌਜ ਦੇ ਇਕ ਬੁਲਾਰੇ ਨੇ ਦਸਿਆ ਕਿ ਆਸ-ਪਾਸ ਦੇ ਸਾਰੇ ਸ਼ੱਕੀ ਜਹਾਜ਼ਾਂ ਤੋਂ ਯੋਜਨਾਬੱਧ ਤਰੀਕੇ ਨਾਲ ਪੁੱਛ-ਪੜਤਾਲ ਕਰਨ ਤੋਂ ਬਾਅਦ ਆਈ.ਐਨ.ਐਸ. ਤਰਕਸ਼ ਨੇ ਪੀ8ਆਈ ਸਮੁੰਦਰੀ ਨਿਗਰਾਨੀ ਜਹਾਜ਼ ਅਤੇ ਮੁੰਬਈ ਦੇ ਮੈਰੀਟਾਈਮ ਆਪਰੇਸ਼ਨ ਸੈਂਟਰ ਨਾਲ ਤਾਲਮੇਲ ਦੇ ਯਤਨਾਂ ਸਦਕਾ ਇਕ ਸ਼ੱਕੀ ਜਹਾਜ਼ ਨੂੰ ਰੋਕਿਆ ਅਤੇ ਉਸ ਵਿਚ ਸਵਾਰ ਹੋ ਗਿਆ।

ਇਸ ਤੋਂ ਇਲਾਵਾ ਜਹਾਜ਼ ਨੇ ਸ਼ੱਕੀ ਜਹਾਜ਼ ਦੀਆਂ ਗਤੀਵਿਧੀਆਂ 'ਤੇ ਨਜ਼ਰ ਰੱਖਣ ਅਤੇ ਖੇਤਰ ਵਿਚ ਕੰਮ ਕਰ ਰਹੇ ਹੋਰ ਜਹਾਜ਼ਾਂ ਦੀ ਪਛਾਣ ਕਰਨ ਲਈ ਅਪਣਾ ਹੈਲੀਕਾਪਟਰ ਭੇਜਿਆ। ਅਧਿਕਾਰੀ ਨੇ ਦਸਿਆ ਕਿ ਸਮੁੰਦਰੀ ਕਮਾਂਡੋਜ਼ ਦੇ ਨਾਲ ਇਕ ਮਾਹਰ ਬੋਰਡਿੰਗ ਟੀਮ ਸ਼ੱਕੀ ਜਹਾਜ਼ 'ਤੇ ਸਵਾਰ ਹੋਈ ਅਤੇ ਪੂਰੀ ਤਲਾਸ਼ੀ ਲਈ, ਜਿਸ ਤੋਂ ਵੱਖ-ਵੱਖ ਸੀਲਬੰਦ ਪੈਕੇਟ ਬਰਾਮਦ ਹੋਏ।

ਉਨ੍ਹਾਂ ਦਸਿਆ ਕਿ ਹੋਰ ਤਲਾਸ਼ੀ ਅਤੇ ਪੁੱਛ-ਪੜਤਾਲ ਤੋਂ ਪਤਾ ਲੱਗਿਆ ਕਿ ਜਹਾਜ਼ 'ਤੇ ਵੱਖ-ਵੱਖ ਕਾਰਗੋ ਹੋਲਡਾਂ ਅਤੇ ਡੱਬਿਆਂ ਵਿਚ 2,500 ਕਿਲੋਗ੍ਰਾਮ ਤੋਂ ਵੱਧ ਨਸ਼ੀਲੇ ਪਦਾਰਥ (2,386 ਕਿਲੋਗ੍ਰਾਮ ਹਸ਼ੀਸ਼ ਅਤੇ 121 ਕਿਲੋਗ੍ਰਾਮ ਹੈਰੋਇਨ ਸਮੇਤ) ਸਟੋਰ ਕੀਤੇ ਗਏ ਸਨ।

ਬੁਲਾਰੇ ਨੇ ਦਸਿਆ ਕਿ ਸ਼ੱਕੀ ਜਹਾਜ਼ ਨੂੰ ਬਾਅਦ 'ਚ ਆਈ.ਐਨ.ਐਸ. ਤਰਕਸ਼ ਦੇ ਕੰਟਰੋਲ 'ਚ ਲਿਆਂਦਾ ਗਿਆ ਅਤੇ ਚਾਲਕ ਦਲ ਤੋਂ ਉਨ੍ਹਾਂ ਦੇ ਕੰਮ ਕਰਨ ਦੇ ਤਰੀਕੇ ਅਤੇ ਖੇਤਰ 'ਚ ਹੋਰ ਸਮਾਨ ਜਹਾਜ਼ਾਂ ਦੀ ਮੌਜੂਦਗੀ ਬਾਰੇ ਵਿਆਪਕ ਪੁੱਛ-ਪੜਤਾਲ ਕੀਤੀ ਗਈ। (ਪੀਟੀਆਈ)

# 10000 ਰੁਪਏ ਰਿਸ਼ਵਤ ਲੈਂਦਾ PSPCL ਲਾਈਨਮੈਨ ਵਿਜੀਲੈਂਸ ਬਿਊਰੋ ਵੱਲੋਂ ਕਾਬੂ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪਰੈਲ
INTERNATIONAL PAPER, 9463601616
hardipchumber57@gmail.com



ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਪਟਿਆਲਾ ਵਿੱਚ ਪੀ.ਐਸ.ਪੀ.ਸੀ.ਐਲ. ਦੇ ਉੱਤਰੀ ਡਵੀਜ਼ਨ ਵਿਖੇ ਤਾਇਨਾਤ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਦੇ ਲਾਈਨਮੈਨ ਅਤੇ ਪਿੰਡ ਸ਼ਿੱਲ, ਜ਼ਿਲ੍ਹਾ ਪਟਿਆਲਾ ਦੇ ਵਸਨੀਕ ਜਸਵੀਰ ਸਿੰਘ ਨੂੰ 10,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਪੀ.ਐਸ.ਪੀ.ਸੀ.ਐਲ. ਮੁਲਾਜ਼ਮ ਨੂੰ ਪਟਿਆਲਾ ਦੇ ਇੱਕ ਵਸਨੀਕ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਅਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਉਕਤ ਮੁਲਜ਼ਮ ਜਸਵੀਰ ਸਿੰਘ ਵੱਲੋਂ ਸ਼ਿਕਾਇਤਕਰਤਾ ਦੇ ਘਰ ਨਵਾਂ ਘਰੇਲੂ ਬਿਜਲੀ ਮੀਟਰ ਲਗਾਉਣ ਬਦਲੇ ਰਿਸ਼ਵਤ ਦੀ ਮੰਗ ਕਰਨ ਉਪਰੰਤ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕੀਤੀ।

ਬੁਲਾਰੇ ਨੇ ਦੱਸਿਆ ਕਿ ਉਸਦੀ ਸ਼ਿਕਾਇਤ ਦੀ ਮੁੱਢਲੀ ਪੜਤਾਲ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾ ਕੇ ਉਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 10000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਵਿਜੀਲੈਂਸ ਬਿਊਰੋ ਦੇ ਮੁਲਾਜ਼ਮਾਂ ਨੇ ਉਸ ਦੇ ਕਬਜ਼ੇ ਵਿੱਚੋਂ ਰਿਸ਼ਵਤ ਦੀ ਰਕਮ ਬਰਾਮਦ ਕਰ ਲਈ। ਇਸ ਸਬੰਧੀ ਮੁਲਜ਼ਮ ਖ਼ਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਸਬੰਧਤ ਧਾਰਾਵਾਂ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਰੇਂਜ ਵਿਖੇ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਹੋਰਨਾਂ ਵਿਅਕਤੀਆਂ ਦੀ ਭੂਮਿਕਾ ਬਾਰੇ ਜਾਂਚ ਜਾਰੀ ਹੈ।

# 1000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਪਟਵਾਰੀ ਅਤੇ ਉਸਦਾ ਸਹਾਇਕ ਵਿਜੀਲੈਂਸ ਬਿਊਰੋ ਵੱਲੋਂ ਗ੍ਰਿਫ਼ਤਾਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪਰੈਲ
INTERNATIONAL PAPER, 9463601616
hardipchumber57@gmail.com



ਭ੍ਰਿਸ਼ਟਾਚਾਰ ਵਿਰੁੱਧ ਆਪਣੀ 'ਨਾ-ਕਾਬਿਲ-ਏ-ਬਰਦਾਸ਼ਤ' ਪਹੁੰਚ ਨੂੰ ਜਾਰੀ ਰੱਖਦੇ ਹੋਏ, ਪੰਜਾਬ ਵਿਜੀਲੈਂਸ ਬਿਊਰੋ ਨੇ ਇੱਕ ਮਾਲ ਪਟਵਾਰੀ ਅਤੇ ਉਸਦੇ ਸਹਾਇਕ ਨੂੰ 1,000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਹੈ। ਦੋਸ਼ੀਆਂ ਦੀ ਪਛਾਣ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਹਲਕਾ ਵੜਿੰਗਖੇੜਾ ਦੇ ਪਟਵਾਰੀ ਕੁਲਵਿੰਦਰ ਸਿੰਘ ਅਤੇ ਉਸਦੇ ਸਹਾਇਕ ਅਸ਼ੋਕ ਕੁਮਾਰ ਵਜੋਂ ਹੋਈ ਹੈ।

ਅੱਜ ਇੱਥੇ ਇਹ ਜਾਣਕਾਰੀ ਦਿੰਦੇ ਹੋਏ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਦੋਵੇਂ ਮੁਲਜ਼ਮਾਂ ਵਿਰੁੱਧ, ਪਿੰਡ ਵੜਿੰਗਖੇੜਾ ਦੇ ਇੱਕ ਵਸਨੀਕ ਵੱਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ 'ਤੇ ਦਰਜ ਕਰਵਾਈ ਗਈ ਸ਼ਿਕਾਇਤ ਤੋਂ ਬਾਅਦ ਮੁਕੱਦਮਾ ਦਰਜ ਕੀਤਾ ਗਿਆ ਸੀ।

ਬੁਲਾਰੇ ਨੇ ਅੱਗੇ ਕਿਹਾ ਕਿ ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਸੀ ਕਿ ਉਕਤ ਪਟਵਾਰੀ ਨੇ ਉਸਦੀ ਜ਼ਮੀਨ ਦੀ ਨਿਸ਼ਾਨਦੇਹੀ ਕਰਨ ਲਈ ਆਪਣੇ ਉਕਤ ਸਾਥੀ (ਅਸ਼ੋਕ) ਰਾਹੀਂ 1,500 ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ ,ਪਰ ਸੌਦਾ 1,000 ਰੁਪਏ ਵਿੱਚ ਤੈਅ ਹੋ ਗਿਆ।

ਬੁਲਾਰੇ ਨੇ ਦੱਸਿਆ ਕਿ ਤਫ਼ਤੀਸ਼ ਦੌਰਾਨ ਇਹ ਪਾਇਆ ਗਿਆ ਕਿ ਪਟਵਾਰੀ ਵੱਲੋਂ 5 ਫਰਵਰੀ, 2025 ਨੂੰ ਜਦੋਂ ਜ਼ਮੀਨ ਦੀ ਹੱਦਬੰਦੀ ਰਿਪੋਰਟ ਤਿਆਰ ਕੀਤੀ ਗਈ ਸੀ ਤਾਂ ਇਸ ਸਬੰਧ ਵਿੱਚ, 2024-25 ਦੇ ਸਰਕਾਰੀ ਰਜਿਸਟਰ ਜਾਂ ਰੋਜ਼ਨਾ ਡਾਇਰੀ ਵਿੱਚ ਕੋਈ ਐਂਟਰੀ ਨਹੀਂ ਕੀਤੀ ਗਈ ਸੀ। ਸ਼ਿਕਾਇਤਕਰਤਾ ਵੱਲੋਂ ਰਿਸ਼ਵਤ ਦੇਣ ਦੀ ਵੀਡੀਓ ਰਿਕਾਰਡ ਕਰ ਲਈ ਗਈ ਸੀ, ਜਿਸ ਵਿੱਚ ਅਸ਼ੋਕ ਕੁਮਾਰ ਪੈਸੇ ਸਵੀਕਾਰ ਕਰਦੇ ਹੋਏ ਸਾਫ਼ ਦਿਖਾਈ ਦੇ ਰਿਹਾ ਸੀ।

ਬੁਲਾਰੇ ਨੇ ਅੱਗੇ ਕਿਹਾ ਕਿ ਇਸ ਸਬੰਧ ਵਿੱਚ ਦੋਵਾਂ ਮੁਲਜ਼ਮਾਂ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7 ਅਤੇ 7-ਏ ਤਹਿਤ ਵਿਜੀਲੈਂਸ ਬਿਊਰੋ ਰੇਂਜ ਪੁਲਿਸ ਥਾਣਾ, ਬਠਿੰਡਾ ਵਿਖੇ ਕੇਸ ਦਰਜ ਕੀਤਾ ਗਿਆ ਹੈ। ਦੋਵਾਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਅਗਲੇਰੀ ਜਾਂਚ ਜਾਰੀ ਹੈ।

# ਮੀਤ ਹੇਅਰ ਨੇ ਪਾਰਲੀਮੈਂਟ ਵਿੱਚ ਵਕਫ਼ ਬਿੱਲ ਦਾ ਕੀਤਾ ਸਖ਼ਤ ਵਿਰੋਧ

## ਮਾਲੇਰਕੋਟਲਾ ਦੇ ਆਪਸੀ ਭਾਈਚਾਰੇ ਦੀ ਉਦਾਹਰਨ ਦਿੰਦਿਆਂ ਕੇਂਦਰ ਸਰਕਾਰ ਨੂੰ ਵੰਡੀਆਂ ਪਾਉਣ ਤੋਂ ਵਰਜਿਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪਰੈਲ
INTERNATIONAL PAPER, 9463601616
hardipchumber57@gmail.com



ਚੰਡੀਗੜ੍ਹ/ ਨਵੀਂ ਦਿੱਲੀ: ਸੰਗਰੂਰ ਤੋਂ ਆਮ ਆਦਮੀ ਪਾਰਟੀ ਦੇ ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੇ ਅੱਜ ਪਾਰਲੀਮੈਂਟ ਵਿੱਚ ਆਪਣੀਆਂ ਜ਼ੋਰਦਾਰ ਦਲੀਲਾਂ ਨਾਲ ਵਕਫ਼ ਬਿੱਲ ਦਾ ਸਖ਼ਤ ਵਿਰੋਧ ਕਰਦਿਆਂ ਇਸ ਨੂੰ ਭਾਜਪਾ ਦੀ ਸਰਕਾਰ ਵੱਲੋਂ ਘੱਟ ਗਿਣਤੀ ਦੇ ਧਰਮਾਂ ਉੱਤੇ ਡਾਕਾ ਮਾਰਨ ਦਾ ਰਾਹ ਖੋਲ੍ਹਣ ਵਾਲਾ ਬਿੱਲ ਕਰਾਰ ਦਿੱਤਾ। ਇਹ ਬਿੱਲ ਵਕਫ਼ ਦੀਆਂ ਜਾਇਦਾਦਾਂ ਹੜੱਪਣ ਲਈ ਲਿਆਂਦਾ ਗਿਆ ਹੈ।

ਮੀਤ ਹੇਅਰ ਨੇ ਕਿਹਾ ਕਿ ਇਸ ਬਿਲ ਦੇ ਨਾਲ ਘੱਟ ਗਿਣਤੀ ਦੇ ਧਰਮਾਂ ਉੱਤੇ ਡਾਕਾ ਮਾਰਨ ਦਾ ਅੱਜ ਰਾਹ ਖੋਲ੍ਹ ਦਿੱਤਾ ਹੈ। ਅੱਜ ਵਕਫ ਉਪਰ ਹਮਲਾ ਹੈ, ਭਵਿੱਖ ਵਿੱਚ ਸਿੱਖ, ਬੋਧੀ ਆਦਿ ਹੋਰ ਘੱਟ ਗਿਣਤੀ ਧਰਮਾਂ ਉੱਪਰ ਵੀ ਹਮਲਾ ਕਰਨ ਲਈ ਰਾਹ ਖੋਲ੍ਹ ਦਿੱਤਾ।ਸਿੱਧੇ ਤੌਰ ਉੱਤੇ ਆਰਟੀਕਲ 14 ਦੀ ਉਲੰਘਣਾ ਕੀਤੀ ਗਈ ਹੈ। ਕਾਨੂੰਨ ਦੀ ਇੱਕ ਧਾਰਾ ਅਨੁਸਾਰ ਕਿਸੇ ਵਿਅਕਤੀ ਦੀ ਨਿੱਜੀ ਜ਼ਿੰਦਗੀ ਵਿੱਚ ਇਬਾਦਤ ਕਰਨ ਦਾ ਕਿਵੇਂ ਪਤਾ ਲਗਾਓਗੇ।

ਮੀਤ ਹੇਅਰ ਨੇ ਕਿਹਾ ਕਿ ਭਾਜਪਾ ਦੀ ਦੇਸ਼ ਨੂੰ ਵੰਡਣ ਦੀ ਰਾਜਨੀਤੀ ਇਸ ਬਿੱਲ ਤੋਂ ਸਾਫ ਝਲਕ ਰਹੀ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦਾ ਮੁਸਲਮਾਨਾਂ ਪ੍ਰਤੀ ਰਵੱਈਆ ਪਿਛਲੇ 11 ਸਾਲਾਂ ਵਿੱਚ ਸਾਫ ਪਤਾ ਲੱਗਦਾ। ਇਹ ਰਵੱਈਆ ਲੱਛੇਦਾਰ ਭਾਸ਼ਣਾਂ ਦੀ ਬਜਾਏ ਕੰਮਾਂ ਤੋਂ ਪਤਾ ਲੱਗਦਾ ਹੈ।ਗ੍ਰਹਿ ਮੰਤਰੀ ਸਰਕਾਰ ਨੂੰ ਮੁਸਲਮਾਨਾਂ ਪ੍ਰਤੀ ਸੰਜੀਦਾ ਆਖਦੇ ਹਨ ਪਰ ਭਾਜਪਾ ਦਾ ਇਕ ਵੀ ਲੋਕ ਸਭਾ ਮੈਂਬਰ ਮੁਸਲਮਾਨ ਨਹੀਂ ਅਤੇ ਨਾ ਹੀ ਉੱਤਰ ਪ੍ਰਦੇਸ਼ ਵਿੱਚ ਕੋਈ ਮੁਸਲਮਾਨ ਵਿਧਾਇਕ ਹੈ।

ਮੈਂਬਰ ਪਾਰਲੀਮੈਂਟ ਨੇ ਕਿਹਾ ਕਿ ਸਰਕਾਰ ਵੱਲੋਂ ਸੱਚਰ ਕਮੇਟੀ ਦੀਆਂ ਸਿਫ਼ਾਰਸ਼ਾਂ ਲਾਗੂ ਕਰਨ ਦੀ ਦਲੀਲ ਦਿੱਤੀ ਗਈ ਹੈ ਪਰ ਸੱਚਰ ਕਮੇਟੀ ਦੀ ਰਿਪੋਰਟ ਵਿੱਚ ਤਾਂ ਇਹ ਵੀ ਆਖਿਆ ਗਿਆ ਹੈ ਕਿ ਦੇਸ਼ ਵਿੱਚ 70 ਫੀਸਦੀ ਵਕਫ ਬੋਰਡ ਦੀਆਂ ਜਾਇਦਾਦਾਂ ਉੱਪਰ ਕਬਜ਼ਾ ਕੀਤਾ ਗਿਆ ਹੈ ਅਤੇ 355 ਉੱਪਰ ਤਾਂ ਸਰਕਾਰ ਦਾ ਹੀ ਕਬਜ਼ਾ ਹੈ। ਇਸ ਬਾਰੇ ਸਰਕਾਰ ਨੇ ਕੀ ਕੀਤਾ ਹੈ? ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਅਨੇਕਾਂ ਇਤਿਹਾਸਿਕ ਇਮਾਰਤਾਂ, ਮਸਜਿਦਾਂ, ਵਿਦਿਅਕ ਸੰਸਥਾਵਾਂ ਸੈਂਕੜੇ ਸਾਲ ਪੁਰਾਣੀਆਂ ਹਨ, ਉਹ ਕਿੱਥੋਂ ਕਾਗਜ਼ ਲੈ ਕੇ ਆਉਣਗੇ।

ਮੀਤ ਹੇਅਰ ਨੇ ਆਪਣੇ ਸੰਸਦੀ ਹਲਕੇ ਦੇ ਸ਼ਹਿਰ ਮਾਲੇਰਕੋਟਲਾ ਦੀ ਸ਼ੇਰ ਮੁਹੰਮਦ ਖਾਨ ਦੇ ਹਾਅ ਦੇ ਨਾਅਰੇ ਦੇ ਵੇਲੇ ਤੋਂ ਹੁਣ ਤੱਕ ਸਭ ਧਰਮਾਂ ਦੇ ਆਪਸੀ ਭਾਈਚਾਰੇ ਤੇ ਏਕੇ ਦੀ ਉਦਾਹਰਨ ਦਿੰਦਿਆਂ ਕੇਂਦਰ ਸਰਕਾਰ ਨੂੰ ਧਰਮ ਦੇ ਆਧਾਰ ਉਤੇ ਵੰਡੀਆਂ ਪਾਉਣ ਤੋਂ ਵੀ ਵਰਜਿਆ। ਉਨ੍ਹਾਂ ਕਿਹਾ ਕਿ ਉਹ ਮਾਲੇਰਕੋਟਲਾ ਦੇ ਵਸਨੀਕਾਂ ਨਾਲ ਕੀਤੇ ਵਾਅਦੇ ਨੂੰ ਪੂਰਾ ਕਰਨ ਲਈ ਪੂਰੀ ਵਾਹ ਲਾਉਂਦੇ ਹੋਏ ਇਸ ਬਿੱਲ ਦਾ ਵਿਰੋਧ ਕਰਨਗੇ।

ਆਪ ਲੋਕ ਸਭਾ ਮੈਂਬਰ ਨੇ ਕਿਹਾ ਕਿ ਇਸ ਬਿੱਲ ਨਾਲ ਦੇਸ਼ ਦੇ ਸੰਵਿਧਾਨ ਉੱਤੇ ਹਮਲਾ ਕੀਤਾ ਗਿਆ ਹੈ। ਆਰਟੀਕਲ 26 ਤਹਿਤ ਆਪਣੀ ਸੰਸਥਾ ਬਣਾ ਵੀ ਸਕਦੇ ਹਨ ਤੇ ਉਸ ਨੂੰ ਚਲਾ ਵੀ ਸਕਦੇ ਹਨ ਅਤੇ ਅੱਜ ਇਸ ਉੱਪਰ ਹੀ ਹਮਲਾ ਕੀਤਾ ਗਿਆ ਹੈ।

# AIMPLB ਵਕਫ਼ ਬਿੱਲ ਨੂੰ ਅਦਾਲਤ 'ਚ ਦੇਵੇਗਾ ਚੁਣੌਤੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪਰੈਲ
INTERNATIONAL PAPER, 9463601616
hardipchumber57@gmail.com

ਬੋਰਡ ਨੇ ਇਸ ਨੂੰ 'ਕਾਲਾ ਕਾਨੂੰਨ' ਕਰਾਰ ਦਿੱਤਾ ਅਤੇ ਇਸ ਨੂੰ ਭਾਈਚਾਰੇ ਦੇ ਅਧਿਕਾਰਾਂ ਨੂੰ ਖ਼ਤਰੇ 'ਚ ਪਾਉਣ ਵਾਲਾ ਦੱਸਿਆ।

ਵਕਫ਼ ਸੋਧ ਬਿੱਲ ਨੂੰ ਅੱਜ ਲੋਕ ਸਭਾ ਵਿੱਚ ਚਰਚਾ ਅਤੇ ਪਾਸ ਕਰਨ ਲਈ ਪੇਸ਼ ਕੀਤਾ ਗਿਆ। ਹੇਠਲੇ ਸਦਨ ਵਿੱਚ ਜੇਕਰ ਇਹ ਬਿੱਲ ਪਾਸ ਹੋ ਜਾਂਦਾ ਹੈ ਤਾਂ ਵੀਰਵਾਰ ਨੂੰ ਇਹ ਰਾਜ ਸਭਾ ਵਿੱਚ ਪੇਸ਼ ਕੀਤਾ ਜਾਵੇਗਾ। ਏਆਈਐਮਪੀਐਲਬੀ ਦੇ ਮੈਂਬਰ ਮੁਹੰਮਦ ਅਦੀਬ ਨੇ ਪ੍ਰੈੱਸ ਕਾਨਫਰੰਸ ਵਿੱਚ ਬਿੱਲ ਦੀ ਆਲੋਚਨਾ ਕਰਦਿਆਂ ਦਾਅਵਾ ਕੀਤਾ ਕਿ ਇਹ ਮੁਸਲਿਮ ਭਾਈਚਾਰੇ ਦੀ ਜਾਇਦਾਦ ਨੂੰ ਜ਼ਬਤ ਕਰਨ ਦੀ ਕੋਸ਼ਿਸ਼ ਹੈ।

ਅਦੀਬ ਨੇ ਕਿਹਾ ਕਿ ਇਸ ਬਿੱਲ ਦੀ ਸਮੀਖਿਆ ਲਈ ਬਣਾਈ ਗਈ ਸਾਂਝੀ ਸੰਸਦੀ ਕਮੇਟੀ (ਜੇਪੀਸੀ) ਵਿੱਚ ਵਿਚਾਰ-ਚਰਚਾ ਦੌਰਾਨ ਇਸ ਦਾ ਵਿਰੋਧ ਕੀਤਾ ਗਿਆ ਸੀ। ਉਨ੍ਹਾਂ ਕਿਹਾ, "ਇਹ ਨਹੀਂ ਮੰਨਿਆ ਜਾਣਾ ਚਾਹੀਦਾ ਕਿ ਅਸੀਂ ਲੜਾਈ ਹਾਰ ਗਏ ਹਾਂ। ਅਸੀਂ ਹੁਣ ਸ਼ੁਰੂਆਤ ਕੀਤੀ ਹੈ। ਇਹ ਦੇਸ਼ ਨੂੰ ਬਚਾਉਣ ਦੀ ਲੜਾਈ ਹੈ ਕਿਉਂਕਿ ਪ੍ਰਸਤਾਵਿਤ ਕਾਨੂੰਨ ਭਾਰਤ ਦੇ ਮੂਲ ਢਾਂਚੇ ਨੂੰ ਖ਼ਤਰੇ ਵਿੱਚ ਪਾਉਣਾ ਹੈ।"

ਅਦੀਬ ਨੇ ਸਾਰੇ ਜਾਗਰੂਕ ਨਾਗਰਿਕਾਂ ਨੂੰ ਬਿੱਲ ਦਾ ਵਿਰੋਧ ਕਰਨ ਦੀ ਅਪੀਲ ਕੀਤੀ ਅਤੇ ਏਆਈਐਮਪੀਐਲਬੀ ਦੀ ਇਸ ਪ੍ਰਸਤਾਵਿਤ ਕਾਨੂੰਨ ਦਾ ਕਾਨੂੰਨੀ ਢੰਗ ਤੋਂ ਅਤੇ ਸਮਾਜਿਕ ਪ੍ਰਦਰਸ਼ਨਾਂ ਰਾਹੀਂ ਵਿਰੋਧ ਕਰਨ ਦੀ ਵਚਨਬੱਧਤਾ ਦੀ ਪੁਸ਼ਟੀ ਕੀਤੀ। ਉਨ੍ਹਾਂ ਕਿਹਾ, "ਅਸੀਂ ਅਦਾਲਤ ਜਾਵਾਂਗੇ। ਜਦੋਂ ਤੱਕ ਕਾਨੂੰਨ ਵਾਪਸ ਨਹੀਂ ਲਿਆ ਜਾਂਦਾ, ਅਸੀਂ ਟਿਕ ਕੇ ਨਹੀਂ ਬੈਠਾਂਗੇ।"

ਏਆਈਐਮਪੀਐਲਬੀ ਦੇ ਤਰਜਮਾਨ ਮੁਹੰਮਦ ਅਲੀ ਮੋਹਸਿਨ ਨੇ ਕਿਹਾ, "ਅਸੀਂ ਇਹ ਲੜਾਈ ਇਸ ਲਈ ਸ਼ੁਰੂ ਕੀਤੀ ਹੈ ਕਿਉਂਕਿ ਅਸੀਂ ਦੇਸ਼ ਨੂੰ ਬਚਾਉਣਾ ਚਾਹੁੰਦੇ ਹਾਂ। ਸਾਡਾ ਉਦੇਸ਼ ਇਸ ਕਾਲੇ ਕਾਨੂੰਨ ਨੂੰ ਖ਼ਤਮ ਕਰਨਾ ਹੈ।"

ਬੋਰਡ ਦੇ ਮੈਂਬਰਾਂ ਨੇ ਕਿਸਾਨਾਂ ਦੇ ਅੰਦੋਲਨ ਨਾਲ ਤੁਲਨਾ ਕਰਦਿਆਂ ਦੇਸ਼ ਪੱਧਰੀ ਵਿਰੋਧ ਪ੍ਰਦਰਸ਼ਨ ਦਾ ਵੀ ਸੰਕੇਤ ਦਿੱਤਾ। ਮੋਹਸਿਨ ਨੇ ਕਿਹਾ, "ਅਸੀਂ ਕਿਸਾਨਾਂ ਵਾਂਗ ਪੂਰੇ ਦੇਸ਼ ਵਿੱਚ ਪ੍ਰਦਰਸ਼ਨ ਕਰਾਂਗੇ। ਜੇਕਰ ਲੋੜ ਪਈ ਤਾਂ ਅਸੀਂ ਸੜਕਾਂ ਜਾਮ ਕਰਾਂਗੇ ਅਤੇ ਬਿੱਲ ਦਾ ਵਿਰੋਧ ਕਰਨ ਲਈ ਸਾਰੇ ਸ਼ਾਂਤੀਪੂਰਨ ਕਦਮ ਚੁੱਕਾਂਗੇ।"

ਵਕਫ਼ ਸੋਧ ਬਿੱਲ ਦਾ ਉਦੇਸ਼ ਭਾਰਤ ਵਿੱਚ ਵਕਫ਼ ਜਾਇਦਾਦਾਂ ਨੂੰ ਨਿਯੰਤਰਨ ਕਰਨਵਾਲੇ 1995 ਦੇ ਕਾਨੂੰਨ ਵਿੱਚ ਸੋਧ ਕਰਨਾ ਹੈ। ਕੇਂਦਰ ਨੇ ਕਿਹਾ ਕਿ ਸੋਧ ਦਾ ਉਦੇਸ਼ ਦੇਸ਼ ਵਿੱਚ ਵਕਫ਼ ਜਾਇਦਾਦਾਂ ਦੇ ਪ੍ਰਬੰਧ ਵਿੱਚ ਸੁਧਾਰ ਕਰਨਾ ਹੈ। -ਪੀਟੀਆਈ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com

# ਸਾਡੀ ਆਜ਼ਾਦੀ ਦੀ ਲੜਾਈ ਹਾਲੇ ਬਾਕੀ ਹੈ- ਬਾਬਾ ਸਾਹਿਬ

**ਇੰਜੀ. ਹਰਦੀਪ ਸਿੰਘ ਚੁੰਬਰ**

**ਬਾਬਾ ਸਾਹਿਬ ਕਹਿੰਦੇ ਹਨ**

**1935 ਦੇ ਐਕਟ ਦੇ ਲਾਗੂ ਹੋਣ ਤੋਂ ਬਾਅਦ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਨੇ 1937 ਵਿੱਚ ਭਾਰਤ ਦੇ ਅੱਧੇ ਰਾਜਾਂ ਵਿੱਚ ਸਰਕਾਰਾਂ ਬਣਾਈਆਂ ਅਤੇ ਚਤਰਵਰਨ ਦੇ ਹਿੰਦੂ ਲੋਕਾਂ ਨੇ 7 ਰਾਜਾਂ ਦੇ ਬ੍ਰਾਹਮਣ ਮੁੱਖ ਮੰਤਰੀ ਬਣਾਏ ਅਤੇ ਮੰਤਰੀ, ਵਿਧਾਇਕ ਬਣੇ ਅਤੇ ਸੰਸਦ ਮੈਂਬਰ ਆਦਿ ਵੀ ਬਣਨ ਲੱਗੇ। ਹੁਣ ਸ਼ਾਸਨ, ਪ੍ਰਸ਼ਾਸਨ ਦਾ ਪ੍ਰਬੰਧ ਭਾਰਤ ਚਤਰਵਰਨ ਦੇ ਲੋਕਾਂ ਦੇ ਹੱਥਾਂ ਵਿੱਚ ਸੀ, ਫਿਰ ਵੀ ਇਹ ਲੋਕ ਆਪਣੇ ਆਪ ਨੂੰ ਅੰਗਰੇਜ਼ਾਂ ਦਾ ਗੁਲਾਮ ਮੰਨਦੇ ਸਨ। 1947 ਵਿੱਚ ਸੱਤਾ ਬਦਲਣ ਤੋਂ ਬਾਅਦ, ਅਨੁਸੂਚਿਤ ਵਰਗ ਨੂੰ ਲਗਭਗ ਉਹ ਜਿਹੇ ਅਧਿਕਾਰਾਂ ਦੀ ਪ੍ਰਾਪਤੀ ਦਾ ਕੁੱਝ ਲਾਭ ਹੋਇਆ ਜਿਹੇ ਜਿਹਾ ਲਾਭ ਬ੍ਰਿਟਿਸ਼ ਸ਼ਾਸਨ ਕਾਲ ਦੌਰਾਨ ਚਤਰਵਰਨ ਦੇ ਹਿੰਦੂ ਲੋਕਾਂ ਨੂੰ ਹਾਸਲ ਹੋਇਆ ਸੀ। ਮੌਜੂਦਾ ਸਮੇਂ ਵੀ ਅਨੁਸੂਚਿਤ ਵਰਗ ਦੇ ਲੋਕ ਮੁੱਖ ਮੰਤਰੀ, ਮੰਤਰੀ, ਵਿਧਾਇਕ, ਸੰਸਦ ਮੈਂਬਰ ਬਣ ਜਾਂਦੇ ਹਨ, ਪਰ ਉਹ ਸਮਾਨਤਾ ਦੇ ਅਧਿਕਾਰਾਂ ਤੋਂ ਵਾਂਝੇ ਵਰਗ ਨੂੰ ਬਣਦਾ ਹੱਕ ਦਿਵਾਉਣ ਦੇ ਲਈ ਕੁੱਝ ਵੀ ਨਹੀਂ ਕਰ ਸਕਦੇ।**

### ਸ਼ੇਰ ਬਣੋ ਤਾਂ ਜੋ ਕੋਈ ਵੀ ਤੁਹਾਡਾ ਰਸਤਾ ਕੱਟਣ ਦੀ ਹਿੰਮਤ ਨਾ ਕਰੇ।

9 ਅਗਸਤ, 1953 ਨੂੰ ਔਰੰਗਾਬਾਦ ਦੇ ਗੱਡੀਗੁਡਮ ਛਾਉਣੀ ਖੇਤਰ ਦੇ ਨੇੜੇ ਅਨੁਸੂਚਿਤ ਜਾਤੀਆਂ ਫੈਡਰੇਸ਼ਨ ਦੀ ਕਮੇਟੀ ਦੀ ਤਰਫੋਂ ਡਾ. ਬਾਬਾ ਸਾਹਿਬ ਅੰਬੇਡਕਰ ਨੂੰ ਆਯੂ ਦਾਭਾੜ੍ਹੇ, ਕਾਂਬਲੇ, ਮਲਹਾਰਾਓ ਦੁਆਰਾ ਬ੍ਰੇਕਫਾਸਟ ਪਰੋਸਿਆ ਗਿਆ। ਇਸ ਮੌਕੇ ਮੁੰਬਈ ਸਟੇਟ ਸ਼ਡਿਊਲਡ ਕਾਸਟ ਫੈਡਰੇਸ਼ਨ ਦੇ ਸੂਬਾ ਪ੍ਰਧਾਨ



ਕਰਮਵੀਰ ਦਾਦਾਸਾਹਿਬ ਗਾਇਕਵਾੜ, ਮੱਧ ਪ੍ਰਦੇਸ਼ ਅਨੁਸੂਚਿਤ ਜਾਤੀ ਫੈਡਰੇਸ਼ਨ ਦੇ ਉਪ ਸਕੱਤਰ ਆਈ.ਯੂ. ਬਾਬੂ ਹਰੀਦਾਸ ਆਵਲੇ, ਨਾਸਿਕ ਦੇ ਰਾਮਪਾਲ, ਵਿਧਾਇਕ ਨੇਰਲੀਕਰ, ਡਿਪਟੀ ਸਕੱਤਰ ਮਰਾਠਵਾੜਾ, ਪੀ.ਈ.ਐਸ. ਕਾਲਜ ਦੇ ਰਜਿਸਟਰਾਰ ਉਮਰ. ਵਰਾਲੇ। ਉਮਰ ਬੀ ਐਸ ਮੋਰ, ਸ਼ਹਿਰ ਦੀ ਉਮਰ। ਪੀ.ਜੇ ਰੋਹਮ ਆਦਿ ਵਰਕਰ ਹਾਜ਼ਰ ਸਨ।

ਡਾ. ਬਾਬਾ ਸਾਹਿਬ ਅੰਬੇਡਕਰ ਨੂੰ ਦੱਸਿਆ ਗਿਆ ਕਿ ਸਰਕਾਰ ਪਿੰਡ ਦੇ ਅਛੂਤ ਲੋਕਾਂ ਵੱਲੋਂ ਜ਼ਮੀਨਾਂ ਵਾਪਸ ਲੈ ਰਹੀ ਹੈ। ਇਸ ਮੌਕੇ ਬੋਲਦਿਆਂ ਡਾ. ਬਾਬਾ ਸਾਹਿਬ ਨੇ ਕਿਹਾ,

ਤੁਸੀਂ ਕੁਝ ਨਹੀਂ ਕਰਦੇ, ਇਸ ਲਈ ਸਰਕਾਰ ਅਜਿਹਾ ਕਰਦੀ ਹੈ। ਉਸ ਨੇ ਉਪਨਿਸ਼ਦ ਦੀ ਇੱਕ ਕਹਾਣੀ ਇੱਕ ਉਦਾਹਰਣ ਵਜੋਂ ਦੱਸੀ, ਕਿਸੇ ਨੇ ਭੇਡ ਨੂੰ ਕੱਟਿਆ, ਇਸ ਲਈ ਭੇਡ ਸ਼ਿਕਾਇਤ ਕਰਨ ਆਈ। ਫਿਰ ਪਰਮੇਸ਼ੁਰ ਨੇ ਉਸ ਨੂੰ ਦੱਸਿਆ ਕਿ ਤੇਰਾ ਮਾਸ ਥੋੜ੍ਹਾ ਨਰਮ ਹੈ। ਇਸ ਲਈ ਮੈਨੂੰ ਖਾਣਾ ਬਹੁਤ ਪਸੰਦ ਹੈ। ਰੱਬ ਨੇ ਪੁੱਛਿਆ, "ਕੀ ਕੋਈ ਸ਼ੇਰ ਜਾਂ ਗਿੱਦੜ ਨੂੰ ਖਾਂਦਾ ਹੈ? ਤੁਸੀਂ ਵੀ ਜੇ ਕਰ ਇਸ ਤਰ੍ਹਾਂ ਬਣ ਜਾਂਦੇ ਹੋ ਤਾਂ ਤੁਹਾਨੂੰ, ਕੋਈ ਵੀ ਤੁਹਾਨੂੰ ਪਰੇਸ਼ਾਨ ਨਹੀਂ ਕਰੇਗਾ। ਕੀ ਤੁਸੀਂ ਮੁਸਲਮਾਨਾਂ ਨੂੰ ਇਸ ਬਾਰੇ ਚਿੰਤਤ ਦੇਖਦੇ ਹੋ? ਨਹੀਂ, ਕਿਉਂਕਿ ਲੋਕ ਜਾਣਦੇ ਹਨ ਕਿ ਉਸ ਕੋਲ ਸੁਰਾ (ਵੱਡਾ ਚਾਕੂ) ਹੈ। ਮੰਜਿਆਂ ਉੱਤੇ ਬੈਠੇ ਰਹਿ ਕੇ ਕੰਮ ਨਹੀਂ ਚਲੇਗਾ। ਅਰਜੀਆਂ ਜਾਂ ਬੇਨਤੀਆਂ 'ਤੇ ਭਰੋਸਾ ਕਰਕੇ ਬੈਠੇ ਨਾ ਰਹੋ। ਬਹਾਦਰ ਬਣੋ, ਖਾਲੀ ਪੇਟ ਰਹਿਣ ਦੀ ਬਜਾਏ ਬੰਜਰ ਜ਼ਮੀਨ ਹੀ ਪ੍ਰਾਪਤ ਕਰੋ।

ਮਹਿਮਾਨਾਂ ਦੇ ਧੰਨਵਾਦ ਕਰਨ ਦੇ ਨਾਲ ਪ੍ਰੋਗਰਾਮ ਦੀ ਸਮਾਪਤੀ ਹੋਈ।

### ਰਾਜਨੀਤਿਕ ਪਾਰਟੀਆਂ ਤੋਂ ਸਾਵਧਾਨ ਰਹੋ ਜੋ ਛੂਆਛੂਤ ਨੂੰ ਖਤਮ ਕਰਨ ਲਈ ਤਿਆਰ ਨਹੀਂ ਹਨ।

5 ਅਕਤੂਬਰ 1953 ਨੂੰ ਮੇਰਠ ਵਿੱਚ ਇੱਕ ਜਨਤਕ ਮੀਟਿੰਗ ਵਿੱਚ ਅਛੂਤਾਂ ਨੂੰ ਸੰਬੋਧਨ ਕਰਦਿਆਂ ਡਾ. ਬਾਬਾ ਸਾਹਿਬ ਨੇ ਕਿਹਾ:

ਉਨ੍ਹਾਂ ਸਿਆਸੀ ਪਾਰਟੀਆਂ ਤੋਂ ਸਾਵਧਾਨ ਰਹੋ ਜੋ ਜਾਤੀਵਾਦ ਅਤੇ ਛੂਆਛੂਤ ਨੂੰ ਨਸ਼ਟ ਕਰਨ ਬਾਰੇ ਚਿੰਤਤ ਨਹੀਂ ਹਨ।

ਜੇ ਭਾਰਤੀ ਕਮਿਊਨਿਸਟ ਪਾਰਟੀ ਦਾ ਗਠਨ ਰੂਸੀ ਉਦੇਸ਼ਾਂ ਦੇ ਅਧਾਰ 'ਤੇ ਕੀਤਾ ਜਾਂਦਾ ਹੈ, ਤਾਂ ਅਨੁਸੂਚਿਤ ਜਾਤੀ ਫੈਡਰੇਸ਼ਨ ਅਗਲੀਆਂ ਮਿਊਂਸਪਲ ਚੋਣਾਂ ਵਿੱਚ ਉਸ ਪਾਰਟੀ ਨਾਲ ਸਹਿਯੋਗ ਕਰਨ ਲਈ ਤਿਆਰ ਹੈ। ਹਾਲਾਂਕਿ, ਹੋਰ ਪਾਰਟੀਆਂ ਦੀ ਤਰ੍ਹਾਂ, ਭਾਰਤੀ ਕਮਿਊਨਿਸਟ ਜਾਤੀਵਾਦ ਅਤੇ ਛੂਆਛੂਤ ਨੂੰ ਦੂਰ ਕਰਨ ਦੇ ਯੋਗ ਨਹੀਂ ਹੋਏ ਹਨ। ਕੁਝ ਬ੍ਰਾਹਮਣਵਾਦੀ ਤੱਤ ਅਤੇ ਜਾਤੀਵਾਦੀ ਉਨ੍ਹਾਂ ਵਿੱਚ ਆ ਗਏ ਹਨ, ਜਿਸ ਨਾਲ ਭਾਰਤੀ ਕਮਿਊਨਿਸਟ ਪਾਰਟੀ ਅਤੇ ਹੋਰ ਕਮਿਊਨਿਸਟ ਪਾਰਟੀਆਂ ਪ੍ਰਭਾਵਿਤ ਹੋਈਆਂ ਹਨ।

ਇਸ ਮੌਕੇ ਡਾ. ਬਾਬਾ ਸਾਹਿਬ ਅੰਬੇਡਕਰ ਨੂੰ ਯੋਗਦਾਨ ਥੈਲੀ ਸੌਂਪੀ ਗਈ।

### ਸੱਚੇ ਅਤੇ ਉੱਤਮ ਧਰਮ ਨੂੰ ਬਹਾਲ ਕਰਨ ਦਾ ਔਖਾ ਕੰਮ ਹੁਣ ਆਉਣ ਵਾਲੀ ਪੀੜ੍ਹੀ ਨੂੰ ਸੌਂਪਿਆ ਗਿਆ ਹੈ।

24 ਜਨਵਰੀ, 1954 ਨੂੰ ਜ਼ੇਵੀਅਰਜ਼ ਕਾਲਜ ਗਰਾਊਂਡ, ਮੁੰਬਈ ਵਿਖੇ ਆਲ ਇੰਡੀਆ ਸਾਈ ਭਗਤ ਕਨਵੈਨਸ਼ਨ ਦਾ ਉਦਘਾਟਨ ਕਰਦੇ ਹੋਏ ਡਾ. ਬਾਬਾ ਸਾਹਿਬ ਅੰਬੇਡਕਰ ਨੇ ਕਿਹਾ,

"ਅੱਜ, ਮੂਰਤੀਆਂ, ਸੰਤਾਂ ਅਤੇ ਚਮਤਕਾਰਾਂ ਦੀ ਪੂਜਾ ਇੱਕ ਧਰਮ ਬਣ ਗਈ ਹੈ। ਸਾਡੇ ਧਰਮ ਵਿੱਚ ਕੋਈ ਰੱਬ ਨਹੀਂ ਬਚਿਆ ਅਤੇ ਕੋਈ ਰਿਸ਼ਤਾ ਨਹੀਂ ਬਚਿਆ। ਅੱਜ ਮਨੁੱਖਤਾ ਦੇ ਸੰਪੂਰਨ ਪਤਨ ਦਾ ਸਮਾਂ ਹੈ। ਇਸ ਲਈ ਸੱਚੇ ਅਤੇ ਉੱਤਮ ਧਰਮ ਨੂੰ ਬਹਾਲ ਕਰਨ ਦਾ ਮੁਸ਼ਕਲ ਕੰਮ ਆਉਣ ਵਾਲੀ ਪੀੜ੍ਹੀ ਉੱਤੇ ਆ ਗਿਆ ਹੈ।

ਮੈਨੂੰ ਸਾਈਬਾਬਾ ਨੂੰ ਸਿੱਧੇ ਮਿਲਣ ਜਾਂ ਮਿਲਣ ਦਾ ਮੌਕਾ ਨਹੀਂ ਮਿਲਿਆ। ਮੈਂ ਉਨ੍ਹਾਂ ਬਾਰੇ ਕਾਫ਼ੀ ਕੁਝ ਸੁਣਿਆ ਹੈ, ਇਸ ਲਈ ਇਹ ਬਹੁਤ ਚੰਗਾ ਹੁੰਦਾ ਜੇਕਰ ਤੁਸੀਂ ਸਾਈਬਾਬਾ ਬਾਰੇ ਜਾਣਨ ਵਾਲੇ ਕਿਸੇ ਵਿਅਕਤੀ ਨੂੰ ਫੋਨ ਕਰਦੇ। ਸਾਈਬਾਬਾ ਬਾਰੇ ਮੇਰਾ ਗਿਆਨ ਬਿਲਕੁਲ ਜ਼ੀਰੋ ਹੈ। ਅਤੇ ਮੈਨੂੰ ਪਤਾ ਹੈ ਕਿ ਮੈਂ ਕੀ ਕੀਤਾ. ਹਾਲਾਂਕਿ ਸਾਈਬਾਬਾ ਦਾ ਯੁੱਗ ਬੀਤ ਚੁੱਕਾ ਹੈ, ਪਰ ਉਨ੍ਹਾਂ ਦੇ ਸ਼ਰਧਾਲੂਆਂ ਦੀ ਗਿਣਤੀ ਨਿਰੰਤਰ ਵੱਧ ਰਹੀ ਹੈ। ਜ਼ਿਆਦਾਤਰ ਲੋਕ ਸਾਈਬਾਬਾ ਨੂੰ ਸਿਰਫ਼ ਇੱਕ ਧਰਮ ਗੁਰੂ ਦੇ ਰੂਪ ਵਿੱਚ ਜਾਣਦੇ ਹਨ। ਭਾਰਤ ਵਿੱਚ ਬਹੁਤ ਕੁਝ ਬਦਲ ਗਿਆ ਹੈ। ਪਹਿਲਾਂ ਇਹ ਮੰਨਿਆ ਜਾਂਦਾ ਸੀ ਕਿ ਧਰਮ ਮਨੁੱਖ ਦੀ ਆਤਮਾ ਨੂੰ ਮੁਕਤ ਕਰਨ ਦਾ ਸਾਧਨ ਹੈ। ਧਰਮ ਦੀਆਂ ਨੈਤਿਕ ਕਦਰਾਂ-ਕੀਮਤਾਂ ਦਾ ਸਨਮਾਨ ਕਰਦੇ ਹੋਏ, ਇੱਕ ਦੂਜੇ ਦਾ ਸਨਮਾਨ ਵਿਸ਼ਵਵਿਆਪੀ ਭਾਈਚਾਰੇ ਦੇ ਨਿਰਮਾਣ ਦਾ ਇੱਕ ਸਾਧਨ ਮੰਨਿਆ ਜਾਂਦਾ ਸੀ। ਧਰਮ ਦੀ ਤੀਜੀ ਸ਼ਰਤ ਰੱਬ ਵਜੋਂ ਪੂਜਾ ਕਰਨਾ ਹੈ-ਉਹ ਵਿਅਕਤੀ ਜੋ ਮਨੁੱਖੀ ਜੀਵਨ ਦੀਆਂ ਰੋਜ਼ਾਨਾ ਜ਼ਰੂਰਤਾਂ ਨੂੰ ਪੂਰਾ ਕਰਦਾ ਹੈ। ਕੋਈ ਸੋਨਾ ਚਾਹੁੰਦਾ ਸੀ, ਕੋਈ ਬੱਚੇ ਚਾਹੁੰਦਾ ਸੀ, ਕੋਈ ਮੁਸੀਬਤ ਤੋਂ ਮੁਕਤੀ ਚਾਹੁੰਦਾ ਸੀ। ਫਿਰ ਜੋ ਵਿਅਕਤੀ ਆਪਣੀਆਂ ਇੱਛਾਵਾਂ ਨੂੰ ਪੂਰਾ ਕਰਦਾ ਹੈ ਉਹ ਪਰਮਾਤਮਾ ਬਣ ਜਾਂਦਾ ਹੈ। ਉਸ ਤੋਂ ਬਾਅਦ ਕੁਝ ਚਮਤਕਾਰ ਕਰਨ ਵਾਲੇ ਦੀ ਪੂਜਾ ਕੀਤੀ ਜਾ ਰਹੀ ਹੈ, ਅੱਜ-ਕੱਲ੍ਹ ਇਹ ਵੀ ਦੇਖਣ ਨੂੰ ਮਿਲ ਰਿਹਾ ਹੈ।

ਸਾਨੂੰ ਇਹ ਕਹਿਣਾ ਪਏਗਾ ਕਿ ਅਸੀਂ ਧਰਮ ਦੇ ਮਾਮਲੇ ਵਿੱਚ ਗਲਤ ਰਸਤੇ 'ਤੇ ਚੱਲ ਰਹੇ ਹਾਂ। ਇੰਨਾ ਹੀ ਨਹੀਂ, ਅੱਜ-ਕੱਲ੍ਹ ਧਰਮ ਦੇ ਨਾਂ 'ਤੇ ਪੈਸਾ ਇਕੱਠਾ ਕੀਤਾ ਜਾਂਦਾ ਹੈ ਅਤੇ ਗਲਤ ਚੀਜ਼ਾਂ' ਤੇ ਖਰਚ ਕੀਤਾ ਜਾਂਦਾ ਹੈ। ਅੱਜ ਸੰਸਾਰ ਵਿੱਚ ਗਰੀਬੀ ਅਤੇ ਦੁੱਖਾਂ ਦੇ ਬਾਵਜੂਦ, ਧਰਮ ਦੇ ਨਾਮ 'ਤੇ ਪੈਸਾ ਇਕੱਠਾ ਕਰਨਾ ਅਤੇ ਇਸ ਨੂੰ ਬ੍ਰਾਹਮਣਾਂ ਅਤੇ ਤਿਉਹਾਰਾਂ' ਤੇ ਖਰਚ ਕਰਨਾ ਇੱਕ ਭਿਆਨਕ ਅਪਰਾਧ ਹੈ। ਗੌਤਮ ਬੁੱਧ ਨੇ ਇਸ ਪ੍ਰਸ਼ਨ ਦੇ ਕੁਝ ਹੱਲ ਦਿੱਤੇ ਹਨ। ਉਨ੍ਹਾਂ ਨੇ ਆਪਣੀ ਨੈਤਿਕਤਾ ਵਿੱਚ ਪੰਚਸ਼ੀਲ, ਅਸ਼ਟਗਮਰਗ ਅਤੇ ਨਿਰਵਾਣ ਬਾਰੇ ਬਹੁਤ ਚੰਗੀ ਤਰ੍ਹਾਂ ਸਮਝਾਇਆ ਹੈ। ਇਨ੍ਹਾਂ ਤੋਂ ਇਲਾਵਾ, ਉਨ੍ਹਾਂ ਨੇ ਆਪਣੇ ਪੈਰੋਕਾਰਾਂ ਨੂੰ ਹੇਠ ਲਿਖੇ ਦਸ ਤੱਤਾਂ ਦੀ ਪਾਲਣਾ ਕਰਨ ਲਈ ਕਿਹਾ ਹੈ: ਪਰਜਨਾ, 2. ਸ਼ੀਲ, 3. ਨੇਖੰਮਾ, 4. ਫੈਨ, 5. ਸੀਮਨ, 6. ਕਾਂਤੀ, 7. ਸੱਚਾ, 8. ਅਧਿਤਯਾਨ, 9. ਮੈਤਰੀ, 10. ਉਪੇਕਸ਼ਾ।

ਸਿਆਣਪ ਉਹ ਚਾਨਣ ਹੈ ਜੋ ਅਗਿਆਨਤਾ ਦੇ ਹਨੇਰੇ ਨੂੰ ਦੂਰ ਕਰਦੀ ਹੈ। ਸਿਲਾ ਦਾ ਅਰਥ ਹੈ ਨੈਤਿਕ ਵਿਚਾਰ, ਕੋਈ ਬੁਰਾ ਕੰਮ ਨਾ ਕਰਨਾ ਅਤੇ ਚੰਗਾ ਕੰਮ ਕਰਨਾ ਜਾਰੀ ਰੱਖਣਾ। ਖੰਮਾ ਦਾ ਅਰਥ ਹੈ ਭੌਤਿਕ ਸੁੱਖਾਂ ਤੋਂ ਪਰਹੇਜ਼ ਕਰਨਾ। ਦਾਨ ਦੂਜਿਆਂ ਤੋਂ ਬਿਨਾਂ ਕਿਸੇ ਉਮੀਦ ਦੇ ਪੈਸੇ ਦੇਣ ਦਾ ਕੰਮ ਹੈ। ਵੀਰਜ ਦਾ ਅਰਥ ਹੈ ਧੀਰਜ, ਪਰੀਖਿਆ। ਬਿਨਾਂ ਕਿਸੇ ਨੁਕਸਾਨ ਦੇ ਕੰਮ ਸ਼ੁਰੂ ਹੋ ਗਿਆ। ਸਬਰ ਸਹਿਣਸ਼ੀਲਤਾ ਹੈ। ਨਫ਼ਰਤ ਦਾ ਜਵਾਬ ਨਫ਼ਰਤ ਨਾਲ ਨਾ ਦਿਓ। ਸੱਚ ਹੀ ਸੱਚ ਹੈ। ਹਰ ਕੋਈ ਸੱਚ ਬੋਲਿਆ, ਕਦੇ ਝੂਠ ਨਹੀਂ ਬੋਲਿਆ। ਉਹ ਜੋ ਵੀ ਕਹਿੰਦਾ ਹੈ ਉਹ ਸੱਚ ਹੈ।ਦੋਸਤੀ ਦਾ ਅਰਥ ਹੈ ਕਿਸੇ ਦੋਸਤ ਲਈ, ਕਿਸੇ ਦੁਸ਼ਮਣ ਲਈ, ਕਿਸੇ ਮਨੁੱਖ ਲਈ ਜਾਂ ਕਿਸੇ ਜਾਨਵਰ ਲਈ ਪਿਆਰ। ਅਣਗਹਿਲੀ ਅਣਗਹਿਲੀ ਹੈ। ਜਿਸ ਵਿੱਚ ਮਨ ਖੁਸ਼ੀ ਅਤੇ ਦੁੱਖ ਤੋਂ ਪਰੇ ਪਹੁੰਚਦਾ ਹੈ ਅਤੇ ਕਿਸੇ ਵੀ ਨਤੀਜੇ ਤੋਂ ਵਿਚਲਿਤ ਨਹੀਂ ਹੁੰਦਾ ਅਤੇ ਕਰਤੱਵਪੂਰਨ ਰਹਿੰਦਾ ਹੈ। ਬੁੱਧ ਨੂੰ ਉਮੀਦ ਸੀ ਕਿ ਮਨੁੱਖ ਉਪਰੋਕਤ ਗੁਣਾਂ ਵਿੱਚੋਂ ਵੱਧ ਤੋਂ ਵੱਧ ਗੁਣਾਂ ਨੂੰ ਗ੍ਰਹਿਣ ਕਰਨਗੇ। ਇਸ ਲਈ ਪਾਲੀ ਸਾਹਿਤ ਵਿੱਚ ਕਿਹਾ ਗਿਆ ਹੈ ਕਿ ਗੌਤਮ ਬੁੱਧ ਨੇ 'ਦਾਨ ਪਰਮਿਤਾ' ਨੂੰ ਇਸ ਤਰ੍ਹਾਂ ਸਿਖਾਇਆ, ਇਹ ਉਨ੍ਹਾਂ ਦੀ ਬੇਨਤੀ ਸੀ ਕਿ ਦਾਨ ਸੰਤ ਹੋਣਾ ਚਾਹੀਦਾ ਹੈ। ਭਾਵੇਂ ਦਾਨੀ ਦਾਨ ਕਰਨ ਲਈ ਤਿਆਰ ਹੈ, ਜਿਸ ਵਿਅਕਤੀ ਨੂੰ ਦਾਨ ਦਿੱਤਾ ਜਾਣਾ ਹੈ, ਉਸ ਨੂੰ ਉਸ ਤੋਂ ਘੱਟ ਮਹਿਸੂਸ ਨਹੀਂ ਕਰਨਾ ਚਾਹੀਦਾ। ਦੱਬੇ-ਕੁਚਲੇ ਲੋਕਾਂ ਨੂੰ ਇੱਕ ਦਿਨ ਆਪਣੇ ਪੈਰਾਂ 'ਤੇ ਖੜ੍ਹੇ ਹੋਣ ਦੇ ਯੋਗ ਬਣਾਉਣਾ ਸੱਚਾ ਦਾਨ ਹੈ। ਰਿਸ਼ੀਆਂ ਅਤੇ ਸੰਤਾਂ ਦੁਆਰਾ ਦੱਸੇ ਤੱਤਾਂ ਅਨੁਸਾਰ ਪੈਸਾ ਖਰਚ ਕਰਨਾ ਬਹੁਤ ਜ਼ਰੂਰੀ ਹੈ। ਗਰੀਬੀ, ਅਗਿਆਨਤਾ, ਬਿਮਾਰੀ ਇੰਨੀ ਜ਼ਿਆਦਾ ਹੈ ਕਿ ਅੱਜ ਦੇ ਯੁੱਗ ਵਿੱਚ ਇਸ ਨੂੰ ਨਸ਼ਟ ਕਰਨ ਲਈ ਪੈਸੇ ਖਰਚ ਕੀਤੇ ਬਿਨਾਂ ਅਮੀਰਾਂ ਉੱਤੇ ਖਰਚ ਕਰਨਾ ਗਲਤ ਹੋਵੇਗਾ। ਉਸ ਪੈਸੇ ਦੀ ਵਰਤੋਂ ਹਸਪਤਾਲ ਖੋਲ੍ਹਣ, ਸਿੱਖਿਆ ਦਾ ਰਾਹ ਪੱਧਰਾ ਕਰਨ, ਬੇਰੁਜ਼ਗਾਰੀ ਨੂੰ ਦੂਰ ਕਰਨ ਲਈ ਛੋਟੇ ਕਾਰੋਬਾਰ ਬਣਾਉਣ, ਗ਼ਰੀਬ ਅਤੇ ਅਨਾਥ ਔਰਤਾਂ ਨੂੰ ਭੋਜਨ ਦੇਣ ਦੇ ਕਾਰੋਬਾਰ ਵਿੱਚ ਸਿਖਲਾਈ ਦੇਣ ਲਈ ਕੀਤੀ ਜਾਣੀ ਚਾਹੀਦੀ ਹੈ। ਜੇ ਜਮ੍ਹਾਂ ਕੀਤੀ ਗਈ ਰਕਮ ਇਸ ਤਰੀਕੇ ਨਾਲ ਵਰਤੀ ਜਾਂਦੀ ਹੈ, ਤਾਂ ਉਸ ਦੇ ਕੰਮ ਲਈ ਉਸ ਦੀ ਪ੍ਰਸ਼ੰਸਾ ਕੀਤੀ ਜਾਵੇਗੀ। ਇੰਨਾ ਹੀ ਨਹੀਂ ਸਾਈਬਾਬਾ ਦੀ ਪ੍ਰਸਿੱਧੀ ਦਸਾਂ ਦਿਸ਼ਾਵਾਂ ਵਿੱਚ ਫੈਲਦੀ ਰਹੇਗੀ।

# ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਬ੍ਰਾਂਚ ਜਲਾਲਾਬਾਦ ਦੀ ਮੀਟਿੰਗ ਸੰਪੰਨ

## ਜਲ ਸਪਲਾਈ ਸਕੀਮਾਂ 'ਤੇ ਸਕਾਡਾ ਸਿਸਟਮ ਲਗਾਉਣ, ਪੰਚਾਇਤੀਕਰਨ/ ਨਿੱਜੀਕਰਨ ਵਾਲੀਆ ਨੀਤੀਆਂ ਨੂੰ ਤੁਰੰਤ ਰੱਦ ਕੀਤਾ ਜਾਵੇ - ਆਗੂ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com



-ਜਲਾਲਾਬਾਦ, 2 ਅਪ੍ਰੈਲ (ਮਨੋਜ ਕੁਮਾਰ, ਸੁਭਾਸ਼ ਸਿੰਘ) - ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਬ੍ਰਾਂਚ ਜਲਾਲਾਬਾਦ ਦੀ ਮੀਟਿੰਗ ਬ੍ਰਾਂਚ ਪ੍ਰਧਾਨ ਰਾਕੇਸ਼ ਸਿੰਘ ਹੀਰੇਵਾਲਾ ਦੀ ਅਗਵਾਈ ਹੇਠ ਸਥਾਨਕ ਸਬ-ਡਵਿਜ਼ਨ ਦਫਤਰ ਗੁੰਮਾਨੀਵਾਲਾ ਵਿਖੇ ਹੋਈ। ਜਿਸ ਵਿੱਚ ਸੂਬਾ ਪ੍ਰੈਸ ਸਕੱਤਰ ਸਤਨਾਮ ਸਿੰਘ ਫਲੀਆਵਾਲਾ, ਜਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਆਲਮਕੇ, ਖਜਾਨਚੀ ਮਹਿੰਦਰ ਸਿੰਘ ਮੰਨੇਵਾਲਾ, ਦਫਤਰੀ ਸਟਾਫ ਤੋਂ ਸੂਬਾਈ ਆਗੂ ਸੁਖਚੈਨ ਸਿੰਘ ਸੋਢੀ ਸਮੇਤ ਵੱਡੀ ਗਿਣਤੀ ਵਿੱਚ ਵਰਕਰਾਂ ਨੇ ਸ਼ਿਰਕਤ ਕੀਤੀ। ਮੀਟਿੰਗ ਵਿੱਚ ਵਾਟਰ ਸਪਲਾਈ ਸਕੀਮਾਂ ਤੇ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਅਤੇ ਆਊਟਸੋਰਸ ਵਰਕਰਾਂ ਨੂੰ ਆ ਰਹੀਆਂ ਮੁਸ਼ਕਲਾਂ 'ਤੇ ਵਿਚਾਰ ਚਰਚਾ ਕੀਤੀ ਗਈ ਅਤੇ ਇਸਦੇ ਨਾਲ ਹੀ ਇਨਲਿਸਟਮੈਂਟ ਅਤੇ ਆਊਟਸੋਰਸ ਵਰਕਰਾਂ ਨੂੰ ਸਬੰਧਤ ਵਿਭਾਗ ਵਿਚ ਮਰਜ ਕਰਕੇ ਪੱਕਾ ਰੁਜਗਾਰ ਕਰਨ ਵਾਲੀ ਪ੍ਰਪੋਜਲ (ਕੇਸ) ਲਾਗੂ ਕਰਨ ਸਮੇਤ ਮੰਗ-ਪੱਤਰ ਵਿੱਚ ਦਰਜ ਮੰਗਾਂ ਨੂੰ ਲੈ ਕੇ ਸੂਬਾ ਕਮੇਟੀ ਵੱਲੋਂ ਉਲੀਕੇ ਜਾਣ ਵਾਲੇ ਪ੍ਰੋਗਰਾਮਾਂ ਨੂੰ ਵਿੱਚ ਵੱਧ ਚੜ੍ਹ ਕੇ ਭਾਗ ਲੈਣ ਦਾ ਫੈਸਲਾ ਕੀਤਾ ਗਿਆ। ਇਸਦੇ ਨਾਲ ਹੀ ਇਹ ਵੀ ਫੈਸਲਾ ਕੀਤਾ ਗਿਆ ਕਿ ਪੇਂਡੂ ਜਲ ਸਪਲਾਈ ਸਕੀਮਾਂ ਦਾ ਪੰਚਾਇਤੀਕਰਨ, ਨਿੱਜੀਕਰਣ ਅਤੇ ਸਕਾਡਾ ਸਿਸਟਮ ਲਗਾਉਣ ਵਾਲੀਆਂ ਲੋਕ ਅਤੇ ਵਰਕਰ ਵਿਰੋਧੀ ਨੀਤੀਆਂ ਦੇ ਖਿਲਾਫ ਸੰਘਰਸ਼ ਜਾਰੀ ਰੱਖਿਆ ਜਾਵੇਗਾ। ਆਗੂਆਂ ਨੇ ਕਿਹਾ ਕਿ ਮੌਜੂਦ ਸਰਕਾਰ ਲੋਕਾਂ ਨੂੰ ਨਹਿਰੀ ਸ਼ੁੱਧ ਪਾਣੀ ਦੇਣ ਦੇ ਬਹਾਨੇ ਨਾਲ ਬਲਾਕ ਪੱਧਰੀ ਨਹਿਰੀ ਪ੍ਰੋਜੈਕਟ ਲਗਾ ਕੇ ਨਿੱਜੀਕਰਨ ਵਾਲੀਆਂ ਨੀਤੀਆਂ ਲਾਗੂ ਕੀਤੀਆਂ ਜਾ ਰਹੀਆਂ ਹਨ ਕਿਉਂਕਿ ਇਹ ਪ੍ਰੋਜੈਕਟ ਸਰਕਾਰ ਲਗਾਉਣ ਦੇ ਬਾਅਦ ਚਲਾਉਣ ਦੀ ਜਿੰਮੇਵਾਰੀ ਨਿੱਜੀ ਹੱਥਾਂ ਵਿੱਚ ਚਲੀ ਜਾਵੇਗੀ, ਜਿਸਦੇ ਬਾਅਦ ਪੀਣ ਵਾਲੀ ਪਾਣੀ ਲੋਕਾਂ ਨੂੰ ਮਹਿੰਗੇ ਮੁੱਲ ਵਿੱਚ ਮਿਲੇਗਾ ਅਤੇ ਪੇਂਡੂ ਲੋਕਾਂ 'ਤੇ ਵਾਧੂ ਬੋਝ ਵਧੇਗਾ। ਇਸ ਲਈ ਲੋਕਾਂ ਦੇ ਪੀਣ ਵਾਲਾ ਪਾਣੀ ਦੀ ਸੁਵਿਧਾ ਦਾ ਪ੍ਰਬੰਧ ਖੁਦ ਸਰਕਾਰ ਨੂੰ ਕਰਨਾ ਚਾਹੀਦਾ ਹੈ। ਇਸ ਮੌਕੇ ਸੂਬਾ ਪ੍ਰੈਸ ਸਕੱਤਰ ਸਤਨਾਮ ਸਿੰਘ ਫਲੀਆਵਾਲਾ ਨੇ ਕਿਹਾ ਕਿ ਜਲਾਲਾਬਾਦ ਸਬ ਡਵੀਜਨ ਅਧੀਨ ਵਾਟਰ ਸਪਲਾਈ ਸਕੀਮਾਂ ਤੇ ਪਿਛਲੇ ਲੰਮੇ ਸਮੇਂ ਤੋਂ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਅਤੇ ਆਊਟਸੋਰਸ ਦੇ ਵਰਕਰ, ਜੋ ਉਪਰੋਕਤ ਯੂਨੀਅਨ ਦੇ ਸੰਘਰਸ਼ ਪ੍ਰੋਗਰਾਮ ਲਾਗੂ ਕਰਦੇ ਹਨ, ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਇਨ੍ਹਾਂ ਵਰਕਰਾਂਦਾ ਰੁਜਗਾਰ ਪੱਕਾ ਕਰਵਾਉਣ ਤੱਕ ਸੰਘਰਸ਼ ਜਾਰੀ ਰੱਖਿਆ ਜਾਵੇਗਾ। ਉਨ੍ਹਾਂ ਮੰਗ ਕੀਤਾ ਕਿ ਸਥਾਈ ਸੇਵਾ ਦੀ ਲੋੜ ਦੇ ਅਧਾਰ ਤੇ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਪੱਕੇ ਰੁਜਗਾਰ ਦੀ ਗਾਰੰਟੀ ਕੀਤੀ ਜਾਵੇ। ਇਸੇ ਅਧਾਰ ਤੇ ਸਰਕਾਰੀ ਵਿਭਾਗਾਂ ਵਿਚ ਤੈਨਾਤ ਇਨਲਿਸਟਮੈਂਟ ਅਤੇ ਆਊਟਸੋਰਸ ਠੇਕਾ ਮੁਲਾਜਮਾਂ ਨੂੰ ਸਬੰਧਤ ਵਿਭਾਗਾਂ ਵਿਚ ਲਿਆ ਕੇ ਤਜਰਬੇ ਦੇ ਅਧਾਰ ਤੇ ਬਿਨਾਂ ਸ਼ਰਤ ਰੈਗੂਲਰ ਕੀਤਾ ਜਾਵੇ। ਸਰਕਾਰੀ ਵਿਭਾਗਾਂ ਦੇ ਨਿੱਜੀਕਰਨ/ ਪੰਚਾਇਤੀਕਰਨ ਅਤੇ ਜਲ ਸਪਲਾਈ ਸਕੀਮਾਂ 'ਤੇ ਸਕਾਡਾ ਸਿਸਟਮ ਲਗਾਉਣ ਦੀਆਂ ਨੀਤੀਆਂ ਨੂੰ ਤੁਰੰਤ ਰੱਦ ਕੀਤਾ ਜਾਵੇ। ਘੱਟੋ-ਘੱਟ ਉਜਰਤ ਦੇ ਕਾਨੂੰਨ 1948 ਅਤੇ 15ਵੀਂ ਲੇਬਰ ਕਾਨਫਰੰਸ ਦੀਆਂ ਸਿਫਾਰਸ਼ਾਂ ਨੂੰ ਅਧਾਰ ਮੰਨ ਕੇ ਇਨਲਿਸਟਮੈਂਟ ਅਤੇ ਆਊਟਸੋਰਸ ਮੁਲਾਜਮਾਂ ਦੀ ਤਨਖਾਹ ਤਹਿ ਕੀਤੀ ਜਾਵੇ। ਇਨਲਿਸਟਮੈਂਟ/ਆਊਟਸੋਰਸ ਮੁਲਾਜ਼ਮਾਂ ਦੀਆਂ ਉਜਰਤਾਂ ਵਿਚ ਕਿਰਤ ਕਮਿਸ਼ਨਰ, ਪੰਜਾਬ ਸਰਕਾਰ ਤਹਿਤ ਬਣਦਾ ਵਾਧਾ ਅਤੇ ਈ.ਪੀ. ਐਫ. ਅਤੇ ਈ.ਐਸ.ਆਈ. ਲਾਗੂ ਕੀਤਾ ਜਾਵੇ। ਲੇਬਰ ਅਤੇ ਟਰੇਡ ਯੂਨੀਅਨ ਕਾਨੂੰਨਾਂ ਵਿੱਚ ਕੀਤੀਆਂ ਕਾਮਾ ਵਿਰੋਧੀ ਤਬਦੀਲੀਆਂ ਰੱਦ ਕੀਤੀਆਂ ਜਾਣ। ਆਊਟਸੋਰਸ ਅਤੇ ਇਨਲਿਸਟਮੈਂਟ ਮੁਲਾਜ਼ਮਾਂ ਨੂੰ 8.33% ਬੋਨਸ ਦਿੱਤਾ ਜਾਵੇ। ਮਾਰਚ ਮਹੀਨੇ ਦੀ ਤਨਖਾਹ ਲਈ ਬਜਟ ਤੁਰੰਤ ਜਾਰੀ ਕੀਤਾ ਜਾਵੇ।

# "ਸ਼ੇਰ ਕੁੱਤੇ ਦਾ ਸ਼ਿਕਾਰ ਨਹੀਂ ਕਰਦੇ" ਰਾਵਤ ਨੇ ਦਲਿਤ ਆਈ. ਏ. ਐੱਸ. ਅਧਿਕਾਰੀ ਨੂੰ ਦਿੱਤਾ ਮਾੜੀ ਮਾਨਸ਼ਿਕਤਾ ਦੀਖਾਵਾ ਕੀਤਾ-ਸਾਬਕਾ ਮੁੱਖ ਮੰਤਰੀ ਤ੍ਰਿਵੇਂਦਰ ਸਿੰਘ

**ਸਾਬਕਾ ਮੁੱਖ ਮੰਤਰੀ ਤ੍ਰਿਵੇਂਦਰ ਸਿੰਘ ਰਾਵਤ ਨੇ ਕਿਹਾ, "ਕੀ ਕਹਿਣਾ ਹੈ? ਸ਼ੇਰ ਕੁੱਤੇ ਦਾ ਸ਼ਿਕਾਰ ਨਹੀਂ ਕਰਦੇ। "ਇਸ ਟਿੱਪਣੀ ਦੀ ਬ੍ਰਜੇਸ਼ ਸੰਤ ਉੱਤੇ ਜਾਤੀਵਾਦੀ ਹਮਲੇ ਵਜੋਂ ਸਖਤ ਅਲੋਚਨਾ ਕੀਤੀ ਜਾ ਰਹੀ ਹੈ।**

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪਰੈਲ INTERNATIONAL PAPER, 94636 01616 hardipchumber57@gmail.com





ਹਰਿਦੁਆਰ ਦੇ ਸੰਸਦ ਮੈਂਬਰ ਅਤੇ ਸਾਬਕਾ ਮੁੱਖ ਮੰਤਰੀ ਤ੍ਰਿਵੇਂਦਰ ਸਿੰਘ ਰਾਵਤ ਵੱਲੋਂ ਸੂਬੇ ਦੇ ਮਾਈਨਿੰਗ ਸਕੱਤਰ ਅਤੇ ਇੱਕ ਦਲਿਤ ਆਈ. ਏ. ਐੱਸ. ਅਧਿਕਾਰੀ ਬ੍ਰਜੇਸ਼ ਸੰਤ 'ਤੇ ਵਿਵਾਦਪੂਰਨ ਟਿੱਪਣੀ ਕਰਨ ਤੋਂ ਬਾਅਦ ਸੂਬੇ ਵਿੱਚ ਗ਼ੈਰ-ਕਾਨੂੰਨੀ ਮਾਈਨਿੰਗ ਵਿਵਾਦ ਹੋਰ ਗਹਿਰਾ ਹੋ ਗਿਆ।

ਰਾਵਤ ਦੀਆਂ ਟਿੱਪਣੀਆਂ ਦੀ ਜਾਤੀਵਾਦੀ ਵਜੋਂ ਵਿਆਪਕ ਤੌਰ 'ਤੇ ਨਿੰਦਾ ਕੀਤੀ ਗਈ, ਜਿਸ ਨਾਲ ਉੱਤਰਾਖੰਡ ਆਈ. ਏ. ਐੱਸ. ਐਸੋਸੀਏਸ਼ਨ ਨੂੰ ਅਧਿਕਾਰਤ ਤੌਰ' ਤੇ ਵਿਰੋਧ ਦਰਜ ਕਰਵਾਉਣ ਅਤੇ ਮਤਾ ਪਾਸ ਕਰਨ ਲਈ ਪ੍ਰੇਰਿਤ ਕੀਤਾ ਗਿਆ।

ਵਿਵਾਦ ਉਦੋਂ ਸ਼ੁਰੂ ਹੋਇਆ ਜਦੋਂ ਰਾਵਤ ਨੇ ਸ਼ੁੱਕਰਵਾਰ ਨੂੰ ਸੰਸਦ ਵਿੱਚ ਬੋਲਦਿਆਂ ਦਾਅਵਾ ਕੀਤਾ ਕਿ ਉੱਤਰਾਖੰਡ ਵਿੱਚ ਗੈਰ ਕਾਨੂੰਨੀ ਮਾਈਨਿੰਗ ਆਪਣੇ ਸਿਖਰ 'ਤੇ ਹੈ। ਬ੍ਰਜੇਸ਼ ਸੰਤ ਨੇ ਦੋਸ਼ਾਂ ਨੂੰ "ਝੂਠਾ" ਦੱਸਦਿਆਂ ਖਾਰਜ ਕਰ ਦਿੱਤਾ।

ਸੰਤ ਦੇ ਬਿਆਨ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਰਾਵਤ ਨੇ ਕਿਹਾ, "ਕੀ ਕਹਿਣਾ ਹੈ? ਗਾਵਾਂ ਕੁੱਤਿਆਂ ਨੂੰ ਨਹੀਂ ਮਾਰਦੀਆਂ। "ਇਸ ਟਿੱਪਣੀ ਦੀ ਸੰਤ ਉੱਤੇ ਜਾਤੀਵਾਦੀ ਹਮਲੇ ਵਜੋਂ ਸਖਤ ਅਲੋਚਨਾ ਕੀਤੀ ਜਾ ਰਹੀ ਹੈ।

ਰਾਵਤ ਦੀ ਟਿੱਪਣੀ ਦੇ ਵਿਰੋਧ ਵਿੱਚ ਹਰਿਦੁਆਰ ਦੇ ਜਟਵਾੜਾ ਖੇਤਰ ਵਿੱਚ ਇੱਕ ਰੋਸ ਰੈਲੀ ਕੀਤੀ ਗਈ। ਭਾਜਪਾ ਦੇ ਸੂਬਾ ਪ੍ਰਧਾਨ ਮਹਿੰਦਰ ਭੱਟ ਨੇ ਰਾਵਤ ਦੇ ਦੋਸ਼ਾਂ ਨੂੰ ਘੱਟ ਦੱਸਦਿਆਂ ਕਿਹਾ ਕਿ ਪਾਰਟੀ ਦੀਆਂ ਪਾਰਦਰਸ਼ੀ ਨੀਤੀਆਂ ਕਾਰਨ ਕਾਨੂੰਨੀ ਮਾਈਨਿੰਗ ਤੋਂ ਮਾਲੀਏ ਵਿੱਚ ਮਹੱਤਵਪੂਰਨ ਵਾਧਾ ਹੋਇਆ ਹੈ।

ਵਿਰੋਧੀ ਧਿਰ ਦੇ ਨੇਤਾ ਯਸ਼ਪਾਲ ਆਰੀਆ ਨੇ ਹਾਲਾਂਕਿ ਸਰਕਾਰ 'ਤੇ ਗ਼ੈਰ-ਕਾਨੂੰਨੀ ਖਣਨ ਗਤੀਵਿਧੀਆਂ ਦੀ ਸਰਪ੍ਰਸਤੀ ਕਰਨ ਦਾ ਦੋਸ਼ ਲਗਾਇਆ।

ਇਸ ਮੌਕੇ ਸਾਬਕਾ ਮੁੱਖ ਮੰਤਰੀ ਹਰੀਸ਼ ਰਾਵਤ ਵੀ ਮੌਜੂਦ ਸਨ। ਉਨ੍ਹਾਂ ਨੇ ਗ਼ੈਰ-ਕਾਨੂੰਨੀ ਖਣਨ 'ਤੇ ਤ੍ਰਿਵੇਂਦਰ ਰਾਵਤ ਦੁਆਰਾ ਉਠਾਏ ਗਏ ਮੁੱਦੇ ਦਾ ਸਮਰਥਨ ਕਰਦੇ ਹੋਏ ਕੇਂਦਰ ਅਤੇ ਰਾਜ ਸਰਕਾਰਾਂ ਦੀ ਨਾਕਾਮੀ' ਤੇ ਸਵਾਲ ਚੁੱਕੇ, ਪਰ ਬ੍ਰਜੇਸ਼ ਸੰਤ ਵਿਰੁੱਧ ਦਿੱਤੇ ਗਏ ਬਿਆਨ ਦੀ ਵੀ ਨਿੰਦਾ ਕੀਤੀ।

ਉਹਨਾਂ ਕਿਹਾ ਕਿ ਇਹ ਬਹੁਤ ਅਜੀਬ ਗੱਲ ਹੈ ਕਿ ਨਾ ਤਾਂ ਕੇਂਦਰ ਸਰਕਾਰ ਅਤੇ ਨਾ ਹੀ ਰਾਜ ਸਰਕਾਰ ਗੈਰ ਕਾਨੂੰਨੀ ਮਾਈਨਿੰਗ ਵਿਰੁੱਧ ਕਾਰਵਾਈ ਕਰ ਰਹੀ ਹੈ। ਮਾਈਨਿੰਗ ਮਾਫੀਆ ਨੇ ਰੇਤ ਦੀ ਖੁਦਾਈ ਲਈ ਦਰਿਆਵਾਂ ਅਤੇ ਉਨ੍ਹਾਂ ਦੀਆਂ ਸਹਾਇਕ ਨਦੀਆਂ ਨੂੰ ਪੁੱਟਿਆ ਹੈ। ਉਨ੍ਹਾਂ ਇਹ ਵੀ ਕਿਹਾ ਕਿ ਜਨਤਕ ਸੇਵਕਾਂ ਦਾ ਸਨਮਾਨ ਕੀਤਾ ਜਾਣਾ ਚਾਹੀਦਾ ਹੈ।

ਇਸ ਵਿਵਾਦ ਦੇ ਵਿਚਕਾਰ, ਉੱਤਰਾਖੰਡ ਆਈ. ਏ. ਐੱਸ. ਐਸੋਸੀਏਸ਼ਨ ਨੇ 30 ਮਾਰਚ 2025 ਨੂੰ ਆਪਣੇ ਪ੍ਰਧਾਨ ਆਨੰਦ ਬਰਧਨ ਦੀ ਪ੍ਰਧਾਨਗੀ ਵਿੱਚ ਇੱਕ ਐਮਰਜੈਂਸੀ ਮੀਟਿੰਗ ਕੀਤੀ।

ਐਸੋਸੀਏਸ਼ਨ ਨੇ ਇੱਕ ਮਤਾ ਪਾਸ ਕੀਤਾ ਜਿਸ ਵਿੱਚ ਕਿਹਾ ਗਿਆ ਕਿ ਆਈ. ਏ. ਐੱਸ. ਅਧਿਕਾਰੀਆਂ ਨਾਲ ਹੋਰ ਨਾਗਰਿਕਾਂ ਵਾਂਗ ਸਤਿਕਾਰ ਅਤੇ ਸਨਮਾਨ ਨਾਲ ਪੇਸ਼ ਆਉਣਾ ਚਾਹੀਦਾ ਹੈ। ਉਨ੍ਹਾਂ ਨੇ ਰਾਜਨੀਤਿਕ ਨੇਤਾਵਾਂ ਅਤੇ ਸੰਗਠਨਾਂ ਨੂੰ ਅਪੀਲ ਕੀਤੀ ਕਿ ਉਹ ਅਜਿਹੇ ਬਿਆਨ ਨਾ ਦੇਣ ਜੋ ਸਰਕਾਰੀ ਅਧਿਕਾਰੀਆਂ ਦੇ ਸਵੈ-ਮਾਣ ਨੂੰ ਠੇਸ ਪਹੁੰਚਾਉਂਦੇ ਹਨ ਕਿਉਂਕਿ ਇਸ ਨਾਲ ਪ੍ਰਸ਼ਾਸਨਿਕ ਕੁਸ਼ਲਤਾ ਅਤੇ ਮਨੋਬਲ ਪ੍ਰਭਾਵਿਤ ਹੁੰਦਾ ਹੈ।

ਐਸੋਸੀਏਸ਼ਨ ਨੇ ਦੁਹਰਾਇਆ ਕਿ ਇਸ ਦੇ ਮੈਂਬਰ ਸਰਕਾਰੀ ਨੀਤੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਅਤੇ ਉਸਾਰੂ ਆਲੋਚਨਾ ਦਾ ਸਵਾਗਤ ਕਰਨ ਲਈ ਵਚਨਬੱਧ ਹਨ। ਹਾਲਾਂਕਿ, ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਨੀਤੀ ਲਾਗੂ ਕਰਨ ਨਾਲ ਸਬੰਧਤ ਚਿੰਤਾਵਾਂ ਨੂੰ ਜਨਤਕ ਆਲੋਚਨਾ ਦੀ ਬਜਾਏ ਸਰਕਾਰੀ ਪ੍ਰਸ਼ਾਸਨਿਕ ਸਾਧਨਾਂ ਰਾਹੀਂ ਹੱਲ ਕੀਤਾ ਜਾਣਾ ਚਾਹੀਦਾ ਹੈ। ਇਹ ਪ੍ਰਸਤਾਵ ਉੱਤਰਾਖੰਡ ਦੇ ਮੁੱਖ ਮੰਤਰੀ ਅਤੇ ਮੁੱਖ ਸਕੱਤਰ ਨੂੰ ਸੌਂਪ ਦਿੱਤਾ ਗਿਆ ਹੈ ਅਤੇ ਇਸ ਨੂੰ ਮੀਡੀਆ ਨਾਲ ਵੀ ਸਾਂਝਾ ਕੀਤਾ ਗਿਆ ਹੈ।

ਇਸ ਦੌਰਾਨ, ਉੱਤਰਾਖੰਡ ਹਾਈ ਕੋਰਟ ਨੇ ਗੈਰ ਕਾਨੂੰਨੀ ਮਾਈਨਿੰਗ ਵਿਰੁੱਧ ਸਖ਼ਤ ਕਾਰਵਾਈ ਦੇ ਆਦੇਸ਼ ਦਿੱਤੇ ਹਨ। ਹਾਲਾਂਕਿ, ਰਿਪੋਰਟਾਂ ਦੇ ਅਨੁਸਾਰ, ਬਾਗੇਸ਼ਵਰ ਅਤੇ ਹੋਰ ਖੇਤਰਾਂ ਵਿੱਚ ਇਹ ਗਤੀਵਿਧੀਆਂ ਨਿਰੰਤਰ ਜਾਰੀ ਹਨ, ਜਿਸ ਨਾਲ ਪ੍ਰਸ਼ਾਸਨਿਕ ਨਾਕਾਮੀ ਉੱਤੇ ਸਵਾਲ ਉੱਠਦੇ ਹਨ।

ਇਸ ਵਿਵਾਦ ਦੇ ਵਿਚਕਾਰ, ਉੱਤਰਾਖੰਡ ਵਿੱਚ ਗ਼ੈਰ-ਕਾਨੂੰਨੀ ਮਾਈਨਿੰਗ ਦਾ ਮੁੱਦਾ ਅਜੇ ਵੀ ਇੱਕ ਵੱਡੀ ਚੁਣੌਤੀ ਬਣਿਆ ਹੋਇਆ ਹੈ, ਜਿਸ ਉੱਤੇ ਰਾਜਨੀਤਕ ਅਤੇ ਪ੍ਰਸ਼ਾਸਕੀ ਦੋਵਾਂ ਪੱਧਰਾਂ ਉੱਤੇ ਨੇੜਿਓਂ ਨਜ਼ਰ ਰੱਖੀ ਜਾ ਰਹੀ ਹੈ।

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪਰੈਲ INTERNATIONAL PAPER, 94636 01616 hardipchumber57@gmail.com

# ਅੱਜ ਤੋਂ ਹੀ 'ਅੱਜ' ਨੂੰ ਮਾਣਨਾ ਸਿੱਖੀਏ।*



**ਚਰਨਜੀਤ ਸਿੰਘ ਮੁਕਤਸਰ, 9501300716**

ਅੱਜ ਸਾਡਾ ਸਭ ਤੋਂ ਵੱਡਾ ਤੋਹਫ਼ਾ ਹੈ। ਅਸੀਂ ਖੁਸ਼ ਜਾਂ ਉਦਾਸ ਹੋ ਸਕਦੇ ਹਾਂ। ਅਸੀਂ ਅੱਜ ਦਾ ਦਿਨ ਮਨਾ ਸਕਦੇ ਹਾਂ ਜਾਂ ਦਿਨ ਨੂੰ ਲੰਘਣ ਦੇ ਸਕਦੇ ਹਾਂ। ਉਸ ਕੱਲ੍ਹ ਦੇ ਉਲਟ,ਜੋ ਚਲਾ ਗਿਆ ਹੈ ਅਤੇ ਜੋ ਅਜੇ ਪੈਦਾ ਹੋਣਾ ਹੈ,ਅੱਜ ਸਾਡੇ ਹੱਥਾਂ ਵਿੱਚ ਹੈ।

ਤਾਂ, ਅੱਜ ਤੁਸੀਂ ਕੀ ਕਰਨ ਜਾ ਰਹੇ ਹੋ? ਕੀ ਤੁਸੀਂ ਆਪਣੇ ਮਨ ਅਤੇ ਇਸਦੇ ਵਿਚਾਰਾਂ ਨੂੰ ਨਿਰਾਸ਼ਾ ਪੈਦਾ ਕਰਨ ਦਿਓਗੇ, ਜਾਂ ਕੀ ਤੁਸੀਂ ਅੱਜ ਦਾ ਜਸ਼ਨ ਮਨਾਉਣ ਜਾ ਰਹੇ ਹੋ? ਇਹ ਤੁਹਾਡੀ ਮਰਜ਼ੀ ਹੈ। ਤੁਹਾਨੂੰ ਇਹ ਜ਼ਰੂਰ ਕਰਨਾ ਚਾਹੀਦਾ ਹੈ ਅਤੇ ਜੇਕਰ ਤੁਸੀਂ ਅਜਿਹਾ ਨਹੀਂ ਕਰਨਾ ਚਾਹੁੰਦੇ, ਤਾਂ ਤੁਸੀਂ ਅੱਜ ਜਸ਼ਨ ਮਨਾਉਣ ਦਾ ਮੌਕਾ ਗੁਆ ਦੇਵੋਗੇ। ਤੁਹਾਡਾ ਜਸ਼ਨ ਦੂਜਿਆਂ 'ਤੇ ਨਿਰਭਰ ਨਹੀਂ ਹੈ। ਇਹ ਤੁਹਾਡੇ ਤੇ ਨਿਰਭਰ ਕਰਦਾ ਹੈ। ਤੁਸੀਂ ਖੁਸ਼ ਰਹਿਣ ਲਈ ਦੂਜਿਆਂ 'ਤੇ ਭਰੋਸਾ ਨਹੀਂ ਕਰ ਸਕਦੇ। ਇਹ ਤੁਹਾਡੀ ਮਰਜ਼ੀ ਹੈ।

ਕੀ ਤੁਸੀਂ ਆਪਣੀਆਂ ਅਸੀਸਾਂ ਗਿਣੋਗੇ ਅਤੇ ਸੰਤੁਸ਼ਟੀ ਨਾਲ ਜ਼ਿੰਦਗੀ ਜੀਓਗੇ ਜਾਂ ਕੀ ਤੁਸੀਂ ਆਪਣੀਆਂ ਇੱਛਾਵਾਂ ਨੂੰ ਪਿਆਸ ਪੈਦਾ ਕਰਨ ਅਤੇ ਤੁਹਾਨੂੰ ਪਰੇਸ਼ਾਨ ਕਰਨ ਦਿਓਗੇ? ਇਹ ਤੁਹਾਡੇ ਤੇ ਹੈ!

ਨਿਰਾਸ਼ਾ ਕਿਸ ਤੋਂ ਪੈਦਾ ਹੁੰਦੀ ਹੈ? ਆਪਣੇ ਮਨ ਅਤੇ ਆਪਣੇ ਵਿਚਾਰਾਂ ਅੱਗੇ ਸਮਰਪਣ ਕਰ ਦਿਓ। ਆਪਣੀ ਜ਼ਿੰਦਗੀ ਨੂੰ ਡਰ, ਪਛਤਾਵਾ, ਦੋਸ਼, ਸ਼ਰਮ, ਤਣਾਅ, ਚਿੰਤਾ ਅਤੇ ਉਦਾਸੀ ਨਾਲ ਭਰਨ ਨਾਲ ਇੰਨੀ ਨਿਰਾਸ਼ਾ ਪੈਦਾ ਹੋ ਜਾਵੇਗੀ ਕਿ ਤੁਹਾਡਾ ਸਵੇਰੇ ਬਿਸਤਰੇ ਤੋਂ ਉੱਠਣ ਦਾ ਮਨ ਵੀ ਨਹੀਂ ਕਰੇਗਾ। ਤੁਸੀਂ ਆਪਣੇ ਦਿਨ ਦੇ ਹਰ ਪਲ ਨੂੰ ਨਫ਼ਰਤ ਅਤੇ ਸਰਾਪ ਦਿਓਗੇ। ਮਿੰਟ ਇੰਝ ਲੱਗਣਗੇ ਜਿਵੇਂ ਘੰਟੇ। ਤੁਹਾਡਾ ਦਿਨ ਨਿਰਾਸ਼ਾ, ਉਦਾਸੀ,ਅਤੇ ਦਰਦ ਵਿੱਚ ਲੰਘੇਗਾ। ਪਰ ਇਹ ਤੁਹਾਡੀ ਮਰਜ਼ੀ ਹੈ।

ਤੁਹਾਨੂੰ ਆਪਣੀ ਜ਼ਿੰਦਗੀ ਨੂੰ ਇਸ ਨਕਾਰਾਤਮਕਤਾ ਨਾਲ ਭਰਨ ਦੀ ਜ਼ਰੂਰਤ ਨਹੀਂ ਹੈ। ਇਹ ਬੇਕਾਰ ਹੈ। ਤੁਸੀਂ ਆਪਣੇ ਬਾਂਦਰ ਮਨ ਨੂੰ ਸ਼ਾਂਤ ਕਰ ਸਕਦੇ ਹੋ ਅਤੇ ਇੱਕ ਭਿਕਸ਼ੂ ਵਾਂਗ ਜੀ ਸਕਦੇ ਹੋ, ਅੱਜ ਦੇ ਹਰ ਪਲ ਨੂੰ ਸ਼ਾਂਤੀ, ਖੁਸ਼ੀ ਅਤੇ ਅਨੰਦ ਨਾਲ ਮਾਣ ਸਕਦੇ ਹੋ।

ਤੁਸੀਂ ਅੱਜ ਨੂੰ ਜਸ਼ਨ ਬਣਾ ਸਕਦੇ ਹੋ। ਤੁਸੀਂ ਮੁਸਕਰਾ ਸਕਦੇ ਹੋ ਅਤੇ ਹੱਸ ਸਕਦੇ ਹੋ ਅਤੇ ਵਿਸ਼ਵਾਸ, ਉਮੀਦ, ਵਿਸ਼ਵਾਸ ਅਤੇ ਉਤਸ਼ਾਹ ਨਾਲ ਜੀ ਸਕਦੇ ਹੋ। ਤੁਸੀਂ ਆਪਣੇ ਜੀਵਨ ਨੂੰ ਹਿੰਮਤ ਅਤੇ ਆਤਮਵਿਸ਼ਵਾਸ, ਪਿਆਰ ਅਤੇ ਹਮਦਰਦੀ, ਆਸ਼ਾਵਾਦ ਅਤੇ ਸ਼ੁਕਰਗੁਜ਼ਾਰੀ ਨਾਲ ਭਰ ਸਕਦੇ ਹੋ ।ਜਿਵੇਂ ਕਿ ਤੁਸੀਂ ਆਪਣੀਆਂ ਅਸੀਸਾਂ ਗਿਣਦੇ ਹੋ ਅਤੇ ਆਪਣੇ ਖੁਸ਼ੀ ਭਰੇ ਦਿਨ ਦੇ ਹਰ ਪਲ ਦਾ ਜਸ਼ਨ ਮਨਾਉਂਦੇ ਹੋ। ਜਿਹੜੇ ਲੋਕ ਜਸ਼ਨ ਮਨਾਉਂਦੇ ਹਨ, ਉਨ੍ਹਾਂ ਦਾ ਦਿਨ ਪਲਾਂ ਵਿੱਚ ਗਾਇਬ ਹੋ ਜਾਂਦਾ ਹੈ ਕਿਉਂਕਿ ਉਹ ਮੌਜ-ਮਸਤੀ ਕਰ ਰਹੇ ਹੁੰਦੇ ਹਨ। ਪਰ ਜਿਹੜੇ ਲੋਕ ਜਸ਼ਨ ਨਹੀਂ ਮਨਾਉਂਦੇ, ਉਨ੍ਹਾਂ ਦਾ ਦਿਨ ਹਮੇਸ਼ਾ ਲਈ ਰਹਿੰਦਾ ਹੈ।

ਕੀ ਤੁਸੀਂ ਦੋਵੇਂ ਸਥਿਤੀਆਂ ਦਾ ਅਨੁਭਵ ਨਹੀਂ ਕੀਤਾ, ਆਪਣੇ ਦਿਨ ਨੂੰ ਜਸ਼ਨ ਦਾ ਦਿਨ ਅਤੇ ਨਿਰਾਸ਼ਾ ਦਾ ਦਿਨ ਬਣਨ ਦਿੱਤਾ? ਹੁਣ ਇਹ ਤੁਹਾਡੀ ਮਰਜ਼ੀ ਹੈ। ਤੁਸੀਂ ਆਪਣਾ ਅੱਜ ਕਿਵੇਂ ਦਾ ਚਾਹੁੰਦੇ ਹੋ? ਅਤੇ ਇਹ ਸਿਰਫ਼ ਅੱਜ ਦੀ ਗੱਲ ਨਹੀਂ ਹੈ; ਹਰ ਅੱਜ ਤੁਹਾਡੇ ਰਾਹ ਆਉਂਦਾ ਹੈ। ਤੁਸੀਂ ਇਸਨੂੰ ਸਲੇਟੀ ਬੱਦਲਾਂ ਨਾਲ ਭਰਨਾ ਚੁਣ ਸਕਦੇ ਹੋ ਜਾਂ ਤੁਸੀਂ ਅੱਜ ਆਪਣੀ ਜ਼ਿੰਦਗੀ ਨੂੰ ਖੁਸ਼ੀ ਨਾਲ ਭਰਨਾ ਚੁਣ ਸਕਦੇ ਹੋ।

ਅਸੀਂ ਆਪਣੇ ਜਹਾਜ਼ ਦੇ ਪਾਇਲਟ ਹਾਂ, ਆਪਣੇ ਜਹਾਜ਼ ਦੇ ਕਪਤਾਨ ਹਾਂ। ਅਸੀਂ ਫੈਸਲਾ ਕਰਦੇ ਹਾਂ ਕਿ ਸਾਡਾ ਅੱਜ ਕਿਹੋ ਜਿਹਾ ਹੋਵੇਗਾ। ਇਸ ਵਿੱਚ ਕੋਈ ਸ਼ੱਕ ਨਹੀਂ ਕਿ ਅਸੀਂ ਜ਼ਿੰਦਗੀ ਵਿੱਚ ਜੋ ਕੁਝ ਵਾਪਰਦਾ ਹੈ ਉਸਨੂੰ ਕੰਟਰੋਲ ਨਹੀਂ ਕਰ ਸਕਦੇ। ਅਸੀਂ ਦੂਜਿਆਂ ਦੇ ਕੰਮਾਂ ਨੂੰ ਕੰਟਰੋਲ ਨਹੀਂ ਕਰ ਸਕਦੇ, ਪਰ ਅਸੀਂ ਆਪਣੇ ਜਵਾਬ ਚੁਣ ਸਕਦੇ ਹਾਂ। ਅਸੀਂ ਨਿਰਾਸ਼ਾ ਵਿੱਚ ਜੀ ਸਕਦੇ ਹਾਂ ਜਾਂ ਜ਼ਿੰਦਗੀ ਨੂੰ ਇੱਕ ਜਸ਼ਨ ਬਣਾ ਸਕਦੇ ਹਾਂ।

ਅੱਜ, ਤੁਹਾਨੂੰ ਇੱਕ ਚੋਣ ਕਰਨੀ ਪਵੇਗੀ, ਅਤੇ ਜੋ ਚੋਣ ਕਰਦੇ ਹਨ ਉਹ ਜੇਤੂ ਹਨ, ਜਿਵੇਂ ਕਿ ਜੋ ਚੋਣ ਨਹੀਂ ਕਰਦੇ ਉਹ ਹਾਰਨ ਵਾਲੇ ਹਨ। ਮੈਂ ਅੱਜ ਤੁਹਾਡੀ ਉਡੀਕ ਕਰ ਰਿਹਾ ਹਾਂ, ਪਰ ਸਮਾਂ ਖਤਮ ਹੋ ਰਿਹਾ ਹੈ। ਜੇਕਰ ਤੁਸੀਂ ਅੱਜ ਜਸ਼ਨ ਨਹੀਂ ਮਨਾਉਂਦੇ, ਤਾਂ ਸਾਵਧਾਨ ਰਹੋ, ਤੁਹਾਡਾ ਮਨ ਇਸਨੂੰ ਨਿਰਾਸ਼ਾ ਨਾਲ ਭਰਨ ਲਈ ਤਿਆਰ ਹੈ। ਇਸ ਲਈ, ਧਿਆਨ ਰੱਖੋ ਕਿ ਜੇ ਤੁਸੀਂ ਰੁਕ ਕੇ ਜ਼ਿੰਦਗੀ ਦੇ ਹਰ ਦਿਨ ਦਾ ਜਸ਼ਨ ਨਹੀਂ ਮਨਾਉਂਦੇ, ਤਾਂ ਤੁਹਾਡਾ ਦਿਨ ਤੁਹਾਡੇ ਤੋਂ ਖਿਸਕ ਜਾਵੇਗਾ।

ਸਿਰਫ਼ ਇਹੀ ਨਹੀਂ, ਤੁਹਾਨੂੰ ਹਰ ਦਿਨ ਦਾ ਵੱਧ ਤੋਂ ਵੱਧ ਲਾਭ ਉਠਾਉਣਾ ਚਾਹੀਦਾ ਹੈ ਤਾਂ ਜੋ ਤੁਸੀਂ ਮਕਸਦ ਅਤੇ ਅਰਥ ਨਾਲ ਜੀ ਸਕੋ। ਸਮਝੋ ਕਿ ਤੁਸੀਂ ਕੌਣ ਹੋ। ਸਾਡੇ ਜਨਮ ਦਾ ਇੱਕ ਕਾਰਨ ਹੈ। ਸਾਨੂੰ ਇਸਨੂੰ ਖਤਮ ਹੋਣ ਤੋਂ ਪਹਿਲਾਂ ਹੀ ਲੱਭਣਾ ਚਾਹੀਦਾ ਹੈ। ਪੜਚੋਲ ਕਰਨ ਜਾਓ। ਸਮਝੋ ਕਿ ਤੁਸੀਂ ਸਰੀਰ, ਮਨ ਅਤੇ ਹੰਕਾਰ ਨਹੀਂ ਹੋ। ਤੁਸੀਂ ਇੱਕ ਆਤਮਾ ਹੋ, ਵਿਲੱਖਣ ਜੀਵਨ ਦੀ ਇੱਕ ਚੰਗਿਆੜੀ, ਆਓ, ਅੱਜ ਤੋਂ ਹੀ 'ਅੱਜ' ਨੂੰ ਮਾਣਨਾ ਸਿੱਖੀਏ।

-- ਚਰਨਜੀਤ ਸਿੰਘ ਮੁਕਤਸਰ,
ਸੈਂਟਰ ਹੈੱਡ ਟੀਚਰ, ਸਪ੍ਰਸ ਝਬੇਲਵਾਲੀ,
ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ,
ਮੋਬਾਈਲ ਨੰਬਰ 9501300716

# 8 ਅਪ੍ਰੈਲ ਨੂੰ ਲੁਧਿਆਣਾ ਵਿਖੇ ਹੋਵੇਗਾ ਡੀ.ਟੀ.ਐੱਫ. ਪੰਜਾਬ ਦਾ ਜਥੇਬੰਦਕ ਇਜਲਾਸ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪਰੈਲ INTERNATIONAL PAPER, 94636 01616 hardipchumber57@gmail.com

ਸੰਗਰੂਰ, 2 ਅਪ੍ਰੈਲ (ਜਗਸੀਰ ਸਿੰਘ ) - ਅਧਿਆਪਕ, ਵਿਦਿਆਰਥੀ ਹੱਕਾਂ ਲਈ ਅਤੇ ਜਨਤਕ ਸਿੱਖਿਆ ਨੂੰ ਬਚਾਉਣ ਲਈ ਹਮੇਸ਼ਾ ਸੰਘਰਸ਼ ਦੇ ਮੈਦਾਨ ਵਿੱਚ ਰਹਿਣ ਵਾਲੀ ਜੁਝਾਰੂ ਅਧਿਆਪਕ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੀ ਸੂਬਾ ਪ੍ਰਤੀਨਿਧ ਕੌਂਸਲ ਦਾ ਜਥੇਬੰਦਕ ਇਜਲਾਸ 8 ਅਪ੍ਰੈਲ ਨੂੰ ਪੰਜਾਬੀ ਭਵਨ ਲੁਧਿਆਣਾ ਵਿਖੇ ਕਰਵਾਇਆ ਜਾ ਰਿਹਾ ਹੈ। ਡੀ ਟੀ ਐਫ ਦੀ ਜ਼ਿਲ੍ਹਾ ਸੰਗਰੂਰ ਇਕਾਈ ਦੇ ਪ੍ਰਧਾਨ ਦਾਤਾ ਸਿੰਘ ਨਮੋਲ ਅਤੇ ਜਨਰਲ ਸਕੱਤਰ ਹਰਭਗਵਾਨ ਗੁਰਨੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਅਧਿਆਪਕ ਵਰਗ ਜਿੱਥੇ ਲੋਕ ਵਿਰੋਧੀ ਆਰਥਿਕ ਨੀਤੀਆਂ ਦੀ ਭਾਰੀ ਮਾਰ ਝੱਲ ਰਿਹਾ ਹੈ, ਉੱਥੇ ਕੇਂਦਰ ਅਤੇ ਪੰਜਾਬ ਦੀ ਸਰਕਾਰ ਵਿਸ਼ਵੀਕਰਨ-ਨਿਜੀਕਰਨ-ਉਦਾਰੀਕਰਨ ਦੀਆਂ ਨੀਤੀਆਂ ਦੀ ਲੀਹ 'ਤੇ ਚਲਦਿਆਂ ਸਿੱਖਿਆ ਵਿਰੋਧੀ ਮਾਰੂ ਸਿੱਖਿਆ ਨੀਤੀ 2020 ਨੂੰ ਧੜੱਲੇ ਨਾਲ ਲਾਗੂ ਕਰਕੇ ਸਿੱਖਿਆ ਦਾ ਕੇਂਦਰੀਕਰਨ, ਭਗਵਾਕਰਨ ਕਰਨ ਦੇ ਨਾਲ ਨਾਲ ਇਸਨੂੰ ਨਿੱਜੀ ਹੱਥਾਂ ਵਿੱਚ ਸੌਂਪ ਕੇ ਜਨਤਕ ਸਿੱਖਿਆ ਦਾ ਭੋਗ ਪਾਉਣ ਲਈ ਪੱਬਾਂ ਭਾਰ ਹੈ।ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸੰਗਰੂਰ,ਵਿੱਤ ਸਕੱਤਰ ਯਾਦਵਿੰਦਰ ਪਾਲ ਧੂਰੀ ਅਤੇ ਪ੍ਰੈਸ ਸਕੱਤਰ ਜਸਬੀਰ ਨਮੋਲ ਨੇ ਕਿਹਾ ਕਿ ਸਿੱਖਿਆ ਨੂੰ ਮੌਜੂਦਾ ਚੁਣੌਤੀਆਂ ਦੇ ਸਨਮੁੱਖ ਇਸ ਸੂਬਾ ਇਜਲਾਸ ਵਿੱਚ ਸਿੱਖਿਆ ਵਿਰੋਧੀ ਨੀਤੀਆਂ 'ਤੇ ਵਿਚਾਰ ਚਰਚਾ, ਇਹਨਾਂ ਨੂੰ ਮੋੜਾ ਦੇਣ ਲਈ ਇੱਕ ਵੱਡੀ ਲੋਕ ਲਹਿਰ ਦੀ ਉਸਾਰੀ ਹਿਤ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਬਾਰੇ ਯੋਜਨਾਬੰਦੀ ਕੀਤੀ ਜਾਵੇਗੀ। ਕੁੱਝ ਸੰਵਿਧਾਨਕ ਸੋਧਾਂ ਕਰਨ ਦੇ ਨਾਲ ਨਾਲ ਸਰਕਾਰੀ ਤੌਰ 'ਤੇ ਸੇਵਾ ਮੁਕਤ ਹੋਏ ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਬਲਬੀਰ ਲੌਂਗੋਵਾਲ ਦੀ ਥਾਂ ਨਵੇਂ ਸੂਬਾ ਜਨਰਲ ਸਕੱਤਰ ਦੀ ਵੀ ਚੋਣ ਕੀਤੀ ਜਾਵੇਗੀ। ਇਸ ਮੌਕੇ ਭਵਿੱਖੀ ਸੰਘਰਸ਼ ਦਾ ਵੀ ਐਲਾਨ ਕੀਤਾ ਜਾਵੇਗਾ।

# ਹਰਬੰਸ ਸਿੰਘ ਨੂੰ ਆਸ਼ਾਦੀਪ ਵੈਲਫੇਅਰ ਸੁਸਾਇਟੀ ਦਾ ਮੁਖੀ ਚੁਣਿਆ ਗਿਆ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 02 ਅਪ੍ਰੈਲ INTERNATIONAL PAPER, 94636 01616 hardipchumber57@gmail.com



ਹੁ ਸ਼ਿ ਆ ਰ ਪੁ ਰ (ਸਤਨਾਮ ਸਿੰਘ ਸਹੂੰਗੜਾ) ਹਰਬੰਸ ਸਿੰਘ ਨੂੰ ਜੇਐਸਐਸ ਆਸ਼ਾ ਕਿਰਨ ਸਪੈਸ਼ਲ ਸਕੂਲ ਜਹਾਨਖੇਲਾ ਵਿੱਚ ਆਸ਼ਾਦੀਪ ਵੈਲਫੇਅਰ ਸੁਸਾਇਟੀ ਦਾ ਮੁਖੀ ਨਿਯੁਕਤ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਹਰਬੰਸ ਸਿੰਘ 2021 ਤੋਂ 2025 ਤੱਕ ਸੋਸਾਇਟੀ ਦੇ ਸਕੱਤਰ ਦੇ ਅਹੁਦੇ 'ਤੇ ਰਹਿ ਚੁੱਕੇ ਹਨ। ਉਸ ਸਮੇਂ ਸੀ.ਏ ਤਰਨਜੀਤ ਸਿੰਘ ਸੁਸਾਇਟੀ ਦੇ ਮੁਖੀ ਸਨ। ਹਰਬੰਸ ਸਿੰਘ ਨੇ ਪ੍ਰਿੰਸੀਪਲ ਦੇ ਅਹੁਦੇ ਦੀ ਜ਼ਿੰਮੇਵਾਰੀ ਸੰਭਾਲਦਿਆਂ ਕਿਹਾ ਕਿ ਸੁਸਾਇਟੀ ਮੈਂਬਰਾਂ ਵੱਲੋਂ ਉਨ੍ਹਾਂ ਨੂੰ ਜੋ ਨਵੀਂ ਜ਼ਿੰਮੇਵਾਰੀ ਸੌਂਪੀ ਗਈ ਹੈ, ਉਸ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ ਅਤੇ ਵਿਸ਼ੇਸ਼ ਬੱਚਿਆਂ ਦੇ ਭਵਿੱਖ ਨੂੰ ਬਿਹਤਰ ਬਣਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ। ਇਸ ਮੌਕੇ ਸੁਸਾਇਟੀ ਦੀ ਕਾਰਜਕਾਰਨੀ ਦੀ ਚੋਣ ਵੀ ਕੀਤੀ ਗਈ। ਜਿਸ ਵਿੱਚ ਕਰਨਲ ਗੁਰਮੀਤ ਸਿੰਘ ਨੂੰ ਸਕੱਤਰ, ਪਰਮਜੀਤ ਸਿੰਘ ਸਚਦੇਵਾ ਪੈਟਰਨ, ਮਲਕੀਤ ਸਿੰਘ ਮਹਿਦੂ ਨੂੰ ਸਲਾਹਕਾਰ, ਵਿੱਤ ਸਕੱਤਰ ਹਰੀਸ਼ ਚੰਦਰ ਠਾਕੁਰ, ਮੀਤ ਪ੍ਰਧਾਨ ਰਾਜੇਸ਼ ਜੈਨ, ਸੰਯੁਕਤ ਸਕੱਤਰ ਹਰਮੇਸ਼ ਤਲਵਾੜ, ਆਰਸੀਆਈ ਕਮੇਟੀ ਦੇ ਚੇਅਰਮੈਨ ਐਡਵੋਕੇਟ ਹਰੀਸ਼ ਚੰਦਰ ਈ.ਆਰ. ਕਮਲਜੀਤ ਚੋਪੜਾ ਚੇਅਰਮੈਨ ਪੇਰੈਂਟਸ ਕਮੇਟੀ, ਸੀ.ਏ ਤਰਨਜੀਤ ਸਿੰਘ ਵਿੱਤ ਸਲਾਹਕਾਰ, ਮਸਤਾਨ ਸਿੰਘ ਗਰੇਵਾਲ ਚੇਅਰਮੈਨ ਟੈਕਨੀਕਲ ਕਮੇਟੀ, ਡਾ.ਜੇ.ਐਸ ਦਰਦੀ ਚੇਅਰਮੈਨ ਮੈਡੀਕਲ ਕਮੇਟੀ, ਰਾਮ ਆਸਰਾ ਜਾਇੰਟ ਸਕੱਤਰ ਵਿੱਤ, ਰਾਮ ਕੁਮਾਰ ਸ਼ਰਮਾ ਸਕੂਲ ਐਕਟੀਵਿਟੀ ਕਮੇਟੀ ਚੁਣੇ ਗਏ। ਇਸ ਮੌਕੇ ਸਕੂਲ ਸਟਾਫ਼ ਵੱਲੋਂ ਪ੍ਰਿੰਸੀਪਲ ਹਰਬੰਸ ਸਿੰਘ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕੀਤਾ ਗਿਆ। ਇਸ ਮੌਕੇ ਸੀ.ਏ ਤਰਨਜੀਤ ਸਿੰਘ ਨੇ ਸਮੂਹ ਕਮੇਟੀ ਮੈਂਬਰਾਂ ਅਤੇ ਸਕੂਲ ਸਟਾਫ਼ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿਛਲੇ ਸਮੇਂ ਵਿੱਚ ਸਾਰਿਆਂ ਨੇ ਉਨ੍ਹਾਂ ਦਾ ਬਹੁਤ ਸਹਿਯੋਗ ਕੀਤਾ ਜਿਸ ਕਾਰਨ ਸਕੂਲ ਅੱਗੇ ਵਧਿਆ।

# ਸੀ ਪੀ ਆਈ ਐੱਮ ਬ੍ਰਾਂਚ ਗੌਬਿੰਦਪੁਰ ਵੱਲੋਂ ਸਾਬਕਾ ਸੰਸਦ ਮੈਂਬਰ ਦੇ ਸਦੀਵੀ ਵਿਛੋੜੇ ਤੇ ਸਮੂਹ ਬਰਾਂਚ ਯਾਦ ਕੀਤਾ

## ਪਾਰਟੀ ਦਾ ਝੰਡਾ ਨੀਮਾ ਕੀਤਾ ਗਿਆ ਤੇ ਦੋ ਮਿੰਟ ਦਾ ਮੌਨ ਧਾਰ ਕੇ ਸੋਗ ਪ੍ਰਗਟ ਕੀਤਾ ਗਿ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 02 ਅਪ੍ਰੈਲ INTERNATIONAL PAPER, 94636 01616 hardipchumber57@gmail.com



ਅੱਜ ਸੀ ਪੀ ਆਈ ਐੱਮ ਬ੍ਰਾਂਚ ਗੌਬਿੰਦਪੁਰ ਵੱਲੋਂ ਯਾਦ ਕੀਤਾ ਗਿਆ ਕੁੱਲ ਹਿੰਦ ਦੇ ਆਗੂਆਂ ਨੂੰ ਬੰਗਾ( ਚਰਨਜੀਤ ਸੱਲ੍ਹਾ ) ਅੱਜ ਸੀ ਪੀ ਆਈ ਐਮ ਬਰਾਂਚ ਗੋਬਿੰਦਪੁਰ ਵੱਲੋਂ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਸਬਾਈ ਆਗੂ ਤੇ ਪਾਰਟੀ ਦੇ ਫਿਲੌਰ ਤੋਂ ( ਲੋਕ ਸਭਾ ਮੈਂਬਰ ) ਸਾਬਕਾ ਸੰਸਦ ਮੈਂਬਰ ਦੇ ਸਦੀਵੀ ਵਿਛੋੜੇ ਤੇ ਸਮੂਹ ਬਰਾਂਚ ਮੈਂਬਰਾਂ ਤੇ ਹਮਦਰਦਾਂ ਵੱਲੋਂ ਇਕੱਠੇ ਹੋ ਕੇ ਪਾਰਟੀ ਦਾ ਝੰਡਾ ਨੀਮਾ ਕੀਤਾ ਗਿਆ ਤੇ ਦੋ ਮਿੰਟ ਦਾ ਮੌਨ ਧਾਰ ਕੇ ਸੋਗ ਪ੍ਰਗਟ ਕੀਤਾ ਗਿਆ। ਜਿਸ ਵਿੱਚ ਹਾਜ਼ਰ ਮੈਂਬਰ, ਬਰਾਂਚ ਸਕੱਤਰ, ਹਰਬੰਸ ਬਿੱਲਾ ਬਰਾਂਚ ਸਕੱਤਰ ਕਮਲਜੀਤ ਸਿੰਘ ਰੱਕੜ, ਕਾਮਰੇਡ ਚਰਨ ਦਾਸ, ਕਾਮਰੇਡ ਗੁਰਦੇਵ ਰਾਮ, ਕੇਵਲ ਰਾਮ ,ਮਨਜੀਤ ਰਾਮ, ਲਕਸ਼ਮਾਣ ਸਿੰਘ , ਮੌਜੂਦਾ ਸਰਪੰਚ ਸਤਪਾਲ ਲੌਂਗੀਆ , ਸਾਬਕਾ ਸਰਪੰਚ ਅਮਰਜੀਤ ਕਲੇਰ, ਡਾਕਟਰ ਕੁਲਦੀਪ ਮਲ, ਮਹਿੰਦਰ ਕਪੂਰ, ਲੰਬੜਦਾਰ ਦਰਸ਼ਨ ਸਿੰਘ, ਲੰਬੜਦਾਰ ਰਸਪਾਲ ਸਿੰਘ, ਸਾਬਕਾ ਸਰਪੰਚ ਕੁਲਵੰਤ ਸਿੰਘ, ਗਿਆਨ ਸਿੰਘ ਰਾਏ, ਨਿਰਮਲ ਸਿੰਘ ਰਾਏ, ਬਿੰਦਰ ਬਾਵਾ ਜੀ, ਬੀਬੀ ਗੁਰਦੇਵ ਕੌਰ, ਮਨਦੀਪ ਕੌਰ ਸੀਤੇ, ਸਿੱਖ ਨੈਸ਼ਨਲ ਕਾਲਜ ਬੰਗਾ ਦੇ ਸਾਬਕਾ ਪ੍ਰਧਾਨ ਕਾਮਰੇਡ ਮੱਖਣ ਸਿੰਘ, ਗੁਰਮੁਖ ਸਿੰਘ, ਐਨਆਰਆਈ ਵੱਲੋਂ ਅਫਸੋਸ ਪ੍ਰਗਟ ਕੀਤਾ ਗਿਆ ਯੂਐਸਏ ਤੋਂ ਕਾਮਰੇਡ ਸੁਖਵਿੰਦਰ ਸਿੰਘ ਢੱਲੂ ਵੱਲੋਂ ਵੀ ਸੋਗ ਸੰਦੇਸ਼ ਭੇਜਿਆ ਗਿਆ।

# ਅਗਰ ਤੁਹਾਡੇ ਵਿੱਚ ਦਮ ਹੈ ਤਾਂ ਬਾਹਰਲੇ ਦੇਸ਼ਾਂ ਵਿੱਚ ਹੀ ਬੁੱਤ ਨੂੰ ਤੋੜ ਕੇ ਦਿਖਾਵੇ --ਮੀਕਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 02 ਅਪ੍ਰੈਲ INTERNATIONAL PAPER, 94636 01616 hardipchumber57@gmail.com



ਨਵਾਂਸ਼ਹਿਰ ਬੰਗਾ( ਚਰਨਜੀਤ ਸੱਲ੍ਹਾ )ਅਗਰ ਤੁਹਾਡੇ ਚ ਦਮ ਆ ਤਾਂ ਕੈਨੇਡਾ ,ਅਮਰੀਕਾ,ਜਾਪਾਨ ,ਇੰਗਲੈਂਡ , ਚੀਨ, ਥਾਈਲੈਂਡ, ਕੈਲੇਫੋਰਨੀਆਂ, ਤੇ ਹੋਰ ਕਈ ਦੇਸ਼ਾਂ ਚ ਬਾਬਾ ਸਾਹਿਬ ਜੀ ਦੇ ਸਟੈਚੂ ਲਗੇ ਨੇ ਉਥੇ ਹੱਥ ਤੋੜ ਕੇ ਦਿਖਾਉ ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਓਬਾਮਾ ਨੇ ਕਿਹਾ ਸੀ ਅਗਰ ਅੰਬੇਡਕਰ ਜੀ ਸਾਡੇ ਮੁਲਕ ਜਮੇ ਹੁੰਦੇ ਤਾਂ ਸੂਰਜ ਕਹਿੰਦੇ ਉਸ ਨੂੰ ਗੋਰੇ ਲੋਕ ਬਾਬਾ ਸਾਹਿਬ ਜੀ ਨੂੰ ਪਲਕਾ ਤੇ ਬਿਠਾ ਕੇ ਰੱਖਦੇ ਨੇ ਤੇ ਸਾਡੇ ਭਾਰਤ ਕੁਝ ਲੋਕ ਜਿਹਨਾ ਦੇ ਦਿਮਾਗ ਜ਼ਹਿਰ ਜਾਤੀਵਾਦ ਭਰਿਆ ਹੋਇਆ ਉਹ ਅੱਜ ਵੀ ਬਾਬਾ ਸਾਹਿਬ ਜੀ ਤੇ ਨਫ਼ਰਤ ਕਰਦੇ ਨੇ ਸਾਡੇ ਰਹਿਬਰਾਂ ਦਾ ਅਪਮਾਨ ਕਰਦੇ ਨੇ ਜਾਤੀਵਾਦ ਲੋਕ ਇਹ ਉਹ ਪੈਡਾ ਸਾਡੇ ਰਹਿਬਰਾਂ ਦਾ ਜਿਹੜਾ ਕਦੇ ਨਹੀਂ ਸੁਖਨਾ ਲੱਖ ਯਤਨ ਕਰਲੇ ਦਿਲਾ ਚੋ ਅੰਬੇਡਕਰ ਜੀ ਨਹੀਂਓ ਮੁੱਕਣਾ ਬਾਬਾ ਸਾਹਿਬ ਜੀ ਨਹੀਓ ਮੁੱਕਣਾ ਜੈ ਭੀਮ ਜੀ ਜੈ ਭਾਰਤ ਜੀ ਮੀਕਾ ਗੰਗੜ

# ਭਗਵੰਤ ਮਾਨ ਨੇ ਰਾਹੁਲ ਗਾਂਧੀ 'ਤੇ ਟਿੱਪਣੀ ਕਰਕੇ ਆਪਣਾ ਗੁਆਚਿਆ ਮਾਨਸਿਕ ਸੰਤੁਲਨ ਦਿਖਾਇਆ - ਕਾਂਗਰਸ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 02 ਅਪ੍ਰੈਲ INTERNATIONAL PAPER, 94636 01616 hardipchumber57@gmail.com



ਹੁ ਸ਼ਿ ਆ ਰ ਪੁ ਰ (ਸਤਨਾਮ ਸਿੰਘ ਸਹੂੰਗੜਾ) ਜ਼ਿਲ੍ਹਾ ਕਾਂਗਰਸ ਕਮੇਟੀ ਦੀ ਤਰਫ਼ੋਂ ਆਮ ਆਦਮੀ ਪਾਰਟੀ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਖ਼ਿਲਾਫ਼ ਜ਼ਿਲ੍ਹਾ ਦਫ਼ਤਰ ਅੱਗੇ ਧਰਨਾ ਦਿੱਤਾ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਅਰੁਣ ਡੋਗਰਾ ਮਿੱਕੀ, ਸਾਬਕਾ ਮੰਤਰੀ ਸੁੰਦਰ ਸ਼ਾਮ ਅਰੋੜਾ ਤੇ ਸੰਗਤ ਸਿੰਘ ਗਿਲਜੀਆਂ, ਸਾਬਕਾ ਵਿਧਾਇਕ ਪਵਨ ਆਦੀਆ ਤੇ ਇੰਦੂ ਬਾਲਾ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਰਾਜੇਸ਼ ਗੁਪਤਾ, ਸ਼ਹਿਰੀ ਪ੍ਰਧਾਨ ਨਵਪ੍ਰੀਤ ਰਹੀਲ ਸਮੇਤ ਵੱਡੀ ਗਿਣਤੀ ਵਰਕਰਾਂ ਨੇ 'ਆਪ' ਸਰਕਾਰ ਤੇ ਭਗਵੰਤ ਮਾਨ ਖ਼ਿਲਾਫ਼ ਆਪਣਾ ਗੁੱਸਾ ਕੱਢਿਆ। ਇਸ ਮੌਕੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਆਪਣਾ ਮਾਨਸਿਕ ਸੰਤੁਲਨ ਗੁਆ ਚੁੱਕੇ ਹਨ ਅਤੇ ਉਨ੍ਹਾਂ ਵੱਲੋਂ ਰਾਹੁਲ ਗਾਂਧੀ 'ਤੇ ਕੀਤੀ ਗਈ ਅਪਮਾਨਜਨਕ ਟਿੱਪਣੀ ਦੀ ਨਿਖੇਧੀ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਇਹ ਉਹੀ ਮੁੱਖ ਮੰਤਰੀ ਮਾਨ ਹੈ ਜੋ ਸਟੇਜਾਂ 'ਤੇ ਜਾ ਕੇ ਉਨ੍ਹਾਂ ਨਾਲ ਹੱਥ ਮਿਲਾਉਣ ਲਈ ਤਰਸਦਾ ਸੀ ਅਤੇ ਅੱਜ ਜਨਤਾ ਨੂੰ ਗੁੰਮਰਾਹ ਕਰਨ ਲਈ ਉਨ੍ਹਾਂ ਦੇ ਸਨਮਾਨ 'ਚ ਬੋਲ ਰਿਹਾ ਹੈ। ਕਾਂਗਰਸ ਨੇਤਾਵਾਂ ਨੇ ਕਿਹਾ ਕਿ ਰਾਹੁਲ ਗਾਂਧੀ ਸੰਵਿਧਾਨਕ ਅਹੁਦੇ 'ਤੇ ਬੈਠੇ ਹਨ ਅਤੇ ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਹਨ ਅਤੇ ਦੋ ਸੀਟਾਂ ਤੋਂ ਜਿੱਤੇ ਹਨ। ਉਹ ਦੇਸ਼ ਦੇ ਲੋਕਾਂ ਦੀ ਦੁਰਦਸ਼ਾ ਜਾਣਨ ਲਈ ਹਜ਼ਾਰਾਂ ਕਿਲੋਮੀਟਰ ਪੈਦਲ ਸਫ਼ਰ ਕਰ ਚੁੱਕੇ ਹਨ ਅਤੇ ਉਹ ਦੇਸ਼ ਦੇ ਗਰੀਬ ਅਤੇ ਲੋੜਵੰਦ ਲੋਕਾਂ ਦੀ ਆਵਾਜ਼ ਬਣ ਕੇ ਲੋਕ ਸਭਾ ਵਿੱਚ ਗੂੰਜਦੇ ਹਨ। ਇੰਨਾ ਹੀ ਨਹੀਂ, ਉਹ ਇੱਕ ਸ਼ਹੀਦ ਪਰਿਵਾਰ ਤੋਂ ਆਉਂਦਾ ਹੈ ਅਤੇ ਉਸ ਦੇ ਪਰਿਵਾਰ ਦੇ ਦੋ ਵਿਅਕਤੀ ਸ਼ਹੀਦੀ ਪ੍ਰਾਪਤ ਕਰ ਚੁੱਕੇ ਹਨ। ਬੜੇ ਦੁੱਖ ਦੀ ਗੱਲ ਹੈ ਕਿ ਇੰਨੇ ਮਹਾਨ ਪਰਿਵਾਰ ਵਿੱਚ ਜਨਮ ਲੈਣ ਵਾਲੇ ਕਿਸੇ ਵਿਅਕਤੀ ਨੂੰ ਲੋਕ ਆਗੂ ਜਾਂ ਰੱਬ ਨਹੀਂ ਮੰਨਿਆ ਜਾਂਦਾ। ਆਗੂਆਂ ਨੇ ਕਿਹਾ ਕਿ ਰਾਹੁਲ ਗਾਂਧੀ ਜ਼ਮੀਨੀ ਪੱਧਰ ਦੇ ਆਗੂ ਹਨ ਅਤੇ ਉਨ੍ਹਾਂ ਵਿੱਚ ਕੋਈ ਹਉਮੈ ਨਹੀਂ ਹੈ। ਅੱਜ ਉਹ ਦਿੱਲੀ ਤੋਂ ਪੰਜਾਬ ਇਕੱਲਾ ਹੀ ਆ ਸਕਦਾ ਹੈ, ਪਰ ਜੇਕਰ ਤੁਹਾਡੇ ਲੀਡਰਾਂ ਵਿਚ ਹਿੰਮਤ ਹੈ ਤਾਂ ਇਕੱਲੇ ਕਿਸੇ ਪਿੰਡ ਜਾ ਕੇ ਦਿਖਾਓ। ਚੋਣਾਂ ਵੇਲੇ ਇੱਥੋਂ ਦੇ ਲੋਕਾਂ ਨੇ ਜਿਸ ਗਰਮਜੋਸ਼ੀ ਨਾਲ ਉਨ੍ਹਾਂ ਦਾ ਸੁਆਗਤ ਕੀਤਾ ਸੀ, ਅੱਜ ਉਹੀ ਲੋਕ ਉਨ੍ਹਾਂ ਦਾ ਸੁਆਗਤ ਕਰਨ ਲਈ ਕਿਵੇਂ ਤਿਆਰ ਹਨ, ਇਹ ਸਭ ਨੂੰ ਪਤਾ ਹੈ। ਉਨ੍ਹਾਂ 'ਆਪ' ਆਗੂਆਂ ਨੂੰ ਚੁਣੌਤੀ ਦਿੰਦਿਆਂ ਕਿਹਾ ਕਿ ਉਹ ਜਦੋਂ ਚਾਹੁਣ ਵਿਕਾਸ ਦੇ ਮੁੱਦੇ 'ਤੇ ਬਹਿਸ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਨਾਲ ਕੋਈ ਫਰਕ ਨਹੀਂ ਪੈਂਦਾ ਕਿ ਭਗਵੰਤ ਮਾਨ ਜਾਂ ਕੋਈ ਹੋਰ ਕੀ ਕਹਿੰਦਾ ਹੈ। ਕਿਉਂਕਿ ਰਾਹੁਲ ਗਾਂਧੀ ਕੋਈ ਆਮ ਵਿਅਕਤੀ ਨਹੀਂ, ਕਰੋੜਾਂ ਲੋਕਾਂ ਦੇ ਦਿਲਾਂ ਦੀ ਧੜਕਣ ਹਨ, ਜੋ ਲੋਕ ਸਭਾ ਵਿੱਚ ਆਪਣੀ ਡਿਊਟੀ ਪੂਰੀ ਇਮਾਨਦਾਰੀ ਨਾਲ ਨਿਭਾ ਰਹੇ ਹਨ।

# ਅੰਬੇਡਕਰੀ ਸੈਨਾ ਅਤੇ ਵਕੀਲ ਭਾਈਚਾਰੇ ਵੱਲੋਂ ਪੰਨੂ ਅਤੇ ਉਨਾਂ ਦੇ ਸਾਥੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰਨ ਦੀ ਮੰਗ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 02 ਅਪ੍ਰੈਲ INTERNATIONAL PAPER, 94636 01616 hardipchumber57@gmail.com






ਜਲੰਧਰ,01 ਅਪ੍ਰੈਲ (ਪਰਮਜੀਤ ਜੱਸਲ)- ਅੱਜ ਅੰਬੇਡਕਰੀ ਨਾਮਲੇਵਾ ਜਥੇਬੰਦੀਆਂ ਦੇ ਆਗੂ ਐਸ.ਐਸ. ਪੀ. ਦਫ਼ਤਰ ਜਲੰਧਰ ਵਿਖੇ ਇਕੱਠੇ ਹੋਏ, ਜਿੱਥੇ ਉਹਨਾਂ ਵੱਲੋਂ ਨਕਲੀ ਸਿੱਖ ਗੁਰਪਤਵੰਤ ਸਿੰਘ ਪੰਨੂ ਅਤੇ ਉਸ ਦੇ ਪੰਜਾਬ ਵਿੱਚ ਰਹਿੰਦੇ ਗੁੰਡਿਆਂ ਵਿਰੁੱਧ ਨਾਅਰੇਬਾਜੀ ਕੀਤੀ ਤੇ ਇਹਨਾਂ ਉੱਪਰ ਸਖਤ ਪੁਲਿਸ ਕਾਰਵਾਈ ਕਰਕੇ 2 ਦਿਨਾਂ ਦੇ ਅੰਦਰ- ਅੰਦਰ ਗ੍ਰਿਫਤਾਰ ਕਰਨ ਦੀ ਮੰਗ ਕੀਤੀ। ਇਸ ਮੌਕੇ ਬਲਵਿੰਦਰ ਬੁੱਗਾ ਪ੍ਰਧਾਨ ਅੰਬੇਡਕਰ ਸੈਨਾ ਪੰਜਾਬ ਨੇ ਕਿਹਾ ਕਿ ਨਕਲੀ ਸਿੱਖ ਪੰਨੂ ਦਾ ਦਿਮਾਗ ਖਰਾਬ ਹੋ ਗਿਆ ਹੈ ,ਜੋ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾਕਟਰ ਅੰਬੇਡਕਰ ਪ੍ਰਤੀ ਮਾੜੀ ਭਾਸ਼ਾ ਵਰਤ ਕੇ ਪੰਜਾਬ ਦਾ ਮਾਹੌਲ ਖਰਾਬ ਕਰਨਾ ਚਾਹੁੰਦਾ ਹੈ ਅਤੇ ਡਾ. ਅੰਬੇਡਕਰ ਦੇ ਲੱਗੇ ਬੁੱਤਾਂ ਨੂੰ ਨੁਕਸਾਨ ਪਹੁੰਚਾਉਣ ਦੀ ਸਾਜਿਸ਼ ਕਰ ਰਿਹਾ ਹੈ। ਸਤਿਗੁਰੂ ਰਵਿਦਾਸ ਮਹਾਰਾਜ ਜੀ ਨੂੰ ਵਾਰ-ਵਾਰ 'ਭਗਤ ' ਕਹਿ ਕੇ ਸੰਬੋਧਿਤ ਕਰ ਰਿਹਾ ਹੈ। ਸ੍ਰੀ ਬੁੱਗਾ ਨੇ ਕਿਹਾ ਕਿ ਇਸ ਨਕਲੀ ਸਿੱਖ ਪੰਨੂ ਨੂੰ ਭਾਰਤ ਵਿੱਚ ਆ ਕੇ ਗੱਲ ਕਰਨੀ ਚਾਹੀਦੀ ਹੈ ਤਾਂ ਜੋ ਅੰਬੇਡਕਰੀ ਇਸ ਦੀ ਜੀਭ ਅਤੇ ਹੱਥ ਕੱਟ ਕੇ ਪਲੇਟ ਵਿੱਚ ਭਰੇਸ ਸਕਨ। ਉਹਨਾਂ ਕਿਹਾ ਕਿ ਜੇ ਕੋਈ ਪਾਗਲ ਵਿਅਕਤੀ ਬਾਬਾ ਸਾਹਿਬ ਡਾਕਟਰ ਅੰਬੇਡਕਰ ਜੀ ਦੇ ਬੁੱਤਾਂ ਨੂੰ ਨੁਕਸਾਨ ਪਹੁੰਚਾਏਗਾ, ਉਸ ਦੇ ਹੱਥ ਪੈਰ ਕੱਟ ਦਿੱਤੇ ਜਾਣਗੇ। ਸਾਰੀਆਂ ਜਥੇਬੰਦੀਆਂ ਨੇ ਐਸ.ਐਸ.ਪੀ. ਜਲੰਧਰ ਨੂੰ ਮੈਮੋਰੰਡਮ ਦਿੱਤਾ ਅਤੇ ਮੰਗ ਕੀਤੀ ਕਿ ਦੋ ਦਿਨਾਂ ਦੇ ਵਿੱਚ ਗੈਰ ਸਮਾਜਿਕ ਤੱਤਾਂ ਨੂੰ ਗ੍ਰਿਫਤਾਰ ਕੀਤਾ ਜਾਵੇ, ਜਿਨਾਂ ਨੇ ਫਿਲੌਰ ਦੇ ਨੰਗਲ ਕਸਬੇ ਵਿੱਚ ਲੱਗੇ ਡਾ.ਅੰਬੇਡਕਰ ਦੇ ਬੁੱਤ ਨੂੰ ਨੁਕਸਾਨ ਪਹੁੰਚਾਇਆ ਅਤੇ ਦਲਿਤ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ। ਇਸ ਮੌਕੇ 'ਤੇ ਵਕੀਲ ਭਾਈਚਾਰੇ ਨੇ ਵੀ ਐਸ.ਐਸ.ਪੀ. ਜਲੰਧਰ ਨੂੰ ਲਿਖਤੀ ਅਪੀਲ ਕੀਤੀ ਕਿ ਉਕਤ ਸਮਾਜ ਵਿਰੋਧੀ ਤੱਤਾਂ ਉੱਪਰ ਸਖਤ ਕਾਰਵਾਈ ਕੀਤੀ ਜਾਵੇ ਅਤੇ ਨੰਗਲ ਵਿਖੇ ਦਰਜ ਐਫ.ਆਈ. ਆਰ. ਵਿੱਚ ਦੇਸ਼ ਧਰੋਹੀ ਅਤੇ ਹੋਰ ਸਖਤ ਧਰਾਵਾਂ ਦਾ ਵਾਧਾ ਕੀਤਾ ਜਾਵੇ ।ਇਸ ਮੌਕੇ ਐਡਵੋਕੇਟ ਵਿਜੈ ਕੁਮਾਰ ਬੱਧਣ, ਐਡਵੋਕੇਟ ਹਰਭਜਨ ਸਾਂਪਲਾ, ਐਡਵੋਕੇਟ ਰਾਜ ਕੁਮਾਰ ਬੈਂਸ ,ਐਡਵੋਕੇਟ ਜਸਵਿੰਦਰ ਪਾਲ, ਸੁਨੀਤਾ ਰਾਣੀ,ਸ੍ਰੀ ਰਮੇਸ਼ ਕੁਮਾਰ ਚੋਹਕਾਂ, ਨੰਬਰਦਾਰ ਬਲਵਿੰਦਰ ਬੰਗਾ, ਅੰਮ੍ਰਿਤਪਾਲ ਭੌਂਸਲੇ ਅਤੇ ਦੀਪਕ ਨਾਹਰ ਚੇਅਰਮੈਨ ਨੈਸ਼ਨਲ ਵਾਲਮੀਕ ਸਭਾ (ਅੰਬੇਡਕਰ) ਜਲੰਧਰ ਅਤੇ ਹੋਰ ਬਹੁਤ ਸਾਰੇ ਆਗੂ ਸ਼ਾਮਿਲ ਸਨ। ਇਸ ਮੌਕੇ 'ਤੇ ਬੁਲਾਰਿਆਂ ਨੇ ਮੋਦੀ ਸਰਕਾਰ ਅਤੇ ਪੰਜਾਬ ਸਰਕਾਰ ਦੀ ਮਾੜੀ ਕਾਰਗੁਜ਼ਾਰੀ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਅਤੇ ਸਮਾਜ ਨੂੰ ਦੇਸ਼ ਵਿੱਚ ਸ਼ਾਂਤੀ ਬਣਾਈ ਰੱਖਣ ਦੀ ਅਪੀਲ ਵੀ ਕੀਤੀ।

# ਪੰਜਾਬ ਦੇ ਬੋਧੀ ਭਾਈਚਾਰੇ ਅਤੇ ਅੰਬੇਡਕਰੀ ਜਥੇਬੰਦੀਆਂ ਨੇ ਡਾ. ਨਛੱਤਰ ਪਾਲ ਬਸਪਾ ਵਿਧਾਇਕ ਦਾ ਧੰਨਵਾਦ ਕੀਤਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪਰੈਲ INTERNATIONAL PAPER, 9463601616 hardipchumber57@gmail.com



ਜਲੰਧਰ, 01 ਅਪ੍ਰੈਲ (ਪਰਮਜੀਤ ਜੱਸਲ)-ਪੰਜਾਬ ਦੇ ਬੋਧੀ ਭਾਈਚਾਰੇ ,ਅੰਬੇਡਕਰੀ ਜਥੇਬੰਦੀਆਂ ਅਤੇ ਹੋਰ ਅਗਾਂਹਵਧੂ ਸ਼ਖਸ਼ੀਅਤਾਂ ਵੱਲੋਂ ਡਾ. ਨਛੱਤਰ ਪਾਲ ਬਸਪਾ ਵਿਧਾਇਕ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਹੈ। ਜਿਨਾਂ 27 ਫਰਵਰੀ 2025 ਨੂੰ ਪੰਜਾਬ ਵਿਧਾਨ ਸਭਾ ਵਿੱਚ ਬੌਧ ਗਯਾ ਮੰਦਰ ਐਕਟ 1949 ਨੂੰ ਰੱਦ ਕਰਨ, ਬੌਧ ਗਯਾ ਮਹਾਂਵਿਹਾਰ ਦਾ ਪੂਰਨ ਕੰਟਰੋਲ ਨਿਰੋਲ ਬੋਧੀਆਂ ਨੂੰ ਸੌਂਪਣ, ਪੰਜਾਬ ਵਿੱਚ ਬੁੱਧ ਪੂਰਨਿਮਾ ਦੀ ਗਜ਼ਟਿਡ ਛੁੱਟੀ ਕਰਨ ਦੀ ਮੰਗ ਅਤੇ ਘੱਟ ਗਿਣਤੀਆਂ ਕਮਿਸ਼ਨ ਵਿੱਚ ਬੋਧੀਆਂ ਦੀ ਨੁਮਾਇੰਦਗੀ ਦੇਣ ਸਬੰਧੀ ਮੰਗ ਨੂੰ ਵੱਡੇ ਪੱਧਰ 'ਤੇ ਉਠਾਇਆ । ਬੋਧੀ ਭਾਈਚਾਰੇ ਨਾਲ ਬਸਪਾ ਪੂਰੀ ਤਰ੍ਹਾਂ ਖੜ੍ਹੀ ਹੋਣ ਦਾ ਸਬੂਤ ਦਿੰਦੀ ਹੈ। ਅਜਿਹਾ ਸਹਿਯੋਗ ਕਰਨ ਲਈ ਪੰਜਾਬ ਦਾ ਬੋਧੀ ਭਾਈਚਾਰਾ ਤਹਿ ਦਿਲ ਤੋਂ ਧੰਨਵਾਦ ਕਰਦਾ ਹੈ। ਜਿਨਾਂ ਵਿੱਚ ਐਡਵੋਕੇਟ ਹਰਭਜਨ ਸਾਂਪਲਾ, ਹੁਸਨ ਲਾਲ ਬੌਧ,ਚੰਚਲ ਬੌਧ ਸਿਧਾਰਥ ਨਗਰ, ਬਲਦੇਵ ਰਾਜ ਜੱਸਲ,ਸ਼ਾਮ ਲਾਲ ਜੱਸਲ ਨਿਊਜ਼ੀਲੈਂਡ, ਐਡਵੋਕੇਟ ਕੁਲਦੀਪ ਭੱਟੀ ਫਗਵਾੜਾ ਡਾ. ਹਰਭਜਨ ਲਾਲ , ਸਤੀਸ਼ ਕੁਮਾਰ, ਮਨੋਹਰ ਲਾਲ , ਰਾਮਦਾਸ ਗੁਰੂ ਲੁਧਿਆਣਾ, ਕਸ਼ਮੀਰ ਲੱਧੜ ਹੁਸ਼ਿਆਰਪੁਰ, ਸੋਹਣ ਲਾਲ ਸਾਂਪਲਾ ਪ੍ਰਧਾਨ ਡਾ. ਅੰਬੇਡਕਰ ਮਿਸ਼ਨ ਸੁਸਾਇਟੀ ਯੂਰਪ ਜਰਮਨੀ, ਪ੍ਰਿੰਸੀਪਲ ਪਰਮਜੀਤ ਜੱਸਲ, ਡਾ. ਜੀ. ਸੀ. ਕੌਲ , ਬਲਦੇਵ ਭਾਰਦਵਾਜ ਜਨ. ਸਕੱਤਰ ਡਾ. ਅੰਬੇਡਕਰ ਮਿਸ਼ਨ ਸੁਸਾਇਟੀ (ਰਜਿ) ਪੰਜਾਬ ਨੇ ਡਾਕਟਰ ਨਛੱਤਰ ਪਾਲ ਬਸਪਾ ਵਿਧਾਇਕ ਦਾ ਧੰਨਵਾਦ ਕੀਤਾ ਹੈ। ਭੰਤੇ ਚੰਦਰ ਕੀਰਤੀ ਵਲੋਂ ਵਿਧਾਇਕ ਜੀ ਨੂੰ ਸਾਧੂਵਾਦ ਦਿੱਤਾ ਗਿਆ। ਭੰਤੇ ਪ੍ਰੀਗਿਆ ਬੋਧੀ ਅਤੇ ਆਕਾਸ਼ ਲਾਮਾ ਜਨਰਲ ਸਕੱਤਰ ਆਲ ਇੰਡੀਆ ਬੁੱਧਿਸ਼ਟ ਫੋਰਮ ਬੌਧ ਗਯਾ ਧਰਨਾ ਸਥਲ ਨੇ ਪ੍ਰੈਸ ਨੂੰ ਤਾਜ਼ੀ ਸਥਿਤੀ ਬਾਰੇ ਦੱਸਦਿਆਂ ਕਿਹਾ ਕਿ ਡਾਕਟਰ ਨਛੱਤਰ ਪਾਲ ਜੀ ਨੇ ਬੁੱਧ ਗਯਾ ਦਾ ਮੁੱਦਾ ਪੰਜਾਬ ਦੀ ਵਿਧਾਨ ਸਭਾ ਵਿੱਚ ਬੜੇ ਬਾਖੂਬੀ ਢੰਗ ਨਾਲ ਉਠਾਇਆ ਉਹਨਾਂ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਬਸਪਾ ਦੇ ਐਮ.ਐਲ.ਏ. ਸਾਹਿਬ ਅਤੇ ਬਸਪਾ ਦੀ ਸਮੁੱਚੀ ਲੀਡਰਸ਼ਿਪ ਦਾ ਵੀ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਸਾਨੂੰ ਡਾਕਟਰ ਨਛੱਤਰ ਜੀ 'ਤੇ ਮਾਣ ਹੈ ,ਜੋ ਇਮਾਨਦਾਰੀ, ਲਿਆਕਤ ਅਤੇ ਮਿਹਨਤ ਨਾਲ ਨਵਾਂ ਸ਼ਹਿਰ ਅਤੇ ਪੰਜਾਬ ਦੀ ਤਨਦੇਹੀ ਨਾਲ ਸੇਵਾ ਕਰ ਰਹੇ ਹਨ। ਉਨਾਂ ਦੇ ਇਸ ਸਟੈਪ ਦੀ ਦੇਸ਼ -ਵਿਦੇਸ਼ ਵਿੱਚ ਕਾਫੀ ਚਰਚਾ ਅਤੇ ਪ੍ਰਸ਼ੰਸਾ ਹੋ ਰਹੀ ਹੈ।

# ਜ਼ਿਲ੍ਹੇ ਅੰਦਰ ਹਥਿਆਰਾਂ ਦੇ ਜਨਤਕ ਅਤੇ ਸੋਸ਼ਲ ਮੀਡੀਆ ਉੱਤੇ ਪ੍ਰਦਰਸ਼ਨ 'ਤੇ ਪਾਬੰਦੀ

## -ਬੈਂਕਾਂ ਅਤੇ ਪੈਟਰੋਲ ਪੰਪਾਂ 'ਤੇ ਸੀ. ਸੀ. ਟੀ. ਵੀ. ਕੈਮਰੇ ਲਾਉਣ ਦੀ ਹਦਾਇਤ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪਰੈਲ INTERNATIONAL PAPER, 9463601616 hardipchumber57@gmail.com



ਨਵਾਂਸ਼ਹਿਰ (ਸਤਨਾਮ ਸਿੰਘ ਸਹੂੰਗੜਾ) ਜ਼ਿਲ੍ਹਾ ਮੈਜਿਸਟ੍ਰੇਟ, ਸ਼ਹੀਦ ਭਗਤ ਸਿੰਘ ਨਗਰ ਅੰਕੁਰਜੀਤ ਸਿੰਘ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ 'ਚ ਕਿਸੇ ਵੀ ਤਰ੍ਹਾਂ ਦੇ ਮੈਰਿਜ ਪੈਲੇਸਾਂ/ਰਿਜ਼ੋਰਟਾਂ, ਮੇਲਿਆਂ, ਧਾਰਮਿਕ ਸਥਾਨਾਂ, ਜਲੂਸਾਂ, ਬਰਾਤਾਂ, ਵਿਆਹ ਪਾਰਟੀਆਂ ਜਾਂ ਹੋਰ ਸਮਾਗਮਾਂ/ਜਨਤਕ ਇਕੱਠਾਂ ਅਤੇ ਵਿੱਦਿਅਕ ਅਦਾਰਿਆਂ 'ਚ ਅਸਲਾ/ਹਥਿਆਰ ਲਿਜਾਣ ਅਤੇ ਪ੍ਰਦਰਸ਼ਨ ਕਰਨ 'ਤੇ ਪੂਰਨ ਪਾਬੰਦੀ ਲਗਾ ਦਿੱਤੀ ਹੈ। ਇਸ ਤੋਂ ਇਲਾਵਾ ਹਥਿਆਰਾਂ ਦੇ ਜਨਤਕ ਪ੍ਰਦਰਸ਼ਨ, ਸੋਸ਼ਲ ਮੀਡੀਆ 'ਤੇ ਪ੍ਰਦਰਸ਼ਨ 'ਤੇ ਵੀ ਉਕਤ ਪਾਬੰਦੀ ਲਾਗੂ ਰਹੇਗੀ। ਜ਼ਿਲ੍ਹਾ ਮੈਜਿਸਟ੍ਰੇਟ ਅਨੁਸਾਰ ਹਥਿਆਰਾਂ ਜਾਂ ਹਿੰਸਾ ਦੀ ਵਡਿਆਈ ਕਰਨ ਵਾਲੇ ਗੀਤ ਵੀ ਇਸ ਪਾਬੰਦੀ/ਮਨਾਹੀ ਦੇ ਘੇਰੇ 'ਚ ਸ਼ਾਮਿਲ ਹਨ। ਇਸ ਤੋਂ ਇਲਾਵਾ ਸੀਨੀਅਰ ਪੁਲਿਸ ਕਪਤਾਨ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਵੱਖ-ਵੱਖ ਇਲਾਕਿਆਂ ਵਿਚ ਅਚਨਚੇਤ ਚੈਕਿੰਗ ਕੀਤੀ ਜਾਵੇਗੀ। ਕਿਸੇ ਵੀ ਭਾਈਚਾਰੇ ਵਿਰੁੱਧ ਨਫ਼ਰਤ ਭਰਿਆ ਭਾਸ਼ਣ ਦੇਣ ਵਾਲੇ ਵਿਰੁੱਧ ਐਫ.ਆਈ. ਆਰ. ਦਰਜ ਕੀਤੀ ਜਾਵੇਗੀ ਅਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਸੇ ਤਰ੍ਹਾਂ ਪੈਟਰੋਲ ਪੰਪਾਂ ਅਤੇ ਬੈਂਕਾਂ ਵਿਚ ਡਕੈਤੀਆਂ ਤੇ ਲੁੱਟ-ਖੋਹ ਦੀਆਂ ਘਟਨਾਵਾਂ ਦੇ ਮੱਦੇਨਜ਼ਰ ਇਕ ਵੱਖਰੇ ਹੁਕਮ ਰਾਹੀਂ ਜ਼ਿਲ੍ਹਾ ਮੈਜਿਸਟ੍ਰੇਟ ਨੇ ਜ਼ਿਲ੍ਹੇ ਵਿਚ ਹਰੇਕ ਬੈਂਕ ਅਤੇ ਪੈਟਰੋਲ ਪੰਪ ਵਾਸਤੇ ਸੀ. ਸੀ. ਟੀ. ਵੀ ਕੈਮਰੇ ਜ਼ਰੂਰੀ ਕਰਾਰ ਦਿੱਤੇ ਹਨ। ਜ਼ਿਲ੍ਹਾ ਮੈਜਿਸਟ੍ਰੇਟ ਅਨੁਸਾਰ ਇਹ ਸੀ. ਸੀ. ਟੀ. ਵੀ ਕੈਮਰੇ ਘੱਟੋ-ਘੱਟ 7 ਦਿਨ ਦੀ ਰਿਕਾਰਡਿੰਗ ਸਮਰੱਥਾ ਰੱਖਣ ਵਾਲੇ ਹੋਣੇ ਚਾਹੀਦੇ ਹਨ। ਇਸ ਹੁਕਮ ਨੂੰ ਲਾਗੂ ਕਰਵਾਉਣ ਲਈ ਸੀਨੀਅਰ ਪੁਲਿਸ ਕਪਤਾਨ ਸ਼ਹੀਦ ਭਗਤ ਸਿੰਘ ਨਗਰ, ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਸ਼ਹੀਦ ਭਗਤ ਸਿੰਘ ਨਗਰ ਅਤੇ ਲੀਡ ਬੈਂਕ ਮੈਨੇਜਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਜ਼ਿੰਮੇਵਾਰ ਹੋਣਗੇ। ਉਪਰੋਕਤ ਦੋਵੇਂ ਹੁਕਮ 31 ਮਈ, 2025 ਤੱਕ ਲਾਗੂ ਰਹਿਣਗੇ।

# ਸਰਕਾਰੀ ਪ੍ਰਾਇਮਰੀ ਸਕੂਲ ਚੱਕ ਕਲਾਲ ਵਿਖੇ ਮੈਗਾ ਪੀਟੀਐਮ ਅਤੇ ਸਲਾਨਾ ਸਮਾਗਮ ਕਰਵਾਇਆ ਗਿਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪਰੈਲ INTERNATIONAL PAPER, 9463601616 hardipchumber57@gmail.com





ਬੰਗਾ( ਚਰਨਜੀਤ ਸੱਲ੍ਹਾ )ਸਰਕਾਰੀ ਪ੍ਰਾਇਮਰੀ ਸਕੂਲ ਚੱਕ ਕਲਾਲ ਵਿਖੇ ਮੈਗਾ ਪੀਟੀਐਮ ਅਤੇ ਸਲਾਨਾ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਸਰਕਾਰੀ ਪ੍ਰਾਇਮਰੀ ਸਕੂਲ ਚੱਕ ਕਲਾਲ ਦੇ ਵੱਖ-ਵੱਖ ਜਮਾਤਾਂ ਵਿੱਚ ਪੁਜੀਸ਼ਨਾਂ ਹਾਸਲ ਕਰਨ ਵਾਲੇ ਬੱਚਿਆਂ ਨੂੰ ਪਿੰਡ ਦੇ ਪੰਚਾਇਤ ਮੈਂਬਰਾਂ , ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰਾਂ ਨੇ ਇਨਾਮ ਵੰਡੇ ਅਤੇ ਉਹਨਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਇਸ ਮੌਕੇ ਲੰਬੜਦਾਰ ਹੰਸਰਾਜ ਨੇ ਕਿਹਾ ਬੇਸ਼ੱਕ ਮਾਪਿਆਂ ਨੂੰ ਇੱਕ ਰੋਟੀ ਘੱਟ ਖਾ ਲੈਣੀ ਚਾਹੀਦੀ ਹੈ ਅਤੇ ਆਪਣੇ ਬੱਚਿਆਂ ਨੂੰ ਜਰੂਰ ਪੜ੍ਹਾਉਣਾ ਚਾਹੀਦਾ ਹੈ ਤਾਂ ਕਿ ਆਉਣ ਵਾਲੇ ਟਾਈਮ ਵਿੱਚ ਬੱਚਿਆਂ ਨੂੰ ਕਿਸੇ ਕਾਰਨ ਪੜ੍ਹਾਈ ਤੋਂ ਵਾਂਝਾ ਨਾ ਰਹਿਣਾ ਪਵੇ ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਪੰਚ ਅਵਤਾਰ ਸਿੰਘ, ਜਸਵਿੰਦਰ ਸਿੰਘ, ਓਕਾਰ ਸਿੰਘ, ਗੁਰਬਚਨ ਸਿੰਘ ਸਾਬਕਾ ਪੰਚ, ਰਮਨ ਜੋਤ ਕੌਰ ਵਾਈਸ ਚੇਅਰਮੈਨ ਐਸਐਮਸੀ, ਆਸ਼ਾ ਰਾਣੀ,ਰਮੇਸ਼ ਸਿੰਘ ਪ੍ਰਧਾਨ ਗ੍ਰਾਮ ਪੰਚਾਇਤ ਵੈਲਫੇਅਰ ਐਸੋਸੀਏਸ਼ਨ ਚੱਕ ਕਲਾਲ, ਕੁਲਦੀਪ ਸਿੰਘ ਸਿੱਖਿਆ ਮਾਹਰ , ਕਮਲਦੀਪ ਦਾਨੀ ਸੱਜਣ,ਮਨਜਿੰਦਰ ਕੌਰ ਅਤੇ ਬਾਕੀ ਪਤਵੰਤੇ ਸੱਜਣਾਂ ਨੇ ਭਾਗ ਲਿਆ। ਸਕੂਲ ਦੇ ਅਧਿਆਪਕ ਸ੍ਰੀਮਤੀ ਨਰਿੰਦਰ ਕੌਰ ਨੇ ਵੱਖ ਵੱਖ ਕਲਾਸਾਂ ਵਿੱਚ ਪੁਜੀਸ਼ਨਾਂ ਹਾਸਲ ਕਰਨ ਵਾਲੇ ਬੱਚਿਆਂ ਨੂੰ ਵਧਾਈ ਦਿੱਤੀ ਅਤੇ ਸਕੂਲ ਦੇ ਮੁੱਖ ਅਧਿਆਪਕ ਸ੍ਰੀ ਜਸਵੀਰ ਸਿੰਘ ਨੇ ਆਏ ਹੋਏ ਪੰਚਾਇਤ ਮੈਂਬਰਾਂ , ਐਸਐਮਸੀ ਮੈਂਬਰਾਂ ਅਤੇ ਪਤਵੰਤੇ ਸੱਜਣਾਂ ਧੰਨਵਾਦ ਕੀਤਾ

# 1033 ਵਿਦਿਆਰਥੀਆਂ ਨੇ ਕਰੀਅਰ ਤਿਆਰੀ ਸੈਸ਼ਨ ਵਿੱਚ ਭਾਗ ਲਿਆ.....

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪਰੈਲ INTERNATIONAL PAPER, 9463601616 hardipchumber57@gmail.com




ਬਠਿੰਡਾ, 2 ਅਪ੍ਰੈਲ (ਅੰਗਰੇਜ ਸਿੰਘ ਵਿੱਕੀ)- ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ (ਐੱਮ. ਆਰ.ਐੱਸ.ਪੀ.ਟੀ.ਯੂ.) ਦੇ ਵੱਖ-ਵੱਖ ਵਿਸ਼ਿਆਂ ਦੇ ਕੁੱਲ 1,033 ਵਿਦਿਆਰਥੀਆਂ ਨੇ ਹਾਲ ਹੀ ਵਿੱਚ ਆਪਣੇ ਕੈਰੀਅਰ ਦੀ ਤਿਆਰੀ ਅਤੇ ਮੁਹਾਰਤ ਨੂੰ ਪ੍ਰਫੁੱਲਤ ਕਰਨ ਦੇ ਉਦੇਸ਼ ਨਾਲ ਮਾਹਿਰ ਦੀ ਅਗਵਾਈ ਵਿਚ ਵੱਖ ਵੱਖ ਸੈਸ਼ਨਾ ਵਿੱਚ ਹਿੱਸਾ ਲਿਆ। ਯੂਨੀਵਰਸਿਟੀ ਦੇ ਸਿਖਲਾਈ ਅਤੇ ਪਲੇਸਮੈਂਟ ਵਿਭਾਗ ਦੁਆਰਾ ਸ਼ੁਰੂ ਕੀਤੀ ਗਈ ਇਹ ਨਿਵੇਕਲੀ ਪਹਿਲਕਦਮੀ, ਵਿਦਿਆਰਥੀਆਂ ਨੂੰ ਉਨ੍ਹਾਂ ਦੇ ਭਵਿੱਖ ਦੇ ਕੈਰੀਅਰ ਵਿੱਚ ਸਫਲਤਾ ਲਈ ਜ਼ਰੂਰੀ ਹੁਨਰ ਅਤੇ ਸੂਝ ਨਾਲ ਲੈਸ ਕਰਨ 'ਤੇ ਕੇਂਦਰਿਤ ਹੈ।ਸੈਸ਼ਨਾਂ ਵਿੱਚ ਰੈਜ਼ਿਊਮੇ ਬਿਲਡਿੰਗ, ਲਿੰਕਡਇਨ ਓਪਟੀਮਾਈਜੇਸ਼ਨ, ਇੰਟਰਨਸ਼ਿਪਸ, ਅਤੇ ਸਟਾਰਟਅੱਪ ਕਲਚਰ ਨੂੰ ਪ੍ਰਫੁੱਲਤ ਕਰਨ ਸਮੇਤ ਬਹੁਤ ਸਾਰੇ ਵਿਸ਼ਿਆਂ ਨੂੰ ਕਵਰ ਕੀਤਾ ਗਿਆ। ਕੰਪਿਊਟਰ ਸਾਇੰਸ ਇੰਜਨੀਅਰਿੰਗ, ਸਿਵਲ ਇੰਜਨੀਅਰਿੰਗ, ਮਕੈਨੀਕਲ ਇੰਜਨੀਅਰਿੰਗ, ਟੈਕਸਟਾਈਲ ਇੰਜਨੀਅਰਿੰਗ, ਇਲੈਕਟ੍ਰੀਕਲ ਇੰਜਨੀਅਰਿੰਗ, ਇਲੈਕਟ੍ਰੋਨਿਕਸ ਅਤੇ ਸੰਚਾਰ ਇੰਜੀਨੀਅਰਿੰਗ, ਪ੍ਰਬੰਧਨ, ਵਿਗਿਆਨ, ਖੇਤੀਬਾੜੀ, ਫੂਡ ਸਾਇੰਸ ਐਂਡ ਟੈਕਨਾਲੋਜੀ, ਫਾਰਮਾਸਿਊਟੀਕਲਜ਼, ਫੈਸ਼ਨ ਟੈਕਨਾਲੋਜੀ ਅਤੇ ਕੰਪਿਊਟਰ ਐਪਲੀਕੇਸ਼ਨਾਂ ਵਰਗੇ ਵਿਭਿੰਨ ਖੇਤਰਾਂ ਦੇ ਵਿਦਿਆਰਥੀਆਂ ਨੇ ਆਪਣੇ ਪੇਸ਼ੇਵਰ ਗਿਆਨ ਨੂੰ ਮਹੱਤਵਪੂਰਣ ਰੂਪ ਦੇਣ ਲਈ ਇਸ ਪ੍ਰੋਗਰਾਮ ਵਿੱਚ ਸਰਗਰਮੀ ਨਾਲ ਹਿੱਸਾ ਲਿਆ।ਸੈਸ਼ਨਾਂ ਦੀ ਅਗਵਾਈ ਐੱਮ.ਆਰ. ਐਸ.ਪੀ.ਟੀ.ਯੂ. ਵਿਖੇ ਸਿਖਲਾਈ ਅਤੇ ਪਲੇਸਮੈਂਟ ਦੇ ਡਾਇਰੈਕਟਰ ਇੰਜ. ਹਰਜੋਤ ਸਿੰਘ ਸਿੱਧੂ ਨੇ ਕੀਤੀ, ਜਿਨ੍ਹਾਂ ਨੇ ਇੱਕ ਪੇਸ਼ੇਵਰ ਪ੍ਰੋਫਾਈਲ ਬਣਾਉਣ, ਰੁਜ਼ਗਾਰ-ਯੋਗਤਾ ਨੂੰ ਵਧਾਉਣ ਅਤੇ ਉੱਭਰ ਰਹੇ ਰੁਜ਼ਗਾਰ ਬਾਜ਼ਾਰ ਨੂੰ ਅਪਣਾਉਣ, ਖਾਸ ਤੌਰ 'ਤੇ ਸਟਾਰਟਅਪਸ ਅਤੇ ਡਿਜੀਟਲ ਪਲੇਟਫਾਰਮਾਂ ਵਰਗੇ ਉੱਭਰ ਰਹੇ ਖੇਤਰਾਂ ਦੇ ਸਬੰਧ ਵਿੱਚ ਮਾਹਰ ਸੂਝ ਅਤੇ ਵਿਹਾਰਕ ਵਿਚਾਰ-ਵਟਾਂਦਰਾ ਕੀਤਾ।ਯੂਨੀਵਰਸਿਟੀ ਦੇ ਰਜਿਸਟਰਾਰ ਡਾ.ਗੁਰਿੰਦਰਪਾਲ ਸਿੰਘ ਨੇ ਇਸ ਪਹਿਲਕਦਮੀ ਲਈ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਇਹ ਉਪਰਾਲਾ ਵਿਦਿਆਰਥੀਆਂ ਨੂੰ ਮਾਰਗਦਰਸ਼ਨ ਕਰਨ ਅਤੇ ਉਨ੍ਹਾਂ ਨੂੰ ਸਫਲ ਕੈਰੀਅਰ ਵੱਲ ਮਾਰਗ ਦਰਸਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ। ਇਹ ਯਤਨ ਮਜ਼ਬੂਤ ਉਦਯੋਗ-ਅਕਾਦਮਿਕ ਭਾਈਵਾਲੀ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਵਿਦਿਆਰਥੀਆਂ ਨੂੰ ਹੁਨਰਮੰਦ ਬਣਾਉਣ ਵਿੱਚ ਸੁਚਾਰੂ ਰੂਪ ਵਿੱਚ ਤਬਦੀਲੀ ਕਰਨ ਵਿੱਚ ਮਦਦ ਕਰੇਗਾ।ਡਾਇਰੈਕਟਰ-ਟ੍ਰੇਨਿੰਗ ਅਤੇ ਪਲੇਸਮੈਂਟ, ਇੰਜੀ.ਹਰਜੋਤ ਸਿੰਘ ਸਿੱਧੂ ਨੇ ਕਿਹਾ ਕਿ ਕੈਰੀਅਰ ਦੀ ਤਿਆਰੀ ਸੈਸ਼ਨ ਯੂਨੀਵਰਸਿਟੀ ਦੇ ਚੱਲ ਰਹੇ ਯਤਨਾਂ ਦਾ ਹਿੱਸਾ ਹਨ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਵਿਦਿਆਰਥੀ ਨਾ ਸਿਰਫ਼ ਅਕਾਦਮਿਕ ਤੌਰ 'ਤੇ ਲੈਸ ਹੋਣ, ਸਗੋਂ ਕੈਰੀਅਰ ਲਈ ਵੀ ਤਿਆਰ ਹੋਣ, ਜਿਸ ਨਾਲ ਪੇਸ਼ੇਵਰ ਸੰਸਾਰ ਵਿੱਚ ਆਤਮ-ਵਿਸ਼ਵਾਸ ਨਾਲ ਅੱਗੇ ਵਧ ਸਕਣ ।

# ਬਦਦਿਮਾਗ ਬੰਦੇ ਨੇ ਬਾਬਾ ਸਾਹਿਬ ਡਾ ਅੰਬੇਡਕਰ ਜੀ ਬੁੱਤ ਤੇ ਮਾੜੇ ਸ਼ਬਦ ਦੀ ਵਰਤੋਂ ਕੀਤੀ ਹੈ --ਹਰਬਲਾਸ ਬਸਰਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪਰੈਲ INTERNATIONAL PAPER, 9463601616 hardipchumber57@gmail.com




ਬੰਗਾ( ਚਰਨਜੀਤ ਸੱਲ੍ਹਾ )ਅੱਜ 1ਅਪ੍ਰੈਲ ਨੂੰ ਹਰਬਲਾਸ ਬਸਰਾ ਜਨਰਲ ਸਕੱਤਰ ਬਹੁਜਨ ਸਮਾਜ ਪਾਰਟੀ ਸ਼ਹੀਦ ਭਗਤ ਸਿੰਘ ਨਗਰ ਨੇ ਬਸਪਾ ਦੇ ਜੁਝਾਰੂ ਸਾਥੀਆਂ ਨੂੰ ਨਾਲ ਲੈਕੇ ਜੋ31ਮਾਰਚ ਤੋਂ ਇੱਕ ਇਨਸਾਨੀਅਤ ਦੇ ਦੁਸ਼ਮਣ ਬਦ ਦਿਮਾਗ ਜੋ ਕਿਤੇ ਲੁਕ ਕੇ ਬੈਠਾ ਕੋਈ ਗੁਰਪਤਵੰਤ ਪੰਨੂੰ ਨਾ ਬੰਦਾ ਜਿਸ ਨੇ ਭਾਰਤ ਰਤਨ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਜੀ ਦੇ ਫਿਲੌਰ ( ਨੰਗਲ) ਵਿੱਚ ਲੱਗੇ ਬੁੱਤ ਤੇ ਕਿਸੇ ਵਿਕਾਊ ਬੰਦੇ ਤੋਂ ਮਾੜੀ ਸ਼ਬਦਾਵਲੀ ਲਿਖੀ ਗਈ ਤੇ ਇੱਕ ਵੀਡੀਓ ਰਾਹੀਂ ਬਾਬਾ ਸਾਹਿਬ ਜੀ ਦਾ ਅਪਮਾਨ ਕੀਤਾ, ਉਸ ਦਾ ਵਿਰੋਧ ਕਰਨ ਲਈ ਲੱਗੇ ਅਣਮਿੱਥੇ ਸਮੇਂ ਲਈ ਧਰਨਾ ਲਗਾ ਰਹੇ ਬਸਪਾ ਯੋਧਿਆਂ ਵਿੱਚ ਬੈਠ ਬੰਗਾ ਵਿਧਾਨ ਸਭਾ ਦੀ ਟੀਮ ਵੱਲੋਂ ਵਿਰੋਧ ਦਰਜ ਕਰਾਇਆ ਜਿਸ ਵਿੱਚ ਹਰਜਿੰਦਰ ਜੰਡਿਆਲੀ ਯੂਥ ਆਗੂ ਬਸਪਾ ਗਣਪਤ ਰਾਏ ਮੇਹਲੀ ਨਿੱਕਾ ਰਿੱਕੀ ਤੇ ਹੋਰ ਸ਼ਾਮਿਲ ਹੋਏ

# ਭਲਕੇ ਦਮੜੀ ਸ਼ੋਭਾ ਯਾਤਰਾ 'ਚ ਸ਼ਾਮਲ ਹੋ ਕੇ ਸੰਗਤਾਂ ਗੁਰੂ ਰਵਿਦਾਸ ਮਹਾਰਾਜ ਜੀ ਦਾ ਅਸ਼ੀਰਵਾਦ ਪ੍ਰਾਪਤ ਕਰਨ : ਸੰਤ ਨਿਰਮਲ ਦਾਸ ਬਾਬੇ ਜੋੜੇ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪ੍ਰੈਲ INTERNATIONAL PAPER, 9463601616 hardipchumber57@gmail.com



ਹੁਸ਼ਿਆਰਪੁਰ 2 ਅਪ੍ਰੈਲ ( ਤਰਸੇਮ ਦੀਵਾਨਾ ) ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਵਲੋਂ ਹਰ ਸਾਲ ਦੀ ਤਰਾਂ ਇਤਿਹਾਸਕ ਬੇਗਮਪੁਰਾ ਦਮੜੀ ਸ਼ੋਭਾ ਯਾਤਰਾ ਭਲਕੇ 4 ਅਪ੍ਰੈਲ ਦਿਨ ਸ਼ੁਕਰਵਾਰ ਦੁਪਿਹਰ 1 ਵਜੇ ਰੇਲਵੇ ਸਟੇਸ਼ਨ ਜਲੰਧਰ ਤੋਂ ਆਰੰਭ ਹੋ ਕੇ ਫਿਲੌਰ, ਲੁਧਿਆਣਾ, ਸਾਹਨੇਵਾਲ, ਅੰਬਾਲਾ, ਸਹਾਰਨਪੁਰ ਤੋਂ ਹੁੰਦੀ ਹੋਈ ਹਰਿਦੁਆਰ ਪਹੁੰਚੇਗੀ। ਸੰਗਤਾਂ ਸ਼ੋਭਾ ਯਾਤਰਾ ਵਿੱਚ ਸ਼ਾਮਲ ਹੋ ਕੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦਾ ਅਸ਼ੀਰਵਾਦ ਪ੍ਰਾਪਤ ਕਰਨ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੇ ਚੇਅਰਮੈਨ ਸੰਤ ਸਰਵਣ ਦਾਸ ਬੋਹਣ, ਸੰਤ ਨਿਰਮਲ ਦਾਸ ਬਾਬੇਜੌੜੇ, ਨੇ ਦੱਸਿਆ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਦਾ 648ਵਾਂ ਪ੍ਰਕਾਸ਼ ਪੁਰਬ ਨਿਰਮਲਾ ਛਾਉਣੀ ਆਸ਼ਰਮ ਹਰਿਦੁਆਰ ਵਿਖੇ ਮਨਾਉਣ ਲਈ ਹਰ ਸਾਲ ਦੀ ਤਰਾਂ ਵਿਸ਼ਾਲ ਸ਼ੋਭਾ ਯਾਤਰਾ ਰੇਲ ਗੱਡੀ ਰਾਹੀਂ ਆਰੰਭ ਹੋਵੇਗੀ ਜਿਸ ਵਿੱਚ ਦੇਸ਼ ਵਿਦੇਸ਼ ਤੋਂ ਹਜਾਰਾਂ ਸੰਗਤਾਂ ਹੁੰਮ ਹੁਮਾਕੇ ਸ਼ਾਮਲ ਹੋਣਗੀਆਂ । ਸੰਤਾਂ ਮਹਾਂਪੁਰਸ਼ਾਂ ਨੇ ਦੱਸਿਆ ਕਿ 5 ਅਪ੍ਰੈਲ ਨੂੰ ਗੁਰੂ ਰਵਿਦਾਸ ਆਸ਼ਰਮ ਹਰਿਦੁਆਰ ਤੋਂ ਪੈਦਲ ਸ਼ੋਭਾ ਯਾਤਰਾ ਆਰੰਭ ਹੋ ਕੇ ਸ੍ਰੀ ਰਵਿਦਾਸ ਮੰਦਿਰ ਹਰਿ ਕੀ ਪਉੜੀ ਪਹੁੰਚੇਗੀ। ਉਨਾਂ ਕਿਹਾ ਕਿ 6 ਅਪ੍ਰੈਲ ਨੂੰ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਕੀਰਤਨ ਦੇ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਰਾਗੀ ਜਥੇ, ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਅਤੇ ਹੋਰ ਵੱਖ ਵੱਖ ਸੰਪਰਦਾਵਾਂ ਦੇ ਸੰਤ ਮਹਾਂਪੁਰਸ਼ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਸੰਤ ਪਰਮਜੀਤ ਦਾਸ ਨਗਰ,ਸੰਤ ਸਰਵਣ ਦਾਸ ਸਲੇਮਟਾਵਰੀ, ਸੰਤ ਬਲਵੰਤ ਸਿੰਘ ਡਿੰਗਰੀਆਂ, ਮਹੰਤ ਪ੍ਰਸ਼ੋਤਮ ਲਾਲ ਚੱਕ ਹਕੀਮ , ਸੰਤ ਧਰਮਪਾਲ ਸ਼ੇਰਗੜ, ਸੰਤ ਰਮੇਸ਼ ਦਾਸ ਡੇਰਾ ਕੱਲਰਾਂ ਸ਼ੇਰਪੁਰ, ਸੰਤ ਜਗੀਰ ਸਿੰਘ, ਸੰਤ ਰਾਮ ਸੇਵਕ ਹਰੀਪੁਰ ਖਾਲਸਾ, ਸੰਤ ਪ੍ਰਗਟ ਨਾਥ ਬਾਲਯੋਗੀ,ਸੰਤ ਸੰਤੋਖ ਦਾਸ ਭਾਰਟਾ, ਸੰਤ ਕੁਲਦੀਪ ਦਾਸ ਬਸੀ ਮਰੂਫ, ਸੰਤ ਬੀਬੀ ਕੁਲਦੀਪ ਕੌਰ ਮਹਿਨਾ,ਭੈਣ ਸੰਤੋਸ਼ ਕੁਮਾਰੀ ਬਿਲਡਿੰਗ ਇੰਚਾਰਜ, ਸੰਤ ਵਿਨੈ ਮੁਨੀ ਜੰਮੂ, ਸੰਤ ਸ਼ਿੰਗਾਰਾ ਦਾਸ ਭੇਗਪੁਰ,ਸੰਤ ਬਲਕਾਰ ਸਿੰਘ ਵਡਾਲਾ, ਸੰਤ ਸਤਨਾਮ ਦਾਸ ਵਿਛੋਹੀ, ਸੰਤ ਗੁਰਮੀਤ ਦਾਸ ,ਸੰਤ ਰਜੇਸ਼ ਦਾਸ ਬਜਵਾੜਾ ਵੀ ਹਾਜਰ ਸਨ।

# ਬਾਬਾ ਸਾਹਿਬ ਅੰਬੇਡਕਰ ਦਾ ਅਪਮਾਨ ਕਰੋੜਾਂ ਆਦਿ ਵਾਸੀ ਬਹੁਜਨਾਂ ਦਾ ਅਪਮਾਨ- ਸੰਤ ਸਰਵਣ ਦਾਸ, ਸੰਤ ਸਤਵਿੰਦਰ ਹੀਰਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪ੍ਰੈਲ INTERNATIONAL PAPER, 9463601616 hardipchumber57@gmail.com





ਹੁਸ਼ਿਆਰਪੁਰ 2 ਅਪ੍ਰੈਲ ( ਤਰਸੇਮ ਦੀਵਾਨਾ ) ਸੰਤ ਸਰਵਣ ਦਾਸ ਸਲੇਮਟਾਵਰੀ ਕੌਮੀ ਪ੍ਰਧਾਨ ਆਦਿ ਧਰਮ ਸਾਧੂ ਸਮਾਜ, ਸੰਤ ਸਤਵਿੰਦਰ ਹੀਰਾ ਕੌਮੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ ਨੇ ਕਿਹਾ ਕਿ ਵਿਦੇਸ਼ਾਂ ਵਿੱਚ ਬੈਠੇ ਭਾਰਤ ਦੇਸ਼ ਦੀ ਏਕਤਾ,ਅਖੰਡਤਾ ਅਤੇ ਭਾਈਚਾਰਕ ਸਾਂਝ ਦੇ ਵਿਰੋਧੀ ਅਖੌਤੀ ਖਾਲਿਸਤਾਨੀ ਸਮਰਥਕ ਗੁਰਪਤਵੰਤ ਸਿੰਘ ਪੰਨੂ ਵਲੋਂ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਖਿਲਾਫ ਕੀਤੀਆਂ ਭੈੜੀਆਂ ਟਿੱਪਣੀਆਂ ਨਾਲ ਜਿਥੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦਾ ਅਪਮਾਨ ਹੋਇਆ ਹੈ ਓਥੇ ਇਸ ਬਹੂਦਾ ਹਰਕਤ ਨਾਲ ਦੇਸ਼ ਦੇ ਕਰੋੜਾਂ ਆਦਿ ਵਾਸੀ ਬਹੁਜਨਾਂ ਦਾ ਸਮਾਜਿਕ ਅਪਮਾਨ ਹੋਇਆ ਹੈ । ਉਹਨਾਂ ਕਿਹਾ ਕਿ ਬਾਬਾ ਸਾਹਿਬ ਭੀਮ ਰਾਉ ਅੰਬੇਡਕਰ ਇਕੱਲੇ ਐਸ ਸੀ ਸਮਾਜ ਜਾਂ ਕਿਸੇ ਇਕ ਫਿਰਕੇ ਦੇ ਆਗੂ ਨਹੀਂ ਹਨ ਬਲਕਿ ਪੂਰੇ ਭਾਰਤ ਵਾਸੀਆਂ ਦੇ ਹਰਮਨ ਪਿਆਰੇ ਰਹਿਬਰ ਹਨ। ਬਾਬਾ ਸਾਹਿਬ ਦੇ ਲਿਖੇ ਸੰਵਿਧਾਨ ਨਾਲ ਭਾਰਤ ਦਾ ਧਾਰਮਿਕ, ਸਮਾਜਿਕ, ਰਾਜਨੀਤਕ ਅਤੇ ਵਪਾਰਕ ਸਿਸਟਮ ਚਲਦਾ ਹੈ। ਕਿਸੇ ਵੀ ਫੁੱਟ-ਪਾਊ ਅਤੇ ਸ਼ਰਾਰਤੀ ਅਨਸਰ ਵੱਲੋਂ ਬਾਬਾ ਸਾਹਿਬ ਦੇ ਖਿਲਾਫ਼ ਇਹੋ ਜਿਹੀ ਘਟੀਆ ਸ਼ਬਦਾਵਲੀ ਵਰਤਣ ਨੂੰ ਆਦਿ ਵਾਸੀ ਬਹੁਜਨ ਸਮਾਜ ਸਹਿਣ ਨਹੀਂ ਕਰੇਗਾ। ਉਹਨਾਂ ਕਿਹਾ ਕਿ ਇਹੋ ਜਿਹੇ ਸ਼ਰਾਰਤੀ ਅਨਸਰ ਦੇਸ਼ ਅੰਦਰ ਪੱਖਪਾਤ, ਉਚ-ਨੀਚ ਤੇ ਜਾਤ-ਪਾਤ ਦਾ ਵੱਡੇ ਪੱਧਰ 'ਤੇ ਵਖਰੇਵਾਂ ਪਾਉਣ ਦੀਆਂ ਕੋਸ਼ਿਸ਼ਾਂ ਕਰ ਰਹੇ ਹਨ । ਉਨਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਆਪਸੀ ਪਿਆਰ, ਏਕਤਾ ਅਤੇ ਭਾਈਚਾਰਕ ਸਾਂਝ ਬਣਾ ਕੇ ਰੱਖਣ ਅਤੇ ਇਹੋ ਜਿਹੀਆਂ ਫੁੱਟ ਪਾਊ ਹਰਕਤਾਂ ਕਰਨ ਵਾਲਿਆਂ ਨੂੰ ਮੂੰਹ ਤੋੜ ਜਬਾਬ ਦੇਣ । ਉਨਾਂ ਕਿਹਾ ਕਿ ਡਾ. ਭੀਮ ਰਾਉ ਅੰਬੇਡਕਰ ਨੂੰ ਭਾਰਤ ਅੰਦਰ ਹੀ ਨਹੀਂ ਪੂਰੇ ਵਿਸ਼ਵ ਵਿੱਚ ਸਭ ਤੋਂ ਵੱਧ ਪੜ੍ਹੇ-ਲਿਖੇ ਹੋਣ ਦਾ ਮਾਣ ਪ੍ਰਾਪਤ ਹੈ ਇਸੇ ਕਰਕੇ ਭਾਰਤ ਸਰਕਾਰ ਵਲੋਂ ਉਨਾਂ ਨੂੰ ਭਾਰਤ ਰਤਨ ਐਵਾਰਡ ਨਾਲ ਸਨਮਾਨਿਤ ਵੀ ਕੀਤਾ ਗਿਆ । ਉਹਨਾਂ ਕਿਹਾ ਕਿ ਪੰਨੂ ਵਰਗੇ ਸ਼ਰਾਰਤੀ ਅਨਸਰ ਸਮਾਜ ਵਿਚ ਜ਼ਹਿਰ ਤੇ ਨਫਰਤ ਫੈਲਾਉਂਦੇ ਹਨ ਤੇ ਦੇਸ਼ ਨੂੰ ਤੋੜਨ ਦਾ ਯਤਨ ਕਰਦੇ ਹਨ । ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਨੇ ਕਰੋੜਾਂ ਆਦਿ ਵਾਸੀ ਬਹੁਜਨਾਂ ਨੂੰ ਸੰਵਿਧਾਨਕ ਅਧਿਕਾਰ ਲੈ ਕੇ ਦਿੱਤੇ, ਜਿਸ ਸਦਕਾ ਅੱਜ ਸਮਾਜ ਪੜ ਲਿਖਕੇ ਰਾਸ਼ਟਰਪਤੀ, ਕੇਂਦਰੀ ਮੰਤਰੀ, ਮੁੱਖ ਮੰਤਰੀ, ਐਮ ਪੀ, ਐਮ ਐਲ ਏ , ਅਤੇ ਸਰਕਾਰੀ ਚੰਗੀਆਂ ਚੰਗੀਆਂ ਨੌਕਰੀਆਂ ਦਾ ਅਨੰਦ ਮਾਣਦੇ ਹਨ । ਉਹਨਾਂ ਕਿਹਾ ਬਾਬਾ ਸਾਹਿਬ ਨੇ ਬਿਨਾਂ ਕਿਸੇ ਪੱਖ ਪਾਤ, ਭੇਦ ਭਾਵ ਦੇ ਸੰਵਿਧਾਨ ਅੰਦਰ ਹਰ ਵਰਗ ਨੂੰ ਬਰਾਬਰ ਅਧਿਕਾਰ ਲੈ ਕੇ ਦਿੱਤੇ ਹਨ, ਨੀਚ ਅਤੇ ਅਬਲਾ ਕਹਿਣ ਵਾਲੀ ਔਰਤ ਨੂੰ ਬਰਾਬਰਤਾ ਦਾ ਅਧਿਕਾਰ ਦੇ ਕੇ ਸਿਰ ਦਾ ਤਾਜ ਬਣਾਇਆ। ਉਨਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਇਨਾਂ ਫੁੱਟ ਪਾਉਣ ਵਾਲੇ ਭਾਰਤ,ਪੰਜਾਬ ਦੀ ਅਮਨ ਸ਼ਾਂਤੀ ਨੂੰ ਅੱਗ ਲਾਉਣ ਵਾਲੇ ਲੋਕਾਂ ਦਾ ਡੱਟ ਕੇ ਵਿਰੋਧ ਕਰਨ ਅਤੇ ਆਪਸੀ ਪਿਆਰ, ਏਕਤਾ ਭਾਈਚਾਰਕ ਸਾਂਝ ਬਣਾ ਕੇ ਰੱਖਣ। ਉਨਾਂ ਸਰਕਾਰਾਂ ਨੂੰ ਵੀ ਅਪੀਲ ਕੀਤੀ ਕਿ ਅਜਿਹੇ ਲੋਕਾਂ ਖਿਲਾਫ਼ ਸਖਤ ਕਾਰਵਾਈ ਕਰੇ

# ਵਿਰਾਸਤ ਨੂੰ ਸੰਭਾਲਣ 'ਚ ਬਠਿੰਡਾ ਵਾਸੀਆਂ ਦਾ ਕੋਈ ਮੁਕਾਬਲਾ ਨਹੀਂ : ਕੁਲਤਾਰ ਸਿੰਘ ਸੰਧਵਾਂ

## ਲਾਇਬ੍ਰੇਰੀ 'ਚ ਸਮਾਨ ਖਰੀਦਣ ਲਈ 3 ਲੱਖ ਰੁਪਏ ਦਾ ਐਲਾਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪ੍ਰੈਲ INTERNATIONAL PAPER, 9463601616 hardipchumber57@gmail.com



ਬਠਿੰਡਾ, 2 ਅਪ੍ਰੈਲ (ਅੰਗਰੇਜ ਸਿੰਘ ਵਿੱਕੀ) ਅਸੀਂ ਬਹੁਤ ਅਮੀਰ ਵਿਰਾਸਤ ਦੇ ਵਾਰਿਸ ਹਾਂ, ਉਸ ਵਿਰਾਸਤ ਨੂੰ ਸੰਭਾਲਣ 'ਚ ਬਠਿੰਡਾ ਵਾਲਿਆਂ ਦਾ ਕੋਈ ਮੁਕਾਬਲਾ ਨਹੀਂ ਕਰ ਸਕਦਾ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਸਥਾਨਕ ਵਿਰਾਸਤੀ ਪਿੰਡ ਜੈਪਾਲਗੜ੍ਹ ਵਿਖੇ ਚਾਚੀ ਅਤਰੋ ਦੇ ਘਰ ਦਾ ਉਦਘਾਟਨ ਕਰਨ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਕੀਤਾ।ਇਸ ਮੌਕੇ ਕੁਲਤਾਰ ਸਿੰਘ ਸੰਧਵਾਂ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਾਡੇ ਪੁਰਾਣੇ ਰਹਿਣ-ਸਹਿਣ, ਖਾਣ-ਪੀਣ ਦੇ ਢੰਗ ਕਰਕੇ ਅਸੀਂ ਪੂਰੀ ਦੁਨੀਆਂ ਵਿੱਚ ਜਾਣੇ ਜਾਂਦੇ ਹਾਂ। ਉਨ੍ਹਾਂ ਇਕ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਸਾਨੂੰ ਹਮੇਸ਼ਾ ਆਪਣੀਆਂ ਜੜ੍ਹਾਂ ਅਤੇ ਸੱਭਿਆਚਾਰ ਨਾਲ ਜੁੜ ਕੇ ਰਹਿਣਾ ਚਾਹੀਦਾ ਹੈ।ਇਸ ਮੌਕੇ ਉਨ੍ਹਾਂ ਮਾਲਵਾ ਹੈਰੀਟੇਜ ਫਾਊਂਡੇਸ਼ਨ ਨੂੰ ਵਧਾਈ ਦਿੱਤੀ ਅਤੇ ਨੌਜਵਾਨ ਪੀੜ੍ਹੀ ਨੂੰ ਪੁਰਾਣੇ ਸੱਭਿਆਚਾਰ ਅਤੇ ਪੁਰਾਣੀ ਵਿਰਾਸਤ ਨਾਲ ਜੋੜਨ ਲਈ ਉਨ੍ਹਾਂ ਵੱਲੋਂ ਕੀਤੇ ਜਾ ਰਹੇ ਇਸ ਕਾਰਜ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਮਾਲਵਾ ਹੈਰੀਟੇਜ ਫਾਊਂਡੇਸ਼ਨ ਦੇ ਨੁਮਾਇੰਦਿਆਂ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਸਦਕਾ ਹੀ ਸਾਡੀ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਾਡੇ ਅਮੀਰ ਵਿਰਸੇ ਅਤੇ ਅਮੀਰ ਵਿਰਾਸਤ ਦਾ ਗਿਆਨ ਹੋਵੇਗਾ।ਇਸ ਉਪਰੰਤ ਸਪੀਕਰ ਪੰਜਾਬ ਵਿਧਾਨ ਸਭਾ ਸੰਧਵਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਦੇ ਸਾਰਥਿਕ ਨਤੀਜੇ ਸਾਹਮਣੇ ਆ ਰਹੇ ਹਨ। ਉਨ੍ਹਾਂ ਬਠਿੰਡਾ ਵਾਸੀਆਂ ਨੂੰ ਇਸ ਮੁਹਿੰਮ ਵਿੱਚ ਵੱਧ ਤੋਂ ਵੱਧ ਸਹਿਯੋਗ ਦੀ ਅਪੀਲ ਕਰਦਿਆਂ ਨਸ਼ਿਆਂ ਦੇ ਸੌਦਾਗਰਾਂ ਨੂੰ ਸਖ਼ਤ ਚੇਤਾਵਨੀ ਦਿੱਤੀ ਕਿ ਉਹ ਜਾਂ ਤਾਂ ਨਸ਼ਿਆਂ ਦਾ ਕਾਰੋਬਾਰ ਛੱਡ ਦੇਣ ਜਾਂ ਫਿਰ ਪੰਜਾਬ ਛੱਡ ਕੇ ਚਲੇ ਜਾਣ।ਇਸ ਤੋਂ ਪਹਿਲਾ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਮੈਡਮ ਪੂਨਮ ਸਿੰਘ, ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਪ੍ਰਧਾਨ ਅਮਰਜੀਤ ਮਹਿਤਾ,ਪ੍ਰਧਾਨ ਹਰਵਿੰਦਰ ਸਿੰਘ ਖਾਲਸਾ,ਪ੍ਰਧਾਨ ਗੁਰਅਵਤਾਰ ਸਿੰਘ ਗੋਗੀ ਅਤੇ ਕਨਵੀਨਰ ਰਾਮ ਪ੍ਰਕਾਸ਼ ਜਿੰਦਲ ਨੇ ਪੰਜਾਬ ਦੀ ਅਨਮੁੱਲੀ ਵਿਰਾਸਤ ਨੂੰ ਸੰਭਾਲਣ 'ਤੇ ਜ਼ੋਰ ਦਿੱਤਾ।ਇਸ ਮੌਕੇ ਸੰਧਵਾਂ ਵਲੋਂ 18 ਵੇ ਵਿਰਾਸਤੀ ਮੇਲੇ ਦੌਰਾਨ ਵਿਸ਼ੇਸ਼ ਭੂਮਿਕਾ ਨਿਭਾਉਣ ਵਾਲੇ ਜ਼ਿਲ੍ਹਾ ਪ੍ਰਸ਼ਾਨਿਕ ਅਧਿਕਾਰੀਆਂ, ਕਰਮਚਾਰੀਆਂ ਅਤੇ ਮਾਲਵਾ ਹੈਰੀਟੇਜ ਫਾਊਂਡੇਸ਼ਨ ਦੇ ਨੁਮਾਇੰਦਿਆਂ ਨੂੰ ਸਨਮਾਨਿਤ ਵੀ ਕੀਤਾ। ਇਸ ਮੌਕੇ ਉਨ੍ਹਾਂ ਵਿਰਾਸਤੀ ਪਿੰਡ 'ਚ ਬਣੀ ਲਾਇਬ੍ਰੇਰੀ 'ਚ ਸਮਾਨ ਖਰੀਦਣ ਲਈ 3 ਲੱਖ ਰੁਪਏ ਦੇਣ ਦਾ ਐਲਾਨ ਵੀ ਕੀਤਾ। ਇਸ ਦੌਰਾਨ ਉਨ੍ਹਾਂ ਚਾਚੀ ਅਤਰੋ ਦੇ ਘਰ ਮੰਜੇ 'ਤੇ ਬੈਠ ਕੇ ਬਣੇ ਦੇਸੀ ਖਾਣੇ ਦਾ ਸਵਾਦ ਵੀ ਚਖਿਆ।ਇਸ ਮੌਕੇ ਪੰਜਾਬ ਖਾਦੀ ਤੇ ਵਿਲੇਜ ਇੰਡਸਟਰੀਜ਼ ਬੋਰਡ ਦੇ ਡਾਇਰੈਕਟਰ ਬੱਲੀ ਬਲਜੀਤ, ਚੇਅਰਮੈਨ ਮੇਲਾ ਕਮੇਟੀ ਚਮਕੌਰ ਮਾਨ, ਜਨਰਲ ਸੈਕਟਰੀ ਸੁਖਦੇਵ ਗਰੇਵਾਲ, ਵਾਇਸ ਪ੍ਰਧਾਨ ਬਲਦੇਵ ਸਿੰਘ,ਭੋਲਾ ਸਿੰਘ ਮਲੂਕਾ, ਇੰਦਰਜੀਤ ਸਿੰਘ, ਗੁਰਮੀਤ ਸਿੰਘ, ਡੀਸੀ ਸ਼ਰਮਾ, ਗੁਰਪ੍ਰੀਤ ਕੌਰ, ਸੁਰਿੰਦਰ ਕੌਰ, ਹਰਪਿੰਦਰ ਕੌਰ ਤੋਂ ਇਲਾਵਾ ਹੋਰ ਪ੍ਰਮੁੱਖ ਸ਼ਖ਼ਸ਼ੀਅਤਾਂ ਆਦਿ ਹਾਜ਼ਰ ਸਨ।

# ਪੋਸ਼ਣ ਵੀ ਪੜ੍ਹਾਈ ਵੀ' ਸਕੀਮ ਤਹਿਤ ਆਂਗਨਵਾੜੀ ਵਰਕਰਾਂ ਨੂੰ ਦਿੱਤੀ ਹੁਨਰ ਨਿਖਾਰ ਟ੍ਰੇਨਿੰਗ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪ੍ਰੈਲ INTERNATIONAL PAPER, 9463601616 hardipchumber57@gmail.com



ਬਲਾਚੌਰ (ਸਤਨਾਮ ਸਿੰਘ ਸਹੂੰਗੜਾ) ਰਾਸ਼ਟਰੀ ਸਿੱਖਿਆ ਨੀਤੀ 2020 ਅਨੁਸਾਰ 0 ਤੋਂ 6 ਸਾਲ ਦੇ ਬੱਚਿਆਂ ਨੂੰ ਗੁਣਵੱਤਾ ਭਰਪੂਰ 'ਅਰਲੀ ਚਾਈਲਡਹੁੱਡ ਕੇਅਰ ਐਂਡ ਐਜੂਕੇਸ਼ਨ' ਪ੍ਰਦਾਨ ਕਰਨ ਦੇ ਟੀਚੇ ਦੀ ਪ੍ਰਾਪਤੀ ਲਈ ਸਮਾਜਿਕ ਸੁਰਖਿਆ ਤੇ ਇਸਤਰੀ ਅਤੇ ਬਾਲ ਵਿਕਾਸ ਪੰਜਾਬ ਵਿਭਾਗ ਪੰਜਾਬ ਅਤੇ ਜ਼ਿਲ੍ਹਾ ਪ੍ਰੋਗਰਾਮ ਅਫਸਰ, ਸ਼ਹੀਦ ਭਗਤ ਸਿੰਘ ਨਗਰ ਜਗਰੂਪ ਸਿੰਘ ਦੀਆ ਹਦਾਇਤਾਂ ਅਨੁਸਾਰ ਆਰ. ਕੇ ਆਰੀਆ ਕਾਲਜ, ਨਵਾਂਸ਼ਹਿਰ ਦੇ ਚੌ: ਅਮਰਨਾਥ ਸੈਣੀ ਸੈਮੀਨਾਰ ਹਾਲ ਵਿਖੇ 24 ਤੋਂ 26 ਮਾਰਚ ਤੱਕ 'ਪੋਸ਼ਣ ਵੀ ਪੜ੍ਹਾਈ ਵੀ' ਸਕੀਮ ਤਹਿਤ ਬਲਾਕ ਬਲਾਚੌਰ ਦੀਆ 76 ਆਂਗਨਵਾੜੀ ਵਰਕਰਾਂ ਦੇ ਦੂਸਰੇ ਬੈਚ ਲਈ ਤਿੰਨ ਰੋਜ਼ਾ ਟ੍ਰੇਨਿੰਗ ਦਾ ਆਯੋਜਨ ਕੀਤਾ ਗਿਆ। ਬਾਲ ਵਿਕਾਸ ਪ੍ਰੋਜੈਕਟ ਅਫ਼ਸਰ, ਬਲਾਚੌਰ ਪੂਰਨ ਪੰਕਜ ਸ਼ਰਮਾ ਵੱਲੋਂ ਦੱਸਿਆ ਗਿਆ ਕਿ ਐਜੂਕੇਸ਼ਨ ਪਾਲਿਸੀ 2020 ਤਹਿਤ 0 ਤੋਂ 6 ਸਾਲ ਦੇ ਬੱਚਿਆਂ ਨੂੰ ਗੁਣਵੱਤਾ ਭਰਪੂਰ 'ਅਰਲੀ ਚਾਈਲਡਹੁੱਡ ਕੇਅਰ ਅਤੇ ਐਜੂਕੇਸ਼ਨ, ਟੀ. ਐਲ. ਐਮ ਦੀ ਮਹੱਤਤਾ, ਚੰਗੀ ਸਿਹਤ, ਸਰਵਪੱਖੀ ਵਿਕਾਸ ਅਤੇ ਦਿਵਿਆਂਗ ਬੱਚਿਆਂ ਦੇ ਵਿਕਾਸ ਅਤੇ ਮੁੱਖ ਧਾਰਾ ਵਿਚ ਸ਼ਾਮਿਲ ਕਰਨ ਸਬੰਧੀ ਹੁਨਰ ਨਿਖਾਰ ਟ੍ਰੇਨਿੰਗ ਦਿੱਤੀ ਗਈ। ਉਨ੍ਹਾਂ ਇਹ ਵੀ ਦੱਸਿਆ ਕਿ ਹੁਣ ਤੱਕ ਕੁੱਲ 151 ਆਂਗਨਵਾੜੀ ਵਰਕਰਾਂ ਨੂੰ ਸਕਿੱਲ ਟ੍ਰੇਨਿੰਗ ਦਿੱਤੀ ਗਈ ਹੈ। ਉਨ੍ਹਾਂ ਆਮ ਜਨਤਾ ਨੂੰ ਅਪੀਲ ਕੀਤੀ ਕਿ ਉਹ ਆਪਣੇ 0 ਤੋਂ 6 ਸਾਲ ਦੇ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਉਨ੍ਹਾਂ ਨੂੰ ਆਂਗਨਵਾੜੀ ਸੈਂਟਰ ਵਿਚ ਦਾਖ਼ਲ ਕਰਵਾ ਕੇ ਸਕਸ਼ਮ ਆਂਗਨਵਾੜੀ ਸੈਂਟਰ ਅਤੇ ਪੋਸ਼ਣ 2.0 ਸਕੀਮ ਦਾ ਵੱਧ ਤੋਂ ਵੱਧ ਲਾਭ ਉਠਾਉਣ। ਇਸ ਟ੍ਰੇਨਿੰਗ ਵਿਚ ਸੁਪਰਵਾਈਜ਼ਰ ਅੰਜਲੀ, ਪਰਮਜੀਤ, ਹਰਸ਼ ਬਾਲਾ, ਨੀਲਮ ਕੁਮਾਰੀ ਅਤੇ ਸੰਦੀਪ ਚੌਧਰੀ ਨੇ ਬਤੌਰ ਸਟੇਟ ਮਾਸਟਰ ਟ੍ਰੇਨਰਜ਼ ਵਜੋਂ ਭਾਗ ਲਿਆ।

# ਜਸ਼ਨਦੀਪ ਸਿੰਘ ਨੈਣੇਵਾਲ ਨੇ ਜ਼ਿਲ੍ਹਾ ਮੰਡੀ ਅਫ਼ਸਰ ਵਜੋਂ ਅਹੁਦਾ ਸੰਭਾਲਿਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪ੍ਰੈਲ INTERNATIONAL PAPER, 9463601616 hardipchumber57@gmail.com



ਨਵਾਂਸ਼ਹਿਰ (ਸਤਨਾਮ ਸਿੰਘ ਸਹੂੰਗੜਾ) ਜਸ਼ਨਦੀਪ ਸਿੰਘ ਨੈਣੇਵਾਲ ਨੇ ਅੱਜ ਜ਼ਿਲ੍ਹਾ ਮੰਡੀ ਅਫ਼ਸਰ, ਸ਼ਹੀਦ ਭਗਤ ਸਿੰਘ ਨਗਰ ਵਜੋਂ ਅਹੁਦਾ ਸੰਭਾਲ ਲਿਆ। ਜ਼ਿਲ੍ਹਾ ਮੰਡੀ ਦਫ਼ਤਰ ਦੇ ਸਟਾਫ ਮੈਂਬਰਾਂ ਤੋਂ ਇਲਾਵਾ ਮਾਰਕੀਟ ਕਮੇਟੀ ਨਵਾਂਸ਼ਹਿਰ ਦੇ ਸਕੱਤਰ ਹਰਪ੍ਰੀਤ ਸਿੰਘ ਵੱਲੋਂ ਨਵੇਂ ਜ਼ਿਲ੍ਹਾ ਮੰਡੀ ਅਫ਼ਸਰ ਜਸ਼ਨਦੀਪ ਸਿੰਘ ਦਾ ਗੁਲਦਸਤਾ ਭੇਟ ਕਰਕੇ ਸਵਾਗਤ ਕੀਤਾ ਗਿਆ। ਇਸ ਮੌਕੇ ਜਸ਼ਨਦੀਪ ਸਿੰਘ ਨੈਣੇਵਾਲ ਨੇ ਦੱਸਿਆ ਕਿ ਉਹ ਇਸ ਤੋਂ ਪਹਿਲਾਂ ਮੋਗਾ ਵਿਖੇ ਬਤੌਰ ਜ਼ਿਲ੍ਹਾ ਮੰਡੀ ਅਫ਼ਸਰ ਵਜੋਂ ਸੇਵਾਵਾਂ ਨਿਭਾਅ ਰਹੇ ਸਨ। ਉਨ੍ਹਾਂ ਕਿਹਾ ਕਿ ਉਹ ਬਹੁਤ ਹੀ ਖੁਸ਼ਨਸੀਬ ਹਨ ਕਿ ਉਨ੍ਹਾਂ ਨੂੰ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ ਜੱਦੀ ਪਿੰਡ ਵਾਲੇ ਜ਼ਿਲ੍ਹੇ ਸ਼ਹੀਦ ਭਗਤ ਸਿੰਘ ਨਗਰ ਵਿਚ ਸੇਵਾ ਕਰਨ ਦਾ ਮੌਕਾ ਮਿਲਿਆ ਹੈ।

# ਵਰਦਾਨ ਹਸਪਤਾਲ ਦੀ ਲਾਪਰਵਾਹੀ, ਮੂਰਤੀ ਦੇਵੀ ਦੀ ਮੌਤ ਗਲਤ ਟੀਕੇ ਅਤੇ ਦਵਾਈ ਕਾਰਨ ਹੋਈ, ਪੋਸਟ ਮਾਰਟਮ ਵੀ ਨਹੀਂ ਹੋਇਆ, ਸੁਪਰੀਮ ਕੋਰਟ ਦੇ ਹੁਕਮਾਂ ਦੀ ਉਲੰਘਣਾ- ਕੈਂਥ

- ਪੀੜਤਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਧਾਰਾ 304 ਤਹਿਤ ਐਫਆਈਆਰ ਦਰਜ ਕਰਨ ਅਤੇ ਡਾਕਟਰਾਂ ਅਤੇ ਸਟਾਫ਼ ਮੈਂਬਰਾਂ ਦੇ ਨਾਲ-ਨਾਲ ਵਰਦਾਨ ਹਸਪਤਾਲ ਪਾਤੜਾਂ ਦੇ ਪ੍ਰਬੰਧਨ ਨੂੰ ਗ੍ਰਿਫ਼ਤਾਰ ਕਰਨ ਦੀ ਕੀਤੀ ਮੰਗ
- ਪੀੜਤ ਪਰਿਵਾਰ ਨੇ ਪੰਜਾਬ ਦੇ ਸਿਹਤ ਮੰਤਰੀ ਬਲਬੀਰ ਸਿੰਘ ਤੋਂ ਵਰਦਾਨ ਹਸਪਤਾਲ ਵਿਰੁੱਧ ਗੰਭੀਰ ਦੋਸ਼ਾਂ 'ਤੇ ਤੁਰੰਤ ਅਤੇ ਸਖ਼ਤ ਕਾਰਵਾਈ ਯਕੀਨੀ ਬਣਾਉਣ ਦੀ ਮੰਗ ਕੀਤੀ - ਕੈਂਥ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com

ਪਟਿਆਲਾ,2 ਅਪ੍ਰੈਲ ਪ੍ਰਾਈਵੇਟ ਹਸਪਤਾਲਾਂ ਵਿੱਚ ਡਾਕਟਰਾਂ ਦੀ ਲਾਪਰਵਾਹੀ ਦਾ ਮਾਮਲਾ ਹਮੇਸ਼ਾ ਸੁਰਖੀਆਂ ਵਿੱਚ ਰਹਿੰਦਾ ਹੈ। ਵਰਦਾਨ ਹਸਪਤਾਲ ਪਾਤੜਾਂ ਵਿੱਚ ਇੱਕ ਅਜਿਹਾ ਹੀ ਮਾਮਲਾ ਸਾਹਮਣੇ ਆਇਆ ਹੈ ਜਿਸ ਵਿੱਚ 65 ਸਾਲਾ ਸ਼੍ਰੀਮਤੀ ਮੂਰਤੀ ਦੇਵੀ ਦੀ ਗਲਤ ਟੀਕਾ ਅਤੇ ਦਵਾਈ ਕਾਰਨ ਮੌਤ ਹੋ ਗਈ ਨੈਸ਼ਨਲ ਸ਼ਡਿਊਲਡ ਕਾਸਟਸ ਅਲਾਇੰਸ ਦੇ ਪ੍ਰਧਾਨ ਪਰਮਜੀਤ ਸਿੰਘ ਕੈਂਥ ਨੇ ਇੱਥੇ ਇੱਕ ਪ੍ਰੈਸ ਕਾਨਫਰੰਸ ਵਿੱਚ ਇਸ ਮੰਦਭਾਗੀ ਘਟਨਾ ਬਾਰੇ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਇਹ ਘਟਨਾ ਇਕੱਲੀ ਨਹੀਂ ਹੈ ਬਲਕਿ ਵਰਦਨ ਹਸਪਤਾਲ ਦੇ ਸਾਹਮਣੇ ਪਹਿਲਾਂ ਵੀ ਅਜਿਹੇ ਮਾਮਲੇ ਸਾਹਮਣੇ ਆਏ ਹਨ ਪਰ ਅੱਜ ਤੱਕ ਇਨ੍ਹਾਂ ਸਾਰੇ ਲੋਕਾਂ ਨੂੰ ਕੋਈ ਫ਼ਰਕ ਨਹੀਂ ਪਿਆ ਹੈ ਅਤੇ ਨਾ ਹੀ ਸਿਵਲ ਪ੍ਰਸ਼ਾਸਨ ਅਤੇ ਨਾ ਹੀ ਪੁਲਿਸ ਪ੍ਰਸ਼ਾਸਨ ਨੇ ਇਨ੍ਹਾਂ ਵਿਰੁੱਧ ਕੋਈ ਕਾਰਵਾਈ ਕੀਤੀ। ਰਾਜਨੀਤਿਕ ਦਬਾਅ ਕਾਰਨ ਇਹ ਲੋਕ ਅਜਿਹੀਆਂ ਗੰਭੀਰ ਘਟਨਾਵਾਂ ਨੂੰ ਦਬਾਉਂਦੇ ਹਨ ਜਿਨ੍ਹਾਂ ਵਿੱਚ ਗਰੀਬ ਲੋਕਾਂ ਨੂੰ ਇਨਸਾਫ਼ ਨਹੀਂ ਮਿਲਦਾ ਅਤੇ ਗਰੀਬ ਲੋਕ ਦਰ-ਦਰ ਭਟਕਦੇ ਰਹਿੰਦੇ ਹਨ ਅਤੇ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ। ਮਾਮਲੇ ਨੂੰ ਦਬਾਉਣ ਦੀ ਕੋਸ਼ਿਸ਼ ਵਿੱਚ, ਵਰਦਾਨ ਹਸਪਤਾਲ ਦੇ ਡਾਕਟਰਾਂ ਅਤੇ ਸਟਾਫ ਨੇ ਪਰਿਵਾਰਕ ਮੈਂਬਰਾਂ 'ਤੇ ਪੈਸੇ ਦੇਣ ਅਤੇ ਮ੍ਰਿਤਕ ਔਰਤ ਨੂੰ ਹਸਪਤਾਲ ਲਿਜਾਣ ਲਈ ਦਬਾਅ ਪਾਉਣਾ ਸ਼ੁਰੂ ਕਰ ਦਿੱਤਾ। ਜਦੋਂ ਪਰਿਵਾਰਕ ਮੈਂਬਰਾਂ ਨੇ ਹੋਰ ਲੋਕਾਂ ਨੂੰ ਬੁਲਾਉਣਾ ਸ਼ੁਰੂ ਕਰ ਦਿੱਤਾ ਤਾਂ ਹਸਪਤਾਲ ਪ੍ਰਬੰਧਕਾਂ ਨੇ ਕਿਹਾ ਕਿ ਔਰਤ ਦੀ ਮੌਤ ਕਿਸੇ ਕਾਰਨ ਹੋਈ ਹੈ। ਸਰਦਾਰ ਕੈਂਥ ਨੇ ਕਿਹਾ ਕਿ ਹਸਪਤਾਲ ਪ੍ਰਬੰਧਨ ਨੇ ਪਰਿਵਾਰ 'ਤੇ ਮਾਮਲਾ ਇੱਥੇ ਹੀ ਖਤਮ ਕਰਨ ਲਈ ਦਬਾਅ ਪਾਇਆ ਅਤੇ ਪਰਿਵਾਰ 'ਤੇ ਸ਼ਹਿਰ ਦੇ ਕੁਝ ਆਗੂਆਂ ਵੱਲੋਂ ਵੀ ਦਬਾਅ ਪਾਇਆ ਗਿਆ ਅਤੇ ਹੈਰਾਨੀ ਵਾਲੀ ਗੱਲ ਇਹ ਹੈ ਕਿ ਹਸਪਤਾਲ ਨੇ ਪੋਸਟਮਾਰਟਮ ਵੀ




ਨਹੀਂ ਕਰਵਾਇਆ। ਅਲਾਇੰਸ ਮੁਖੀ ਸਰਦਾਰ ਕੈਂਥ ਨੇ ਕਿਹਾ ਕਿ ਹਸਪਤਾਲ ਅਧਿਕਾਰੀਆਂ ਨੇ ਸੁਪਰੀਮ ਕੋਰਟ ਦੇ ਹੁਕਮਾਂ ਦੀ ਵੀ ਉਲੰਘਣਾ ਕੀਤੀ ਅਤੇ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਮਰੀਜ਼ ਦੀ ਮੌਤ ਤੋਂ ਬਾਅਦ ਹਰ ਹਾਲਤ ਵਿੱਚ ਪੋਸਟਮਾਰਟਮ ਕੀਤਾ ਜਾਣਾ ਚਾਹੀਦਾ ਹੈ, ਪਰ ਅਜਿਹਾ ਨਹੀਂ ਕੀਤਾ ਗਿਆ। ਜ਼ਬਰਦਸਤੀ ਅਤੇ ਪੀੜਤ ਪਰਿਵਾਰ ਨੂੰ ਧਮਕੀਆਂ ਦੇਣ ਕਾਰਨ ਲਾਸ਼ ਦਾ ਸਸਕਾਰ ਜਲਦੀ ਵਿੱਚ ਕਰ ਦਿੱਤਾ ਗਿਆ।

ਸੀਨੀਅਰ ਆਗੂ ਸਰਦਾਰ ਪਰਮਜੀਤ ਸਿੰਘ ਕੈਂਥ ਨੇ ਕਿਹਾ ਕਿ ਜੇਕਰ ਕਿਸੇ ਮਰੀਜ਼ ਦੀ ਮੌਤ ਕਥਿਤ ਡਾਕਟਰੀ ਲਾਪਰਵਾਹੀ ਕਾਰਨ ਹੁੰਦੀ ਹੈ, ਤਾਂ ਪੀੜਤ ਦਾ ਰਿਸ਼ਤੇਦਾਰ ਕਾਨੂੰਨ ਅਨੁਸਾਰ ਪੁਲਿਸ ਨੂੰ ਐਫਆਈਆਰ ਦਰਜ ਕਰਨ ਦੀ ਬੇਨਤੀ ਕਰ ਸਕਦਾ ਹੈ, ਜਿਸ ਨੂੰ ਭਾਰਤੀ ਦੰਡ ਸੰਹਿਤਾ ਦੀ ਧਾਰਾ 304 ਜਾਂ 304-ਏ (ਲਾਪਰਵਾਹੀ ਨਾਲ ਮੌਤ ਦਾ ਕਾਰਨ ਬਣਨਾ) ਤਹਿਤ ਦਰਜ ਕੀਤਾ ਜਾ ਸਕਦਾ ਹੈ। ਪੀੜਤ ਪਰਿਵਾਰ ਨੇ ਪ੍ਰਸ਼ਾਸਨ ਤੋਂ ਤੁਰੰਤ ਧਾਰਾ 304 ਤਹਿਤ ਕਾਨੂੰਨੀ ਕਾਰਵਾਈ ਅਤੇ ਗ੍ਰਿਫ਼ਤਾਰ ਕਰਨ ਦੀ ਮੰਗ ਕੀਤੀ ਅਤੇ ਵਰਧਨ ਹਸਪਤਾਲ ਪਾਤੜਾਂ ਦੇ ਡਾਕਟਰਾਂ ਅਤੇ ਸਟਾਫ਼ ਮੈਂਬਰਾਂ ਦੇ ਨਾਲ-ਨਾਲ ਪ੍ਰਬੰਧਨ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ ਕਿਉਂਕਿ ਪ੍ਰਾਈਵੇਟ ਹਸਪਤਾਲਾਂ ਵਿੱਚ ਡਾਕਟਰਾਂ ਦੀ ਲਾਪਰਵਾਹੀ ਦਾ ਮਾਮਲਾ ਗੈਰ-ਜ਼ਿੰਮੇਵਾਰ ਸਟਾਫ਼ ਅਤੇ ਘੱਟ ਤਜਰਬੇਕਾਰ ਡਾਕਟਰਾਂ ਨਾਲ ਹਮੇਸ਼ਾ ਸੁਰਖੀਆਂ ਵਿੱਚ ਰਹਿੰਦਾ ਹੈ। ਸਰਦਾਰ ਕੈਂਥ ਨੇ ਕਿਹਾ ਕਿ ਪੀੜਤਾਂ ਦੀ ਮੰਗ ਹੈ ਕਿ ਪੰਜਾਬ ਸਿਹਤ ਵਿਭਾਗ ਵਰਦਾਨ ਹਸਪਤਾਲ ਦਾ ਲਾਇਸੈਂਸ ਅਤੇ ਮਾਨਤਾ ਤੁਰੰਤ ਰੱਦ ਕਰੇ ਤਾਂ ਜੋ ਲੋਕਾਂ ਵਿੱਚ ਡਰ ਅਤੇ ਦਹਿਸ਼ਤ ਦਾ ਮਾਹੌਲ ਦੂਰ ਹੋ ਸਕੇ। ਵਰਦਾਨ ਹਸਪਤਾਲ ਦੇ ਡਾਕਟਰਾਂ ਵਿਰੁੱਧ ਮੈਡੀਕਲ ਕੌਂਸਲ ਆਫ਼ ਇੰਡੀਆ ਕੋਲ ਵੀ ਸ਼ਿਕਾਇਤ ਦਰਜ ਕਰਵਾਈ ਜਾਵੇਗੀ। ਸਾਨੂੰ ਉਮੀਦ ਹੈ ਕਿ ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ, ਪੰਜਾਬ ਦੇ ਸਿਹਤ ਮੰਤਰੀ ਬਲਬੀਰ ਸਿੰਘ ਵਰਦਾਨ ਹਸਪਤਾਲ ਵਿਰੁੱਧ ਲਗਾਏ ਗਏ ਗੰਭੀਰ ਦੋਸ਼ਾਂ ਵਿਰੁੱਧ ਤੁਰੰਤ ਸਖ਼ਤ ਕਾਰਵਾਈ ਯਕੀਨੀ ਬਣਾਉਣ ਅਤੇ ਪ੍ਰਕਿਰਿਆ ਨੂੰ ਪੂਰਾ ਕਰਨ ਲਈ ਨਿਰਦੇਸ਼ ਜਾਰੀ ਕਰਨਗੇ। ਇਸ ਮੌਕੇ ਪਰਿਵਾਰ ਮੈਂਬਰ ਪ੍ਰੇਮ ਚੰਦ, ਡਿੰਪਲ ਕੁਮਾਰ ਅਤੇ ਹੋਰ ਮੌਜੂਦ ਸਨ।

ਸ਼੍ਰੀਮਤੀ ਮੂਰਤੀ ਦੇਵੀ ਦੇ ਪੁੱਤਰਾਨ ਪ੍ਰੇਮ ਚੰਦ, ਡਿੰਪਲ ਕੁਮਾਰ ਨੇ ਕਿਹਾ ਕਿ ਉਨ੍ਹਾਂ ਦੀ ਮਾਂ ਨੂੰ ਅਚਾਨਕ ਪੇਟ ਵਿੱਚ ਦਰਦ ਹੋਣ ਲੱਗ ਪਿਆ ਜਿਸ ਲਈ ਮੈਂ 24-03-2025 ਨੂੰ ਦੁਪਹਿਰ 12:00 ਵਜੇ ਦੇ ਕਰੀਬ ਵਰਦਾਨ ਹਸਪਤਾਲ ਪਾਤੜਾਂ ਪਹੁੰਚਿਆ ਅਤੇ ਉੱਥੇ ਮੌਜੂਦ ਡਾਕਟਰ ਹਰਜੀਤ ਸਿੰਘ ਨੂੰ ਮਿਲਿਆ। ਹਰਜੀਤ ਸਿੰਘ ਨੇ ਕਿਹਾ ਕਿ ਇਹ ਇੱਕ ਛੋਟੀ ਜਿਹੀ ਬਿਮਾਰੀ/ਇਨਫੈਕਸ਼ਨ ਹੈ ਅਤੇ ਮੌਸਮ ਬਦਲਣ ਦੇ ਨਾਲ ਇਹ ਆਮ ਹੋ ਜਾਂਦੀ ਹੈ, ਜਿਸ ਇਲਾਜ ਲਈ ਮੈਂ ਇਸਦਾ ਇਲਾਜ ਕਰਵਾਉਂਦਾ ਹਾਂ ਅਤੇ ਡਾਕਟਰ ਦੀ ਸਲਾਹ 'ਤੇ ਅਤੇ ਡਾਕਟਰ ਨੂੰ ਜ਼ਿੰਮੇਵਾਰੀ ਬਾਰੇ ਦੱਸ ਕੇ, ਮੈਂ ਆਪਣੀ ਮਾਂ ਨੂੰ ਵਰਦਾਨ ਹਸਪਤਾਲ ਪਾਤੜਾਂ ਵਿੱਚ ਦਾਖਲ ਕਰਵਾਇਆ ਅਤੇ ਇਸ ਇਲਾਜ ਲਈ ਡਾਕਟਰ ਨੇ ਮੈਨੂੰ 15000 ਰੁਪਏ ਦਾ ਪੈਕੇਜ ਦੱਸਿਆ ਅਤੇ ਇਸਨੂੰ ਜਮ੍ਹਾ ਕਰਵਾਉਣ ਲਈ ਕਿਹਾ, ਮੈਂ ਗੂਗਲ ਪੇ ਰਾਹੀਂ 5000 ਰੁਪਏ ਜਮ੍ਹਾ ਕਰਵਾਏ ਅਤੇ ਇਸਨੂੰ ਹਸਪਤਾਲ ਦੇ ਖਾਤੇ ਵਿੱਚ ਟ੍ਰਾਂਸਫਰ ਕਰ ਦਿੱਤਾ ਅਤੇ ਇਸ ਤੋਂ ਬਾਅਦ, ਮੇਰੀ ਮਾਂ ਦਾ ਇਲਾਜ ਸ਼ੁਰੂ ਹੋ ਗਿਆ ਅਤੇ ਥੋੜ੍ਹੇ ਸਮੇਂ ਦੇ ਇਲਾਜ ਤੋਂ ਬਾਅਦ ਮੈਨੂੰ ਲੱਗਾ ਕਿ ਮੇਰੀ ਮਾਂ ਦੀ ਹਾਲਤ ਵਿੱਚ ਸੁਧਾਰ ਹੋਇਆ ਹੈ ਅਤੇ ਮੈਨੂੰ ਰਾਹਤ ਮਿਲੀ ਪਰ ਜਦੋਂ ਡਾਕਟਰ ਨੇ ਸ਼ਾਮ 6:00 ਵਜੇ ਉਸਨੂੰ ਦੁਬਾਰਾ ਟੀਕਾ ਲਗਾਇਆ ਅਤੇ ਇਸ ਤੋਂ ਬਾਅਦ ਮੇਰੀ ਮਾਂ ਦੀ ਹਾਲਤ ਅਚਾਨਕ ਵਿਗੜ ਗਈ ਅਤੇ ਉਹ ਬੇਹੋਸ਼ ਹੋ ਗਈ ਅਤੇ ਡਾਕਟਰ ਨੇ ਕਿਹਾ ਕਿ ਮੈਂ ਟੀਕਾ ਲਗਾ ਦਿੱਤਾ ਹੈ, ਉਹ ਕੁਝ ਘੰਟਿਆਂ ਵਿੱਚ ਹੋਸ਼ ਵਿੱਚ ਆ ਜਾਵੇਗੀ, ਤੁਸੀਂ ਚਿੰਤਾ ਨਾ ਕਰੋ। ਮੈਂ ਡਾਕਟਰ ਨੂੰ ਕਿਹਾ ਕਿ ਜੇਕਰ ਤੁਹਾਨੂੰ ਇਲਾਜ ਦੀ ਲੋੜ ਨਹੀਂ ਹੈ ਤਾਂ ਮੈਨੂੰ ਰੈਫਰ ਕਰੋ, ਮੈਂ ਕਿਸੇ ਹੋਰ ਹਸਪਤਾਲ ਵਿੱਚ ਇਲਾਜ ਕਰਵਾਵਾਂਗਾ ਪਰ ਡਾਕਟਰ ਹਰਜੀਤ ਸਿੰਘ ਨੇ ਕਿਹਾ ਕਿ ਤੁਸੀਂ ਚਿੰਤਾ ਨਾ ਕਰੋ, ਚਿੰਤਾ ਕਰਨ ਦੀ ਕੋਈ ਗੱਲ ਨਹੀਂ ਹੈ, ਇਹ ਸਾਡਾ ਰੋਜ਼ਾਨਾ ਦਾ ਕੰਮ ਹੈ ਅਤੇ ਮੈਂ ਡਾਕਟਰ 'ਤੇ ਭਰੋਸਾ ਕੀਤਾ ਅਤੇ ਆਪਣੀ ਮਾਂ ਨੂੰ ਇਸ ਹਸਪਤਾਲ ਵਿੱਚ ਦਾਖਲ ਰੱਖਿਆ ਅਤੇ ਉਸ ਤੋਂ ਬਾਅਦ ਡਾਕਟਰ ਹਸਪਤਾਲ ਛੱਡ ਕੇ ਸਾਨੂੰ ਨਹੀਂ ਮਿਲਿਆ ਅਤੇ 2-3 ਘੰਟੇ ਬਾਅਦ ਸਟਾਫ ਨੇ ਸਾਨੂੰ ਕਿਹਾ ਕਿ ਤੁਹਾਡੀ ਮਾਂ ਦੀ ਮੌਤ ਹੋ ਗਈ ਹੈ, ਤੁਸੀਂ ਪੈਸੇ ਜਮ੍ਹਾਂ ਕਰਵਾਓ ਅਤੇ ਲਾਸ਼ ਲੈ ਜਾਓ ਅਤੇ ਇਸ ਤੋਂ ਬਾਅਦ ਅਸੀਂ ਡਾਕਟਰ ਨੂੰ ਫ਼ੋਨ ਕੀਤਾ ਪਰ ਸਾਡਾ ਫ਼ੋਨ ਨਹੀਂ ਚੁੱਕਿਆ ਗਿਆ ਅਤੇ ਸਟਾਫ ਨੇ ਸਾਡੇ ਨਾਲ ਦੁਰਵਿਵਹਾਰ ਕੀਤਾ ਅਤੇ ਸਾਨੂੰ ਹਸਪਤਾਲ ਤੋਂ ਬਾਹਰ ਕੱਢ ਦਿੱਤਾ ਅਤੇ ਸਾਨੂੰ ਧਮਕੀਆਂ ਦਿੱਤੀਆਂ। ਮੈਂ ਅਤੇ ਮੇਰੇ ਸਾਥੀਆਂ ਨੇ ਰੌਲਾ ਪਾਇਆ, ਫਿਰ ਸਾਨੂੰ ਅੰਦਰ ਜਾਣ ਦਿੱਤਾ ਗਿਆ ਅਤੇ ਹਸਪਤਾਲ ਦੇ ਲੋਕ ਕਹਿਣ ਲੱਗੇ ਕਿ ਸਾਡੇ ਉੱਪਰ ਸੰਪਰਕ ਹਨ, ਤੁਸੀਂ ਸਾਡੇ ਨਾਲ ਕੁਝ ਨਹੀਂ ਕਰ ਸਕਦੇ। ਸਾਨੂੰ ਧਮਕੀਆਂ ਦਿੱਤੀਆਂ ਗਈਆਂ ਅਤੇ ਸ਼ਹਿਰ ਦੇ ਸੀਨੀਅਰ ਆਗੂਆਂ ਨੇ ਸਾਨੂੰ ਭਰੋਸਾ ਦਿੱਤਾ ਕਿ ਉਹ ਤੁਹਾਨੂੰ ਇਨਸਾਫ਼ ਦਿਵਾਉਣਗੇ ਪਰ ਉਨ੍ਹਾਂ ਨੇ ਕੁਝ ਨਹੀਂ ਕੀਤਾ, ਅਸੀਂ ਡੀਐਸਪੀ ਨੂੰ ਵੀ ਫ਼ੋਨ ਕੀਤਾ। ਅਸੀਂ (ਡਿਪਟੀ ਸੁਪਰਡੈਂਟ ਆਫ਼ ਪੁਲਿਸ) ਪਾਤੜਾਂ ਨੂੰ ਲਿਖਤੀ ਸ਼ਿਕਾਇਤ ਦਿੱਤੀ ਅਤੇ ਅਸੀਂ ਮਾਣਯੋਗ ਮੁੱਖ ਮੰਤਰੀ ਪੰਜਾਬ ਅਤੇ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਨੂੰ ਮੇਲ ਕੀਤਾ।

# ਬਾਬਾ ਸਾਹਿਬ ਅੰਬੇਡਕਰ ਦੇ ਬੁੱਤਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਜਸਵੀਰ ਸਿੰਘ ਗੜ੍ਹੀ ਨੇ ਡੀ.ਜੀ.ਪੀ. ਨੂੰ ਲਿਖਿਆ ਪੱਤਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com


ਜਸਵੀਰ ਸਿੰਘ ਗੜ੍ਹੀ
ਚੇਅਰਮੈਨ

ਨੰ:ਪੀ.ਏ. /ਚੇਅਰਮੈਨ/ਪਰਅਜਕ/2025
ਚੇਅਰਮੈਨ
ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ,
ਕਮਰਾ ਨੰ: 8, ਚੌਥੀ ਮੰਜ਼ਿਲ,
ਪੰਜਾਬ ਸਿਵਲ ਸਕੱਤਰੇਤ-1, ਚੰਡੀਗੜ੍ਹ।
ਈ-ਮੇਲ-chrm.psscc-pb@nic.in
ਫੋਨ ਨੰ: 0172-2741342
0172-2740611-4604

ਨੰ. 975 ਮਿਤੀ 02/04/25

ਵੱਲ,
ਸ੍ਰੀ ਗੌਰਵ ਯਾਦਵ ਜੀ,
ਡਾਇਰੈਕਟਰ ਜਨਰਲ ਆਫ ਪੁਲਿਸ,
ਪੰਜਾਬ,

ਵਿਸ਼ਾ: ਪੰਜਾਬ ਵਿੱਚ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਬੁੱਤਾਂ ਦੀ ਸੁਰੱਖਿਆ ਨੂੰ ਯਕੀਨੀ ਬਨਾਉਣ ਸਬੰਧੀ।

ਉਪਰੋਕਤ ਵਿਸ਼ੇ ਦੇ ਸਬੰਧੀ ਆਪ ਨੂੰ ਲਿਖਿਆ ਜਾਂਦਾ ਹੈ ਕਿ ਬੀਤੇ ਦਿਨੀਂ 31 ਮਾਰਚ 2025 ਨੂੰ ਜਿਲ੍ਹਾ ਜਲੰਧਰ ਦੇ ਫਿਲੌਰ ਤਹਿਸੀਲ ਦੇ ਪਿੰਡ ਨੰਗਲ ਵਿਖੇ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਸਟੈਚੂ ਉੱਤੇ ਦੇਸ਼ ਵਿਰੋਧੀ ਨਾਰੇ ਲਿਖੇ ਗਏ ਸਨ। ਜਿਸ ਦੀ ਜਿੰਮੇਵਾਰੀ ਗੁਰਪਤਵੰਤ ਸਿੰਘ ਪੰਨੂ ਵੱਲੋਂ ਵੀਡੀਓ ਜਾਰੀ ਕਰਕੇ ਲਈ ਗਈ ਹੈ। ਇਸ ਵੀਡੀਓ ਵਿੱਚ ਗੁਰਪਤਵੰਤ ਸਿੰਘ ਪੰਨੂੰ ਵੱਲੋਂ ਬਾਬਾ ਸਾਹਿਬ ਪ੍ਰਤੀ ਬੇਹੱਦ ਭੱਦੀ ਸ਼ਬਦਾਵਲੀ ਵਰਤੀ ਗਈ। ਇਸ ਵੀਡੀਓ ਦੇ ਮੱਦੇ ਨਜ਼ਰ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਇਸ ਮਾਮਲੇ ਦਾ ਸੂ-ਮੋਟੋ ਨੋਟਿਸ ਲੈਂਦੇ ਹੋਏ ਹਦਾਇਤ ਕਰਦਾ ਹੈ ਕਿ:-

1. ਗੁਰਪਤਵੰਤ ਸਿੰਘ ਪੰਨੂੰ ਤੇ ਐਸ.ਸੀ/ਐਸ.ਟੀ ਐਕਟ 1989 ਅਧੀਨ ਅਤੇ ਦੇਸ਼ ਧਰੋਹ ਦਾ ਮੁਕੱਦਮਾ ਦਰਜ ਕੀਤਾ ਜਾਵੇ ਤਾਂ ਜੋ ਭਵਿੱਖ ਵਿੱਚ ਇਸ ਤਰ੍ਹਾਂ ਦੀਆਂ ਘਟਨਾਵਾ ਦੇ ਮੱਦੇਨਜ਼ਰ ਉਦਾਹਰਣ ਪ੍ਰਸਤੁੱਤ ਹੋਏ।
2. ਗੁਰਪਤਵੰਤ ਪੰਨੂੰ ਖਿਲਾਫ ਰੈਡ ਕਾਰਨਰ ਨੋਟਿਸ ਜਾਰੀ ਕਰਵਾਉਂਦਿਆ ਭਾਰਤੀ ਕੇਂਦਰੀ ਏਜੰਸੀਆ ਰਾਹੀਂ ਉਸ ਨੂੰ ਭਾਰਤ ਲਿਆਂਦਾ ਜਾਵੇ ਅਤੇ ਉਸ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕਰਦਿਆਂ ਬਣਦੀ ਮਿਸਾਲੀ ਸਜਾ ਦਿਵਾਈ ਜਾਵੇ।
3. ਸੂਬੇ ਵਿੱਚ ਵੱਖ ਵੱਖ ਥਾਵਾਂ ਤੇ ਸਥਿਤ ਬਾਬਾ ਸਾਹਿਬ ਡਾ. ਬੀ ਆਰ ਅੰਬੇਦਕਰ ਜੀ ਦੇ ਬੁੱਤਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਦਿਆ ਸੀ.ਸੀ.ਟੀ.ਵੀ ਕੈਮਰੇ ਲਗਾਏ ਜਾਣ ਤਾਂ ਜੋ ਭਵਿੱਖ ਵਿੱਚ ਕੋਈ ਵੀ ਗੈਰ-ਸਮਾਜੀ ਅਨਸਰ ਇਸ ਤਰ੍ਹਾਂ ਦੀ ਘਟਨਾ ਨੂੰ ਅੰਜਾਮ ਨਾ ਦੇ ਸਕਣ।
4. ਕਮਿਸ਼ਨ ਵਲੋਂ ਜਤਾਇਆ ਜਾਂਦਾ ਹੈ ਕਿ ਜਿਵੇ ਕਿ ਅੱਜ ਮਿਤੀ 02-04-2025 ਨੂੰ ਬਟਾਲਾ ਵਿਖੇ ਵੀ ਬਾਬਾ ਸਾਹਿਬ ਅੰਬੇਡਕਰ ਜੀ ਦੇ ਬੁੱਤ ਦੀ ਘਟਨਾ ਸਾਹਮਣੇ ਆਈ ਹੈ। ਪੰਜਾਬ ਵਿੱਚ ਜੇਕਰ ਅਜਿਹੀਆਂ ਘਟਨਾਵਾਂ ਵਾਪਰਦੀਆਂ ਰਹੀਆਂ ਤਾਂ ਪੰਜਾਬ ਵਿੱਚ ਆਪਸੀ ਭਾਈਚਾਰਕ ਸਾਂਝ ਟੁੱਟ ਸਕਦੀ ਹੈ। ਜਿਸ ਨਾਲ ਪੰਜਾਬ ਨੂੰ ਆਰਥਿਕ ਪੱਖੋਂ ਤੇ ਸਮਾਜਿਕ ਨੁਕਸਾਨ ਹੋ ਸਕਦਾ ਹੈ।

ਚੇਅਰਮੈਨ,
ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ
ਚੰਡੀਗੜ੍ਹ।
ਚੇਅਰਮੈਨ 2/4/25



ਚੰਡੀਗੜ੍ਹ, 2 ਅਪ੍ਰੈਲ (ਜਗਸੀਰ ਲੌਂਗੋਵਾਲ)-ਪੰਜਾਬ ਰਾਜ ਵਿੱਚ ਬਾਬਾ ਸਾਹਿਬ ਡਾਕਟਰ ਅੰਬੇਡਕਰ ਦੇ ਬੁੱਤਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਸ.ਜਸਵੀਰ ਸਿੰਘ ਗੜ੍ਹੀ ਨੇ ਸੂਬੇ ਦੇ ਪੁਲਿਸ ਮੁਖੀ ਨੂੰ ਡੀ.ਉ ਲੈਟਰ ਲਿਖਿਆ ਹੈ।

ਸ. ਗੜ੍ਹੀ ਨੇ ਲਿਖਿਆ ਕਿ ਫਿਲੌਰ ਤਹਿਸੀਲ ਦੇ ਪਿੰਡ ਨੰਗਲ ਵਿਖੇ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਬੁੱਤ ਉੱਤੇ ਦੇਸ਼ ਵਿਰੋਧੀ ਨਾਰੇ ਲਿਖੇ ਗਏ ਸਨ। ਜਿਸ ਦੀ ਜਿੰਮੇਵਾਰੀ ਗੁਰਪਤਵੰਤ ਸਿੰਘ ਪੰਨੂ ਵੱਲੋਂ ਵੀਡੀਓ ਜਾਰੀ ਕਰਕੇ ਲਈ ਗਈ ਹੈ। ਇਸ ਦੇ ਮੱਦੇਨਜ਼ਰ ਗੁਰਪਤਵੰਤ ਪੰਨੂੰ ਖ਼ਿਲਾਫ਼ ਐਸ.ਸੀ/ਐਸ.ਟੀ ਐਕਟ 1989 ਅਧੀਨ ਅਤੇ ਦੇਸ਼ ਧਰੋਹ ਦਾ ਮੁਕੱਦਮਾ ਦਰਜ ਕੀਤਾ ਜਾਵੇ ਅਤੇ ਗੁਰਪਤਵੰਤ ਪੰਨੂੰ ਖਿਲਾਫ ਰੈਡ ਕਾਰਨਰ ਨੋਟਿਸ ਜਾਰੀ ਕਰਵਾਉਂਦਿਆ ਭਾਰਤੀ ਕੇਂਦਰੀ ਏਜੰਸੀਆ ਰਾਹੀਂ ਉਸ ਨੂੰ ਭਾਰਤ ਲਿਆਂਦਾ ਜਾਵੇ ਅਤੇ ਉਸ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕਰਦਿਆਂ ਬਣਦੀ ਮਿਸਾਲੀ ਸਜਾ ਦਿਵਾਈ ਜਾਵੇ।

ਇਸ ਦੇ ਨਾਲ ਹੀ ਉਨ੍ਹਾਂ ਸੂਬੇ ਵਿੱਚ ਵੱਖ ਵੱਖ ਥਾਵਾਂ ਤੇ ਸਥਿਤ ਬਾਬਾ ਸਾਹਿਬ ਡਾ. ਬੀ ਆਰ ਅੰਬੇਦਕਰ ਜੀ ਦੇ ਬੁੱਤਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਦਿਆ ਸੀ.ਸੀ.ਟੀ.ਵੀ ਕੈਮਰੇ ਲਗਾਏ ਜਾਣ ਲਈ ਵੀ ਲਿਖਿਆ ਤਾਂ ਜੋ ਭਵਿੱਖ ਵਿੱਚ ਕੋਈ ਵੀ ਗੈਰ-ਸਮਾਜੀ ਅਨਸਰ ਇਸ ਤਰ੍ਹਾਂ ਦੀ ਘਟਨਾ ਨੂੰ ਅੰਜਾਮ ਨਾ ਦੇ ਸਕਣ। ਉਨ੍ਹਾਂ ਲਿਖਿਆ ਕਿ ਪੰਜਾਬ ਵਿੱਚ ਜੇਕਰ ਅਜਿਹੀਆਂ ਘਟਨਾਵਾਂ ਵਾਪਰਦੀਆਂ ਰਹੀਆਂ ਤਾਂ ਪੰਜਾਬ ਵਿੱਚ ਆਪਸੀ ਭਾਈਚਾਰਕ ਸਾਂਝ ਨੂੰ ਨੁਕਸਾਨ ਪਹੁਚਣ ਦਾ ਖ਼ਤਰਾ ਹੈ। ਜਿਸ ਨਾਲ ਪੰਜਾਬ ਨੂੰ ਆਰਥਿਕ ਪੱਖੋਂ ਤੇ ਸਮਾਜਿਕ ਨੁਕਸਾਨ ਹੋ ਸਕਦਾ ਹੈ।

# ਏ ਐਨ ਐਮ ਆਈ ਨੇ ਆਸ਼ਾ ਕਿਰਨ ਸਕੂਲ ਨੂੰ 1 ਲੱਖ 10 ਹਜ਼ਾਰ ਰੁਪਏ ਦਾ ਕੀਤਾ ਚੈਕ ਭੇਟ !

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ 2 ਅਪ੍ਰੈਲ ( ਤਰਸੇਮ ਦੀਵਾਨਾ ) ਕੋਲਕਾਤਾ ਵਿੱਚ ਆਯੋਜਿਤ ਐਸੋਸੀਏਸ਼ਨ ਆਫ ਨੈਸ਼ਨਲ ਐਕਸਚੇਂਜ ਮੈਂਬਰ ਆਫ ਇੰਡੀਆ ਦੇ 14ਵੇਂ ਅੰਤਰਰਾਸ਼ਟਰੀ ਸੰਮੇਲਨ ਦੌਰਾਨ, ਡਾਇਰੈਕਟਰ ਹੇਮੰਤ ਕੱਕੜ ਨੇ ਪਰਮਜੀਤ ਸਿੰਘ ਸਚਦੇਵਾ ਤੋਂ ਪ੍ਰੇਰਿਤ ਹੋ ਕੇ ਵਿਸ਼ੇਸ਼ ਬੱਚਿਆਂ ਦੀ ਭਲਾਈ ਲਈ ਆਸ਼ਾਦੀਪ ਵੈਲਫੇਅਰ ਸੋਸਾਇਟੀ ਨੂੰ 1 ਲੱਖ 10 ਹਜ਼ਾਰ ਰੁਪਏ ਦਾ ਚੈੱਕ ਸੌਂਪਿਆ। ਇਸ ਮੌਕੇ ਚੈੱਕ ਦੇਣ ਸਮੇਂ ਡਾਇਰੈਕਟਰ ਹੇਮੰਤ ਕੱਕੜ, ਡਾਇਰੈਕਟਰ ਸੁਧੀਰ ਅਗਰਵਾਲ, ਪ੍ਰਧਾਨ ਵਿਨੋਦ ਗੋਇਲ, ਉੱਤਰੀ ਖੇਤਰ ਦੇ ਵਾਈਸ ਚੇਅਰਮੈਨ ਸੰਦੀਪ ਸੇਠੀ, ਅਲਟਰਨੇਟ ਪ੍ਰਧਾਨ ਸੁਰੇਸ਼ ਕੁਮਾਰ ਵੀ ਮੌਜੂਦ ਸਨ। ਇਸ ਮੌਕੇ ਪਰਮਜੀਤ ਸਿੰਘ ਸਚਦੇਵਾ ਨੇ ਕਿਹਾ ਕਿ ਹੇਮੰਤ ਕੱਕੜ ਦੁਆਰਾ ਸਪੈਸ਼ਲ ਸਕੂਲ ਜਹਾਨਖੇਲਾ ਬਾਰੇ ਜਾਣਕਾਰੀ ਏਐਨਐਮਆਈ ਨਾਲ ਸਾਂਝੀ ਕੀਤੀ ਗਈ ਸੀ ਜਿਸ ਤੋਂ ਬਾਅਦ ਹਰ ਸਾਲ ਇਸ ਸੰਸਥਾ ਵੱਲੋਂ ਸਪੈਸ਼ਲ ਬੱਚਿਆਂ ਦੀ ਭਲਾਈ ਲਈ ਆਸ਼ਾ ਕਿਰਨ ਸਕੂਲ ਨੂੰ ਦਾਨ ਦਿੱਤਾ ਜਾਂਦਾ ਹੈ। ਇਸ ਸਹਿਯੋਗ ਲਈ, ਆਸ਼ਾਦੀਪ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਹਰਬੰਸ ਸਿੰਘ ਅਤੇ ਸਕੱਤਰ ਕਰਨਲ ਗੁਰਮੀਤ ਸਿੰਘ ਦੁਆਰਾ ਏ.ਐਨ.ਐਮਜ਼ ਦਾ ਧੰਨਵਾਦ ਕੀਤਾ ਗਿਆ।

# ਪੰਜਾਬੀ ਯੂਨੀਵਰਸਿਟੀ ਵਿਖੇ ਨਸ਼ੀਲੇ ਪਦਾਰਥਾਂ ਦੀ ਵਰਤੋਂ ਵਿਰੁੱਧ ਭਾਸ਼ਣ ਕਰਵਾਇਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com



ਬਠਿੰਡਾ/ਪਟਿਆਲਾ, 2 ਅਪ੍ਰੈਲ (ਅੰਗਰੇਜ ਸਿੰਘ ਵਿੱਕੀ)-ਪੰਜਾਬੀ ਯੂਨੀਵਰਸਿਟੀ ਵਿਖੇ ਐੱਨ. ਐੱਸ.ਐੱਸ. ਵਿਭਾਗ ਵੱਲੋਂ ਲਗਵਾਏ ਜਾ ਰਹੇ ਸੱਤ ਰੋਜ਼ਾ ਕੈਂਪ ਦੌਰਾਨ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਅਤੇ ਨਸ਼ਾਖੋਰੀ ਦੇ ਖ਼ਿਲਾਫ਼ ਜਾਗਰੂਕਤਾ ਪੈਦਾ ਕਰਨ ਹਿਤ ਭਾਸ਼ਣ ਕਰਵਾਇਆ ਗਿਆ। ਇਹ ਭਾਸ਼ਣ ਯੂਨੀਵਰਸਿਟੀ ਦੇ ਮਨੋਵਿਗਿਆਨ ਵਿਭਾਗ ਦੇ ਅਧਿਆਪਕ ਪ੍ਰੋ.ਮਮਤਾ ਸ਼ਰਮਾ ਨੇ ਦਿੱਤਾ।

ਪ੍ਰੋ.ਮਮਤਾ ਸ਼ਰਮਾ ਨੇ ਆਪਣੇ ਭਾਸ਼ਣ ਦੌਰਾਨ ਨਸ਼ੀਲੇ ਪਦਾਰਥਾਂ ਦੀ ਵਰਤੋਂ ਅਤੇ ਦੁਰਵਰਤੋਂ ਬਾਰੇ ਵੱਖ-ਵੱਖ ਪੱਖਾਂ ਤੋਂ ਵਿਆਖਿਆ ਕੀਤੀ। ਉਨ੍ਹਾਂ ਦੱਸਿਆ ਕਿ ਕੁੱਝ ਡਰੱਗਜ਼ ਦਾ ਡਾਕਟਰੀ ਮਹੱਤਵ ਹੈ ਪਰ ਉਨ੍ਹਾਂ ਦੀ ਦੁਰਵਰਤੋਂ ਗੰਭੀਰ ਨਤੀਜੇ ਸਾਹਮਣੇ ਲਿਆਉਂਦੀ ਹੈ। ਉਨ੍ਹਾਂ ਦੱਸਿਆ ਕਿ ਕਿਵੇਂ ਨਸ਼ੀਲੇ ਪਦਾਰਥਾਂ ਦੀ ਵਰਤੋਂ ਜੈਵਿਕ ਤੌਰ 'ਤੇ ਦਿਮਾਗ ਨੂੰ ਹਾਈਜੈਕ ਕਰ ਲੈਂਦੀ ਹੈ। ਉਨ੍ਹਾਂ ਫੈਸਲੇ ਲੈਣ ਅਤੇ ਆਵੇਗ ਨਿਯੰਤਰਣ ਵਿੱਚ ਦਿਮਾਗ ਦੇ ਵੱਖ-ਵੱਖ ਖੇਤਰਾਂ ਦੀ ਭੂਮਿਕਾ ਬਾਰੇ ਵੀ ਵਿਸਥਾਰ ਨਾਲ ਦੱਸਿਆ। ਉਨ੍ਹਾਂ ਨਸ਼ਾ ਪ੍ਰਭਾਵਿਤ ਵਿਅਕਤੀਆਂ ਦੀ ਮਦਦ ਬਾਰੇ ਵੀ ਅਪੀਲ ਕੀਤੀ।ਇਸ ਮੌਕੇ ਵਲੰਟੀਅਰਾਂ ਨੂੰ ਨਸ਼ਿਆਂ ਦੀ ਵਰਤੋਂ ਵਿਰੁੱਧ ਸਹੁੰ ਚੁਕਾਈ ਗਈ ਅਤੇ ਜਾਗਰੂਕਤਾ ਫੈਲਾਉਣ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕੀਤਾ।

# ਕਦੇ ਆਪਣੇ ਅੰਦਰ ਵੀ ਦੇਖ ਮਨਾਂ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪ੍ਰੈਲ INTERNATIONAL PAPER, 9463601616 hardipchumber57@gmail.com

ਆਪਾਂ ਨੂੰ ਅਕਸਰ ਹੀ ਆਪਣੇ ਵੱਡਿਆਂ ਤੋਂ ਸੁਣਨ ਨੂੰ ਮਿਲਦਾ ਹੈ ਕਿ ਜੇਕਰ ਕਿਸੇ ਦੂਜੇ ਵਿੱਚ ਕਮੀਆਂ ਕੱਢਣੀਆਂ ਹੋਣ ਤਾਂ ਆਪਾਂ ਨੂੰ ਉਸਦੇ ਗੁਣਾਂ ਨਾਲੋ ਵੱਧ ਕਮੀਆਂ ਮਿਲ ਜਾਂਦੀਆਂ ਹਨ। ਪਰ ਆਪਾ ਆਪਣੇ ਮਨ ਵਿੱਚ ਨਜ਼ਰ ਮਾਰ ਕੇ ਦੇਖੀਏ ਤਾ ਆਪਣੇ ਤੋਂ ਵੱਧ ਕਮੀਆਂ ਕਿਸੇ ਹੋਰ ਵਿੱਚ ਨਹੀਂ ਹੋਣੀਆਂ। ਅੱਜ ਦੀ ਇਸ ਭੀੜ ਭਰੀ ਦੁਨੀਆਂ ਵਿੱਚ ਹਰ ਇੱਕ ਵਿਅਕਤੀ ਦੂਜੇ ਵਿਅਕਤੀ ਨੂੰ ਗਲਤ ਸਾਬਤ ਕਰਨ ਵਿੱਚ ਲੱਗਾ ਹੋਇਆ ਹੈ। ਦਿਨੋ ਦਿਨ ਇਨਸਾਨੀਅਤ ਖਤਮ ਹੁੰਦੀ ਜਾ ਰਹੀ ਹੈ। ਹਰ ਵਿਅਕਤੀ ਆਪਣੇ ਮੁਨਾਫ਼ੇ ਲਈ ਕੁਝ ਵੀ ਕਰਨ ਲਈ ਤਿਆਰ ਹੋ ਜਾਂਦਾ ਹੈ ਭਾਵੇਂ ਉਹ ਕਿਸੇ ਹੋਰ ਲਈ ਕਿੰਨਾ ਵੀ ਨੁਕਸਾਨ ਕਿਉਂ ਨਾ ਹੋਵੇ। ਪਰ ਜੇਕਰ ਆਪਣੀ ਖੁਸ਼ੀ ਕਰਕੇ ਕਿਸੇ ਨੂੰ ਕਿਸੇ ਵੀ ਪ੍ਰਕਾਰ ਦੀ ਤਕਲੀਫ਼ ਪਹੁੰਚਦੀ ਹੈ ਤਾਂ ਇੱਕ ਵਾਰੀ ਆਪਣੇ ਆਪ ਵਿੱਚ ਇਹ ਜਰੂਰ ਦੇਖਣਾ ਚਾਹੀਦਾ ਹੈ ਕਿ ਜੋ ਮੈਂ ਕੀਤਾ ਹੈ ਹੋ ਸਹੀ ਸੀ ਜਾ ਗਲਤ। ਕਿਸੇ ਦੂਸਰੇ ਵਿਅਕਤੀ ਨੂੰ ਜਾਣਨ ਤੋਂ ਪਹਿਲਾਂ ਆਪਣੇ ਨੂੰ ਜਾਣਨਾ ਬਹੁਤ ਜਰੂਰੀ ਹੈ। ਜਿਸ ਦਿਨ ਆਪਾ ਆਪਣੇ ਆਪ ਵਿੱਚ ਸਹੀ ਗਲਤ ਦਾ ਫ਼ੈਸਲਾ ਕਰਨਾ ਸ਼ੁਰੂ ਕਰਾਂਗੇ ਉਸ ਦਿਨ ਆਪਾ ਨੂੰ ਅਸਲ ਜ਼ਿੰਦਗੀ ਜਿਉਣੀ ਆ ਜਾਵੇਗੀ।


ਹੁਸਨਪ੍ਰੀਤ ਸਿੰਘ
ਬਾਬਾ ਫ਼ਰੀਦ ਕਾਲਜ਼ ਆਫ਼ ਐਜਕੇਸ਼ਨ ਦਿਉਣ (ਬਠਿੰਡਾ),

ਪੇਸ਼ਕਸ਼ - ਅੰਗਰੇਜ ਸਿੰਘ ਵਿੱਕੀ, ਕੋਟਗੁਰੂ ਮੋਬਾਇਲ 98888-70822

# ਪਬਲਿਕ ਸੇਵਾ ਡੈਮੋਕ੍ਰੇਟਿਕ ਫਰੰਟ ਨੇ ਮਤਾ ਪਾ ਕੇ ਕੀਤੀ ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਬੀ ਦੀ ਨਖੇਦੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪ੍ਰੈਲ INTERNATIONAL PAPER, 9463601616 hardipchumber57@gmail.com



ਫਗਵਾੜਾ 2 ਅਪ੍ਰੈਲ (ਸ਼ਿਵ ਕੌੜਾ) ਸਮਾਜ ਸੇਵੀ ਜੱਥੇਬੰਦੀ ਪਬਲਿਕ ਸੇਵਾ ਡੈਮੋਕ੍ਰੇਟਿਕ ਫਰੰਟ ਦੀ ਇਕ ਮੀਟਿੰਗ ਫਰੰਟ ਦੇ ਚੇਅਰਮੈਨ ਜਥੇਦਾਰ ਸਰੂਪ ਸਿੰਘ ਖਲਵਾੜਾ ਅਤੇ ਪ੍ਰਧਾਨ ਬਹਾਦਰ ਸਿੰਘ ਸੰਗਤਪੁਰ ਦੀ ਸਾਂਝੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਜਿਲ੍ਹਾ ਜਲੰਧਰ ਦੇ ਪਿੰਡ ਨੰਗਲ (ਫਿਲੌਰ) ਵਿਖੇ ਭਾਰਤੀ ਸੰਵਿਧਾਨ ਨਿਰਮਾਤਾ ਡਾ. ਬੀ.ਆਰ. ਅੰਬੇਡਕਰ ਦੇ ਬੁੱਤ 'ਤੇ ਸਮਾਜ ਵਿਰੋਧੀ ਅਨਸਰਾਂ ਵਲੋਂ ਖਾਲਿਸਤਾਨੀ ਨਾਅਰੇ ਲਿਖਣ ਦੀ ਸਖ਼ਤ ਨਖੇਦੀ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜਥੇਦਾਰ ਸਰੂਪ ਸਿੰਘ ਖਲਵਾੜਾ ਅਤੇ ਬਹਾਦਰ ਸਿੰਘ ਸੰਗਤਪੁਰ ਨੇ ਕਿਹਾ ਕਿ ਪੰਜਾਬ ਇਸ ਸਮੇਂ ਬਹੁਤ ਮਾੜੇ ਦੌਰ ਵਿਚੋਂ ਗੁਜਰ ਰਿਹਾ ਹੈ। ਸੂਬੇ ਵਿਚ ਕਾਨੂੰਨ ਵਿਵਸਥਾ ਦੀ ਹਾਲਤ ਤਰਸਯੋਗ ਹੈ ਅਤੇ ਸਰਕਾਰੀ ਮਹਿਕਮਿਆਂ ਵਿਚ ਜਨਤਾ ਦਾ ਕੋਈ ਕੰਮ ਨਹੀਂ ਹੋ ਰਿਹਾ। ਸਰਕਾਰੀ ਦਫਤਰਾਂ ਵਿਚ ਮੁਲਾਜਮ ਨਹੀਂ ਹਨ। ਲੋਕ ਜਰੂਰੀ ਕੰਮ ਕਰਵਾਉਣ ਲਈ ਖੱਜਲ ਖੁਆਰ ਹੋ ਰਹੇ ਹਨ। ਪੰਜਾਬ ਸਰਕਾਰ ਮੁਹੱਲਾ ਕਲੀਨਿਕਾਂ 'ਚ ਫਰੀ ਇਲਾਜ ਦਾ ਢੋਲ ਪਿੱਟਦੀ ਨਹੀਂ ਥਕਦੀ ਜਦਕਿ ਸਰਕਾਰੀ ਹਸਪਤਾਲਾਂ ਵਿਚ ਸਿਹਤ ਸੁਵਿਧਾਵਾਂ ਨਹੀਂ ਹਨ ਅਤੇ ਲੋਕਾਂ ਨੂੰ ਪ੍ਰਾਈਵੇਟ ਹਸਪਤਾਲਾਂ ਵਿਚ ਮਹਿੰਗਾ ਇਲਾਜ ਕਰਵਾਉਣ ਲਈ ਮਜਬੂਰ ਹੋਣਾ ਪੈ ਰਿਹਾ ਹੈ। ਉਹਨਾਂ ਕਿਹਾ ਕ ਇਹਨਾਂ ਹਾਲਾਤਾਂ ਵਿਚ ਪੰਜਾਬ ਦੇ ਲੋਕ ਤ੍ਰਾਹਿ-ਤ੍ਰਾਹਿ ਕਰ ਰਹੇ ਹਨ। ਮੁੱਖ ਮੰਤਰੀ ਭਗਵੰਤ ਮਾਨ ਆਪਣੀ ਸਰਕਾਰ ਦੇ ਪ੍ਰਚਾਰ ਲਈ ਪੰਜਾਬ ਦਾ ਖਜਾਨਾ ਖਾਲੀ ਕਰ ਰਹੇ ਹਨ। ਪੰਜਾਬ ਦਾ ਕਰਜਾ ਪਹਿਲਾਂ ਨਾਲੋਂ ਵੀ ਵੱਧ ਗਿਆ ਹੈ। ਲਾਡੋਵਾਲ ਟੋਲ ਪਲਾਜਾ ਦਾ ਰੇਟ ਵਧਾਏ ਜਾਣ ਦੀ ਵੀ ਫਰੰਟ ਆਗੂਆਂ ਨੇ ਸਖ਼ਤ ਨਖੇਦੀ ਕੀਤੀ ਅਤੇ ਕਿਹਾ ਕਿ ਫਗਵਾੜਾ ਤੋਂ ਲੁਧਿਆਣਾ ਜਾਣ ਵਿਚ ਉਨ੍ਹਾਂ ਪੈਟਰੋਲ ਖਰਚ ਨਹੀਂ ਹੁੰਦਾ ਜਿੰਨਾ ਟੋਲ ਟੈਕਸ ਦੇਣਾ ਪੈਂਦਾ ਹੈ। ਫਰੰਟ ਆਗੂਆਂ ਨੇ ਭਗਵੰਤ ਮਾਨ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਹਾਲਾਤ ਇਹੋ ਰਹੇ ਤਾਂ 2027 ਦੀਆਂ ਪੰਜਾਬ ਵਿਧਾਨਸਭਾ ਚੋਣਾਂ 'ਚ ਆਮ ਆਦਮੀ ਪਾਰਟੀ ਦਾ ਸੂਬੇ ਵਿਚ ਨਾਮੋ ਨਿਸ਼ਾਨ ਨਹੀਂ ਰਹੇਗਾ। ਇਸ ਮੌਕੇ ਮਧੂ ਸੂਦਨ ਸਿੰਘ ਸੰਘਾ ਸਕੱਤਰ, ਪਰਮਿੰਦਰ ਸਿੰਘ ਜੰਡੂ ਮੀਤ ਪ੍ਰਧਾਨ, ਨਿਰਮਲ ਸਿੰਘ ਪਲਾਹੀ, ਮੱਖਣ ਸਿੰਘ ਮੌਲੀ, ਪ੍ਰਕਾਸ਼ ਸਿੰਘ ਰਾਈਪੁਰ, ਹਰਬਲਾਸ ਬਾਲੂ, ਰੇਸ਼ਮ ਸਿੰਘ ਢੰਡੋਲੀ, ਸੁਖਬੀਰ ਸਿੰਘ ਥਾਣੇਦਾਰ, ਅਮਰਜੀਤ ਲਾਲ, ਸਤਨਾਮ ਸਿੰਘ ਜਗਤਪੁਰ ਜੱਟਾਂ, ਸੁੱਚਾ ਸਿੰਘ ਬਿਸ਼ਨਪੁਰ, ਸੁਰਿੰਦਰ ਸਿੰਘ ਦਰਵੇਸ਼ ਪਿੰਡ, ਰਸ਼ਪਾਲ ਸਿੰਘ ਪੀਪਾਰੰਗੀ, ਕੁਲਦੀਪ ਕੁਮਾਰ ਸ਼ਰਮਾ, ਉਂਕਾਰ ਸਿੰਘ ਉੱਚਾ ਪਿੰਡ, ਸੋਹਨ ਸਿੰਘ ਬਘਾਣਾ, ਜਗੀਰ ਸਿੰਘ ਨੰਗਲ, ਡਾ. ਅਸ਼ੋਕ ਕੁਮਾਰ ਭਾਟੀਆ, ਭੁਪਿੰਦਰ ਸਿੰਘ, ਪ੍ਰੇਮ ਸਿੰਘ ਤੀਰ, ਕੁਲਦੀਪ ਸਿੰਘ ਸਰਪੰਚ ਆਦਿ ਹਾਜਰ ਸਨ।

# ਡਾ. ਮੁਹੰਮਦ ਜਮੀਲ ਬਾਲੀ ਵੱਲੋਂ ਸਮਾਜ ਪ੍ਰਤੀ ਕੀਤੀਆਂ ਜਾ ਰਹੀਆਂ ਸੇਵਾਵਾਂ ਸ਼ਲਾਘਾਯੋਗ ਹਨ: ਖੰਨਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪ੍ਰੈਲ INTERNATIONAL PAPER, 9463601616 hardipchumber57@gmail.com



ਹੁਸ਼ਿਆਰਪੁਰ 2 ਅਪ੍ਰੈਲ (ਤਰਸੇਮ ਦੀਵਾਨਾ) ਭਾਜਪਾ ਦੇ ਸਾਬਕਾ ਰਾਜ ਸਭਾ ਮੈਂਬਰ ਅਵਿਨਾਸ਼ ਰਾਏ ਖੰਨਾ ਨੇ ਕਿਹਾ ਕਿ ਸ਼ਹਿਰ ਦੇ ਪ੍ਰਸਿੱਧ ਆਰਥੋਪੈਡਿਸਟ ਅਤੇ ਸਮਾਜ ਸੇਵਕ ਡਾ. ਮੁਹੰਮਦ ਜਮੀਲ ਬਾਲੀ ਵੱਲੋਂ ਸਮਾਜ ਨੂੰ ਦਿੱਤੀਆਂ ਜਾ ਰਹੀਆਂ ਸੇਵਾਵਾਂ ਸ਼ਲਾਘਾਯੋਗ ਹਨ। ਖੰਨਾ ਨੇ ਕਿਹਾ ਕਿ ਡਾ. ਜਮੀਲ ਬਾਲੀ ਹਰ ਖਾਸ ਦਿਨ ਨੂੰ ਇੱਕ ਮੌਕਾ ਸਮਝ ਕੇ ਸਮਾਜ ਸੇਵਾ ਕਰਨ ਲਈ ਹਮੇਸ਼ਾ ਤਿਆਰ ਰਹਿੰਦੇ ਹਨ। ਖੰਨਾ ਨੇ ਕਿਹਾ ਕਿ ਡਾ. ਜਮੀਲ ਬਾਲੀ ਨੇ ਆਪਣਾ ਜਨਮ ਦਿਨ ਮਨਾ ਕੇ ਸਮਾਜ ਨੂੰ ਧਰਮ ਨਿਰਪੱਖਤਾ ਦਾ ਸੰਦੇਸ਼ ਦਿੱਤਾ ਹੈ। ਖੰਨਾ ਨੇ ਕਿਹਾ ਕਿ ਇਸ ਮੌਕੇ ਡਾ. ਜਮੀਲ ਬਾਲੀ ਨੇ ਆਉਣ ਵਾਲੇ ਗਰਮੀਆਂ ਦੇ ਮੌਸਮ ਦੇ ਮੱਦੇਨਜ਼ਰ ਭ੍ਰਿਗੂ ਧਾਮ ਨੂੰ ਇੱਕ ਕੂਲਰ ਵੀ ਤੋਹਫ਼ੇ ਵਜੋਂ ਦਿੱਤਾ। ਇਸ ਮੌਕੇ 'ਤੇ ਖੰਨਾ ਨੇ ਡਾ. ਜਮੀਲ ਬਾਲੀ ਨੂੰ ਗੁਲਦਸਤਾ ਭੇਟ ਕਰਕੇ ਜਨਮਦਿਨ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਸ਼੍ਰੀ ਰਾਮ ਮੰਦਰ ਅਯੁੱਧਿਆ ਦੀ ਤਸਵੀਰ ਭੇਟ ਕਰਕੇ ਉਨ੍ਹਾਂ ਦਾ ਸਨਮਾਨ ਵੀ ਕੀਤਾ। ਇਸ ਮੌਕੇ ਮਹਾਰਿਸ਼ੀ ਭ੍ਰਿਗੂ ਵੇਦ ਵਿਦਿਆਲਿਆ ਦੇ ਵੇਦਾਚਾਰੀਆ ਸੋਮਨਾਥ ਅਤੇ ਉਨ੍ਹਾਂ ਦੇ ਚੇਲਿਆਂ ਨੇ ਵੈਦਿਕ ਮੰਤਰਾਂ ਦਾ ਜਾਪ ਕਰਕੇ ਡਾ. ਜਮੀਲ ਬਾਲੀ ਨੂੰ ਆਸ਼ੀਰਵਾਦ ਦਿੱਤਾ। ਇਸ ਮੌਕੇ ਖੰਨਾ ਦੇ ਨਾਲ, ਨਵਦੀਪ ਸੂਦ, ਪੰਕਜ ਸੂਦ, ਐਸ.ਪੀ. ਰਾਣਾ ਐਡਵੋਕੇਟ, ਅਨੁਰਾਗ ਸੂਦ, ਅਸ਼ੋਕ ਪੁਰੀ, ਜਤਿੰਦਰ ਸੂਦ ਨੇ ਵੀ ਡਾ. ਬਾਲੀ ਨੂੰ ਉਨ੍ਹਾਂ ਦੇ ਜਨਮਦਿਨ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।

# ਪੰਜਾਬ ਕੇਂਦਰੀ ਯੂਨੀਵਰਸਿਟੀ ਨੇ ਸਾਈਮੈਗੋ ਇੰਸਟੀਟਿਊਸ਼ਨਜ਼ ਰੈਂਕਿੰਗ 2025 ਵਿੱਚ "ਭਾਰਤ ਦੀਆਂ ਸਰਵੋਤਮ ਯੂਨੀਵਰਸਿਟੀਆਂ" ਵਿਚੋਂ 53ਵਾਂ ਰੈਂਕ ਪ੍ਰਾਪਤ ਕੀਤਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪ੍ਰੈਲ INTERNATIONAL PAPER, 9463601616 hardipchumber57@gmail.com



ਬਠਿੰਡਾ, 2 ਅਪ੍ਰੈਲ: ਵਿਗਿਆਨ, ਨਵੀਨਤਾ, ਖੋਜ ਅਤੇ ਪੰਜਾਬ ਸੂਬੇ ਦੀ ਸੇਵਾ ਪ੍ਰਤੀ ਆਪਣੀ ਵਚਨਬੱਧਤਾ ਨਾਲ ਲਗਾਤਾਰ ਕੰਮ ਕਰਦਿਆਂ ਪੰਜਾਬ ਕੇਂਦਰੀ ਯੂਨੀਵਰਸਿਟੀ, ਬਠਿੰਡਾ (ਸੀਯੂਪੀਬੀ) ਨੇ 'ਸਾਈਮੈਗੋ ਇੰਸਟੀਟਿਊਸ਼ਨਜ਼ ਰੈਂਕਿੰਗ 2025 ਵਿੱਚ 'ਭਾਰਤ ਦੀਆਂ ਸਰਵੋਤਮ ਯੂਨੀਵਰਸਿਟੀਆਂ' ਵਿੱਚੋਂ 53ਵਾਂ ਰੈਂਕ ਪ੍ਰਾਪਤ ਕਰਕੇ ਇਕ ਹੋਰ ਮੀਲ ਪੱਥਰ ਹਾਸਿਲ ਕੀਤਾ ਹੈ।ਸਾਈਮਾਗੋ ਇੰਸਟੀਚਿਊਸ਼ਨਜ਼ ਰੈਂਕਿੰਗ (ਐਸ.ਆਈ.ਆਰ.--25) ਸਾਈਮਾਗੋ ਦੁਆਰਾ ਪ੍ਰਕਾਸ਼ਿਤ ਅਕਾਦਮਿਕ ਅਤੇ ਖੋਜ-ਸੰਬੰਧੀ ਸੰਸਥਾਵਾਂ ਦਾ ਇੱਕ ਵਰਗੀਕਰਨ ਹੈ ਜੋ ਖੋਜ ਦੀ ਕਾਰਗੁਜ਼ਾਰੀ, ਨਵੀਨਤਾ ਅਤੇ ਸਮਾਜਿਕ ਪ੍ਰਭਾਵ ਵਰਗੇ ਤਿੰਨ ਸੂਚਕਾਂ ਦੇ ਆਧਾਰ 'ਤੇ ਦੁਨੀਆ ਭਰ ਦੇ ਅਕਾਦਮਿਕ ਅਤੇ ਖੋਜ-ਸੰਬੰਧੀ ਸੰਸਥਾਵਾਂ ਨੂੰ ਦਰਜਾਬੰਦੀ ਦਿੰਦਾ ਹੈ।ਐਸ.ਆਈ.ਆਰ.--25 ਵਿੱਚ ਸਾਈਮਾਗੋ ਨੇ ਇਹਨਾਂ ਤਿੰਨਾਂ ਸੂਚਕਾਂ ਦੇ ਅਧਾਰ ਤੇ ਦੁਨੀਆ ਭਰ ਵਿੱਚ 9,750 ਤੋਂ ਵੱਧ ਵਿਦਿਅਕ ਅਤੇ ਖੋਜ-ਸਬੰਧਤ ਸੰਸਥਾਵਾਂ ਦਾ ਮੁਲਾਂਕਣ ਕੀਤਾ ਹੈ। ਇਸ ਰੈਂਕਿੰਗ ਦੀ ਯੂਨੀਵਰਸਿਟੀ ਸ਼੍ਰੇਣੀ ਵਿੱਚ ਪੰਜਾਬ ਕੇਂਦਰੀ ਯੂਨੀਵਰਸਿਟੀ ਨੂੰ ਭਾਰਤ ਵਿੱਚ 53ਵਾਂ, ਏਸ਼ੀਆਈ ਖੇਤਰ ਵਿੱਚ 741ਵਾਂ ਅਤੇ ਵਿਸ਼ਵ ਪੱਧਰ 'ਤੇ 2093ਵਾਂ ਸਥਾਨ ਦਿੱਤਾ ਗਿਆ ਹੈ।ਪੰਜਾਬ ਕੇਂਦਰੀ ਯੂਨੀਵਰਸਿਟੀ ਨੇ ਐਸ.ਆਈ.ਆਰ.--25 ਦੇ ਵੱਖ-ਵੱਖ ਮਾਪਦੰਡਾਂ ਜਿਵੇਂ ਕਿ ਖੋਜ, ਨਵੀਨਤਾ ਅਤੇ ਸਮਾਜਿਕ ਪ੍ਰਭਾਵ ਵਿੱਚ ਰਾਸ਼ਟਰੀ ਪੱਧਰ 'ਤੇ ਪ੍ਰਭਾਵਸ਼ਾਲੀ ਪਰਸੈਂਟਾਈਲ ਅੰਕ ਪ੍ਰਾਪਤ ਕੀਤੇ ਹਨ। ਨਤੀਜੇ ਵਜੋਂ, ਯੂਨੀਵਰਸਿਟੀ ਨੇ ਭਾਰਤ ਦੀਆਂ ਸਾਰੀਆਂ ਵਿਦਿਅਕ ਅਤੇ ਖੋਜ-ਅਧਾਰਿਤ ਸੰਸਥਾਵਾਂ ਵਿੱਚੋਂ 89ਵਾਂ ਰੈਂਕ ਅਤੇ ਭਾਰਤ ਦੀਆਂ ਸਰਵੋਤਮ ਯੂਨੀਵਰਸਿਟੀਆਂ ਵਿੱਚੋਂ 53ਵਾਂ ਰੈਂਕ ਹਾਸਲ ਕੀਤਾ ਹੈ।ਵਾਈਸ ਚਾਂਸਲਰ ਪ੍ਰੋ.ਰਾਘਵੇਂਦਰ ਪ੍ਰਸਾਦ ਤਿਵਾਰੀ ਨੇ ਸੀਯੂ ਪੰਜਾਬ ਦੇ ਅਧਿਆਪਕਾਂ, ਕਰਮਚਾਰੀਆਂ, ਖੋਜਾਰਥੀਆਂ ਅਤੇ ਵਿਦਿਆਰਥੀਆਂ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ। ਪ੍ਰੋ. ਤਿਵਾਰੀ ਨੇ ਇਸ ਸਫਲਤਾ ਨੂੰ ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਨੂੰ ਸਮਰਪਿਤ ਕੀਤਾ ਅਤੇ ਕਿਹਾ ਕਿ ਇਹ ਪ੍ਰਾਪਤੀ ਯੂਨੀਵਰਸਿਟੀ ਨੂੰ ਨਵੇਂ ਮਿਆਰ ਕਾਇਮ ਕਰਨ ਲਈ ਉਤਸ਼ਾਹਿਤ ਕਰੇਗੀ।

# ਸਰਬ ਨੌਜਵਾਨ ਸਭਾ ਨੇ ਵੋਕੇਸ਼ਨਲ ਸੈਂਟਰ 'ਚ ਕਰਵਾਇਆ ਸਰਟੀਫਿਕੇਟ ਵੰਡ ਸਮਾਗਮ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪ੍ਰੈਲ INTERNATIONAL PAPER, 9463601616 hardipchumber57@gmail.com





ਫਗਵਾੜਾ 2 ਅਪ੍ਰੈਲ (ਸ਼ਿਵ ਕੌੜਾ) ਸਰਬ ਨੌਜਵਾਨ ਸਭਾ ਵਲੋਂ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਹੇਠ ਸੇਸਵਾ ਪੰਜਾਬ ਦੇ ਸਹਿਯੋਗ ਨਾਲ ਸਕੀਮ ਨੰਬਰ 3, ਹੁਸ਼ਿਆਰਪੁਰ ਰੋਡ ਫਗਵਾੜਾ ਵਿਖੇ ਚਲਾਏ ਜਾ ਰਹੇ ਵੋਕੇਸ਼ਨਲ ਸੈਂਟਰ 'ਚ ਕੋਰਸ ਪੂਰਾ ਕਰਨ ਵਾਲੀਆਂ ਲੜਕੀਆਂ ਨੂੰ ਸਰਟੀਫਿਕੇਟ ਵੰਡਣ ਸਬੰਧੀ ਇਕ ਸਮਾਗਮ ਗੁਰਦੁਆਰਾ ਸ਼ਹੀਦ ਗੰਜ ਸਕੀਮ ਨੰਬਰ 3 ਹੁਸ਼ਿਆਰਪੁਰ ਰੋਡ ਫਗਵਾੜਾ ਵਿਖੇ ਕਰਵਾਇਆ ਗਿਆ। ਜਿਸ ਵਿਚ ਮੁੱਖ ਮਹਿਮਾਨ ਵਜੋਂ ਫਗਵਾੜਾ ਦੇ ਐਸ.ਡੀ.ਐਮ. ਜਸ਼ਨਜੀਤ ਸਿੰਘ ਨੇ ਸ਼ਿਰਕਤ ਕੀਤੀ। ਜਦਕਿ ਗੈਸਟ ਆਫ ਆਨਰ ਵਜੋਂ ਮਾਰਕਿਟ ਕਮੇਟੀ ਫਗਵਾੜਾ ਦੇ ਚੇਅਰਮੈਨ ਤਵਿੰਦਰ ਰਾਮ ਮੌਜੂਦ ਰਹੇ। ਇਸ ਦੌਰਾਨ ਮੁੱਖ ਮਹਿਮਾਨ ਐਸ.ਡੀ.ਐਮ. ਜਸ਼ਨਜੀਤ ਸਿੰਘ ਵੱਲੋਂ ਬਿਊਟੀਸ਼ਨ ਕੋਰਸ ਦੀ ਸਿਖਲਾਈ ਪੂਰੀ ਕਰਨ ਵਾਲੀਆਂ ਸਿੱਖਿਆਰਥਣਾਂ ਨੂੰ ਸਰਟੀਫੀਕੇਟਾਂ ਦੀ ਵੰਡ ਕੀਤੀ ਗਈ। ਇਸ ਤੋਂ ਪਹਿਲਾਂ ਮੁੱਖ ਮਹਿਮਾਨ ਅਤੇ ਪਤਵੰਤਿਆਂ ਦਾ ਸਵਾਗਤ ਕਰਦੇ ਹੋਏ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਵੋਕੇਸ਼ਨਲ ਸੈਂਟਰ ਵਿਖੇ ਕਢਾਈ, ਬਿਊਟੀਸ਼ਨ ਅਤੇ ਕੰਪਿਊਟਰ ਐਪਲੀਕੇਸ਼ਨਜ਼ ਵਿੱਚ 6 ਮਹੀਨਿਆਂ ਦਾ ਹੱਥੀਂ ਕਿੱਤਾ ਕੋਰਸ ਪੂਰਾ ਕਰਨ ਵਾਲੀਆਂ ਲੜਕੀਆਂ ਨੂੰ ਸਾਲ ਵਿਚ ਦੋ ਵਾਰ ਕੋਰਸ ਪੂਰਾ ਹੋਣ ਸਮੇਂ ਸਰਟੀਫਿਕੇਟ ਵੰਡੇ ਜਾਂਦੇ ਹਨ। ਇਹ ਟਰੇਨਿੰਗ ਲੋੜਵੰਦ, ਗਰੀਬ ਪਰਿਵਾਰਾਂ ਦੀਆਂ ਬੱਚੀਆਂ ਨੂੰ ਸੇਸਵਾ ਪੰਜਾਬ ਦੇ ਸਹਿਯੋਗ ਨਾਲ ਦਿੱਤੀ ਜਾਂਦੀ ਹੈ। ਐਸ.ਡੀ.ਐਮ. ਜਸ਼ਨਜੀਤ ਸਿੰਘ ਨੇ ਸਭਾ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕਿੱਤਾ ਮੁਖੀ ਕੋਰਸ ਆਰਥਕ ਤੰਗੀ ਸਮੇਂ ਔਰਤਾਂ ਲਈ ਬਹੁਤ ਸਹਾਈ ਬਣਦੇ ਹਨ। ਘਰ ਵਿਚ ਕਿਸੇ ਵੀ ਮੁਸ਼ਕਿਲ ਸਥਿਤੀ ਸਮੇਂ ਔਰਤਾਂ ਹੱਥੀਂ ਹੁਨਰ ਰਾਹੀਂ ਆਰਥਕ ਸਹਾਰਾ ਬਣ ਸਕਦੀਆਂ ਹਨ। ਸਮਾਗਮ ਦੌਰਾਨ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ ਸਮਾਜ ਸੇਵਕ ਬੀ. ਆਰ. ਕਟਾਰੀਆ ਯੂ.ਕੇ. ਨੇ ਆਪਣੇ ਸੰਬੋਧਨ ਵਿਚ ਸਭਾ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਲੜਕੀਆਂ ਨੂੰ ਆਪਣੇ ਮਨਪਸੰਦ ਕਿਸੇ ਨਾ ਕਿਸੇ ਹੱਥੀ ਕਿੱਤੇ ਵਿੱਚ ਮੁਹਾਰਤ ਜਰੂਰ ਹਾਸਲ ਕਰਨੀ ਚਾਹੀਦੀ ਹੈ। ਗੈਸਟ ਆਫ ਆਨਰ ਤਵਿੰਦਰ ਰਾਮ ਚੇਅਰਮੈਨ ਮਾਰਕਿਟ ਕਮੇਟੀ ਨੇ ਕਿਹਾ ਕਿ ਇਹ ਚੰਗੀ ਗੱਲ ਹੈ ਕਿ ਹੁਣ ਲੜਕੀਆਂ ਵੀ ਸਵੈ-ਰੁਜ਼ਗਾਰ 'ਚ ਵਿਸ਼ੇਸ਼ ਰੁਚੀ ਲੈ ਰਹੀਆਂ ਹਨ ਅਤੇ ਪੜ੍ਹਾਈ ਵਿੱਚ ਵੀ ਅਗਲੀ ਕਤਾਰ 'ਚ ਖੜੀਆਂ ਹਨ। ਉਹਨਾਂ ਕੋਰਸ ਪੂਰਾ ਕਰਨ ਵਾਲੀਆਂ ਲੜਕੀਆਂ ਨੂੰ ਸ਼ੁੱਭ ਇੱਛਾਵਾਂ ਦਿੱਤੀਆਂ ਅਤੇ ਜ਼ਿੰਦਗੀ ਵਿਚ ਟੀਚਾ ਮਿੱਥ ਕੇ ਅੱਗੇ ਵਧਣ ਹਿਤ ਪ੍ਰੇਰਿਤ ਕੀਤਾ। ਅਖੀਰ ਵਿਚ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਸਮੂਹ ਪਤਵੰਤਿਆਂ ਦਾ ਪਹੁੰਚਣ ਲਈ ਧੰਨਵਾਦ ਕੀਤਾ। ਉਹਨਾਂ ਨੇ ਲੋੜਵੰਦ ਲੜਕੀਆਂ ਨੂੰ ਕਿੱਤਾ ਕੋਰਸਾਂ ਟੇਲਰਿੰਗ-ਕਟਿੰਗ, ਬਿਊਟੀਸ਼ਨ, ਕੰਪਿਊਟਰ ਐਪਲੀਕੇਸ਼ਨਜ਼ ਤੇ ਹੋਮ ਕੇਅਰ ਵਿੱਚ ਦਾਖ਼ਲਾ ਲੈਣ ਦਾ ਸੱਦਾ ਦਿੱਤਾ। ਸਭਾ ਵਲੋਂ ਮੁੱਖ ਮਹਿਮਾਨ ਅਤੇ ਪਤਵੰਤਿਆਂ ਨੂੰ ਸਨਮਾਨਤ ਵੀ ਕੀਤਾ ਗਿਆ। ਸਟੇਜ ਦੀ ਸੇਵਾ ਹਰਜਿੰਦਰ ਗੋਗਨਾ ਨੇ ਬਾਖੂਬੀ ਨਿਭਾਈ। ਇਸ ਮੌਕੇ ਜਗਜੀਤ ਸੇਠ ਮੈਨੇਜਰ, ਰਾਜ ਕੁਮਾਰ ਕਨੌਜੀਆ, ਸੁਖਦੇਵ ਗੰਡਵਾਂ ਕਵੀ, ਗੁਰਸ਼ਰਨ ਬਾਸੀ, ਅਸ਼ੋਕ ਸ਼ਰਮਾ, ਰਵਿੰਦਰ ਸਿੰਘ ਰਾਏ, ਅਮਰਿੰਦਰ ਸੈਣੀ, ਵਿਜੇ ਤ੍ਰਿਖਾ, ਮੈਡਮ ਤਨੂੰ, ਮੈਡਮ ਗੁਰਜੀਤ ਕੌਰ, ਮੈਡਮ ਨਵਜੋਤ ਕੌਰ , ਮੈਡਮ ਸਪਨਾ ਸ਼ਾਰਦਾ, ਮੈਡਮ ਆਸ਼ੂ ਬੱਗਾ, ਸਿਮਰਨ, ਅਮਨਪ੍ਰੀਤ, ਕੋਮਲ, ਹਰਮਨ, ਕਿਰਨ, ਮਮਤਾ , ਹਰਮੀਨ , ਅੰਜਲੀ ਕੁਮਾਰੀ, ਪ੍ਰਿਯੰਕਾ, ਹਰਪ੍ਰੀਤ, ਨੀਰਜ, ਸਨੇਹਾ, ਜਸਪ੍ਰੀਤ , ਪ੍ਰਿਆ, ਰੀਤਾ , ਨੇਹਾ, ਰਿਮਪਿ ਰਾਣੀ, ਸੁਰਜੀਤ, ਖੁਸ਼ੀ, ਰਜਨੀ, ਜਸਪ੍ਰੀਤ ਕੌਰ, ਸਨੇਹਾ, ਈਸ਼ਾ, ਮੁਸਕਾਨ ਸ਼ਰਮਾ, ਆਰਤੀ , ਸਲੋਨੀ ਯਾਦਵ, ਕੌਸ਼ਲਿਆ, ਰੋਸ਼ਨੀ, ਪਿੰਕੀ, ਗੁਰਪ੍ਰੀਤ ਕੌਰ, ਮਨਪ੍ਰੀਤ ਕੌਰ, ਹਰਪ੍ਰੀਤ ਕੌਰ, ਨੇਹਾ, ਜਸ਼ਨਪ੍ਰੀਤ, ਹਰਪ੍ਰੀਤ, ਨਿਸ਼ਾ, ਮਨਰਾਜ, ਭਾਵਨਾ, ਕਮਲ , ਗੁਰਪ੍ਰੀਤ ਕੌਰ, ਰਮਨਦੀਪ, ਜਯੋਤੀ, ਰੇਨੁਕਾ, ਗੁਰਜੀਤ, ਮਹਿਕ , ਸੰਨਿਆ , ਬਲਜੀਤ, ਜੈਸਮੀਨ ਆਦਿ ਹਾਜ਼ਰ ਸਨ।

# ਤਰਕਸ਼ੀਲ ਸੁਸਾਇਟੀ ਇਕਾਈ ਲੌਂਗੋਵਾਲ ਹੋਇਆ ਚੋਣ ਇਜਲਾਸ ,ਜੁਝਾਰ ਲੌਂਗੋਵਾਲ ਬਣੇ ਜਥੇਬੰਦਕ ਮੁਖੀ

## ਅੰਧ ਵਿਸ਼ਵਾਸ ਫੈਲਾਉਣ ਵਾਲਿਆਂ ਨੂੰ ਦਿੱਤੀ ਚੇਤਾਵਨੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com



ਲੌਂਗੋਵਾਲ,2 ਅਪ੍ਰੈਲ (ਜਗਸੀਰ ਸਿੰਘ)- ਤਰਕਸ਼ੀਲ ਸੁਸਾਇਟੀ ਪੰਜਾਬ ਦੀ ਇਕਾਈ ਲੌਂਗੋਵਾਲ ਦਾ ਇਜਲਾਸ ਦੇਸ਼ ਭਗਤ ਯਾਦਗਾਰ ਵਿਖੇ ਸੂਬਾ ਆਗੂ ਬਲਬੀਰ ਲੌਂਗੋਵਾਲ ਦੀ ਨਿਗਰਾਨੀ ਹੇਠ ਹੋਇਆ। ਜਥੇਬੰਦਕ ਮੁਖੀ ਜੁਝਾਰ ਲੌਂਗੋਵਾਲ ਵੱਲੋਂ ਦੋ ਸਾਲਾਂ ਦੀ ਕਾਰਗੁਜ਼ਾਰੀ ਰਿਪੋਰਟ ਪੇਸ਼ ਕੀਤੀ ਗਈ ਜਿਸ ਵਿੱਚ ਵੱਖ ਵੱਖ ਸਮਿਆਂ ਤੇ ਸੂਬਾ ਕਮੇਟੀ ਵੱਲੋਂ ਮਿਲੇ ਪ੍ਰੋਗਰਾਮ ਨੂੰ ਤਸੱਲੀ ਨਾਲ ਨੇਪਰੇ ਚਾੜਨ ਤੋਂ ਇਲਾਵਾ ਜਨਤਕ ਜਮਹੂਰੀ, ਕਿਸਾਨ, ਮਜ਼ਦੂਰ ਜਥੇਬੰਦੀਆਂ ਵੱਲੋਂ ਦਿਤੇ ਸੱਦੇ ਤੇ ਸਾਰੇ ਪ੍ਰੋਗਰਾਮਾਂ ਵਿੱਚ ਕੀਤੀ ਗਈ ਭਰਵੀ ਸਮੂਲੀਅਤ ਦੀ ਗੱਲ ਕਹੀ ਗਈ। ਸੰਦੀਪ ਸਿੰਘ ਵੱਲੋਂ ਵਿੱਤ ਦੀ ਰਿਪੋਰਟ ਪੇਸ਼ ਕੀਤੀ ਗਈ। ਸੂਬਾ ਆਗੂ ਬਲਬੀਰ ਲੌਂਗੋਵਾਲ ਵੱਲੋਂ ਸਾਰੇ ਹਾਜ਼ਰ ਮੈਂਬਰਾਂ ਨੂੰ ਮੌਂ ਜੂਦਾ ਸਮਿਆਂ ਦੀਆਂ ਚਣੌਤੀਆਂ ਦੇ ਸਨਮੁਖ ਹੋ ਕੇ ਫਿਰਕੂ, ਅੰਧ ਵਿਸ਼ਵਾਸੀ ਫਲਸਫੇ, ਅਤੇ ਸਮਾਜ ਵਿੱਚ ਧਰਮ ਅਧਾਰਤ ਵੰਡੀਆਂ ਪਾਉਣ ਵਾਲੀਆਂ ਤਾਕਤਾਂ ਖਿਲਾਫ ਅੱਗੇ ਹੋ ਕੇ ਟਾਕਰਾ ਕਰਨ ਲਈ ਕਿਹਾ।ਪਿਛਲੀ ਕਾਰਜਕਾਰਨੀ ਨੂੰ ਬਰਖ਼ਾਸਤ ਕਰਨ ਉਪਰੰਤ ਨਵੀਂ ਆਗੂ ਟੀਮ ਦਾ ਗਠਨ ਕੀਤਾ ਗਿਆ ਜਿਸ ਵਿੱਚ ਜੁਝਾਰ ਲੌਂਗੋਵਾਲ ਇਕਾਈ ਮੁਖੀ, ਮਾਸਟਰ ਬੀਰਬਲ ਸਿੰਘ ਵਿੱਤ ਮੁਖੀ, ਕਮਲਜੀਤ ਵਿੱਕੀ ਮਾਨਸਿਕ ਸਿਹਤ ਸਲਾਹ ਮੁਖੀ, ਸੁਖਵੀਰ ਸਿੰਘ ਮੀਡੀਆ ਮੁਖੀ ਅਤੇ ਸੁਖਪਾਲ ਸਿੰਘ ਸਭਿਆਚਾਰਕ ਮੁਖੀ ਸਰਬਸੰਮਤੀ ਨਾਲ ਚੁਣੇ ਗਏ ਜਦੋਂ ਕੇ ਬਲਬੀਰ ਲੌਂਗੋਵਾਲ ਦੀ ਸੂਬੇ ਲਈ ਡੈਲੀਗੇਟ ਵਜੋਂ ਚੋਣ ਕੀਤੀ ਗਈ। ਚੋਣ ਉਪਰੰਤ ਸੀਨੀਅਰ ਆਗੂਆਂ ਨੇ ਇਲਾਕੇ ਵਿੱਚ ਪੁੱਛਾ ਦੇਣ, ਲੋਕਾਂ ਦਾ ਭਵਿੱਖ ਦੱਸਣ ਵਾਲੇ, ਤਾਂਤਰਿਕਾਂ , ਪਾਂਡਿਆਂ, ਜੋਤੀਸੀਆਂ ਨੂੰ ਲੋਕਾਂ ਦੀ ਮਾਨਸਿਕ ਅਤੇ ਆਰਥਿਕ ਲੁੱਟ ਬੰਦ ਕਰਨ ਲਈ ਚੇਤਾਵਨੀ ਦਿੱਤੀ, ਇਹ ਲੁੱਟ ਦੀਆਂ ਦੁਕਾਨਾਂ ਬੰਦ ਕਰਵਾਉਣ ਲਈ ਕਾਨੂੰਨ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਪ੍ਰੋ ਆਰ ਕੇ ਯਾਦਵ,ਗੁਰਮੇਲ ਸਿੰਘ, ਕੇਵਲ ਸਿੰਘ, ਮਾਸਟਰ ਚੰਦਰ ਸ਼ੇਖਰ, ਯੁਵਰਾਜ ਸਿੰਘ, ਰਾਮ ਕੁਮਾਰ ਆਦਿ ਮੈਂਬਰ ਹਾਜ਼ਰ ਸਨ।

# ਮਾਨ ਸਰਕਾਰ ਚੱਲ ਰਹੀ ਹੈ ਮੋਦੀ ਦੀ ਰਾਹ ਤੇ : ਸੂਬਾ ਪ੍ਰਧਾਨ ਦਲਜੀਤ ਕੁਮਾਰ ਗੋਰਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com



ਸੰਗਰੂਰ,2 ਅਪ੍ਰੈਲ (ਜਗਸੀਰ ਲੌਂਗੋਵਾਲ ) - ਸੀਟੂ ਨਾਲ ਸੰਬੰਧਿਤ ਵੱਖ ਵੱਖ ਜਥੇਬੰਦੀਆਂ ਦੀ ਚਿੱਟਾ ਤੇ ਲਾਲ (ਸ਼ਰਾਬ) ਮਾਫੀਆ ਦੇ ਖਿਲਾਫ ਇੱਕ ਭਰਵੀਂ ਮੀਟਿੰਗ ਡਾਕਟਰ ਪ੍ਰਕਾਸ਼ ਸਿੰਘ ਬਰਮੀ ਦੀ ਅਗਵਾਈ ਹੇਠ ਕੀਤੀ ਗਈ। ਇਸ ਵਿਸ਼ਾਲ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੈਂਟਰ ਆਫ ਇੰਡੀਅਨ ਟਰੇਡ ਯੂਨੀਅਨਜ ਸੀਟੂ ਦੇ ਸੂਬਾ ਸਕੱਤਰ ਅਤੇ ਭਾਰਤੀ ਨਿਰਮਾਣ ਮਿਸਤਰੀ ਮਜ਼ਦੂਰ ਯੂਨੀਅਨ ਦੇ ਸੂਬੇ ਸੂਬਾ ਪ੍ਰਧਾਨ ਕਾਮਰੇਡ ਦਲਜੀਤ ਕੁਮਾਰ ਗੋਰਾ ਨੇ ਕਿਹਾ ਕਿ ਮੀਟਿੰਗ ਵਿੱਚ ਅਹਿਮ ਫੈਸਲਾ ਲਿਆ ਗਿਆ ਕਿ ਰਾਏਕੋਟ ਹਲਕੇ ਦੇ ਪਿੰਡਾਂ 'ਚ ਚਿੱਟਾ ਅਤੇ ਲਾਲ (ਸ਼ਰਾਬ) ਮਾਫੀਆ ਦੇ ਖਿਲਾਫ ਵੱਡੀ ਪੱਧਰ ਤੇ ਪੰਜ ਅਪ੍ਰੈਲ ਨੂੰ ਪਿੰਡ ਰਾਜੋਆਣਾ ਖੁਰਦ ਤੋਂ ਮੁਹਿੰਮ ਦੀ ਸ਼ੁਰੂਆਤ ਕੀਤੀ ਜਾਵੇਗੀ। ਪ੍ਰਧਾਨ ਗੋਰਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨਸ਼ੇ ਦਾ ਕੋਹੜ, ਭ੍ਰਿਸ਼ਟਾਚਾਰ ਨੂੰ ਜੜ੍ਹੋਂ ਖ਼ਤਮ ਕਰਨ, ਹਰ ਤਰ੍ਹਾਂ ਦੇ ਮਾਫੀਆ ਰਾਜ ਦਾ ਖਾਤਮਾ ਕਰਨ, ਵੀ.ਆਈ. ਪੀ.ਸਭਿਆਚਾਰ ਨੂੰ ਖ਼ਤਮ ਕਰਕੇ ਰੁਜ਼ਗਾਰ ਅਤੇ ਵਿਕਾਸ ਮੁਖੀ ਰਾਜ ਦੇਣ, ਔਰਤਾਂ ਨੂੰ 1000/- ਰੁਪਏ ਪ੍ਰਤੀ ਮਹੀਨਾ ਨਕਦ ਮਾਲੀ ਸਹਾਇਤਾ ਰਾਸ਼ੀ ਦੇਣ, ਵਿਧਵਾ ਬੁਢਾਪਾ ਪੈਨਸ਼ਨ 2500/- ਰੁਪਏ ਕਰਨ ਅਤੇ ਖੇਤੀ ਬਾੜੀ ਖੇਤਰ ਨੂੰ ਪ੍ਰਫੁੱਲਿਤ ਕਰਨ ਦੀਆਂ ਗਰੰਟੀ ਦੇ ਕੇ ਵੱਡੀ ਗਿਣਤੀ ਵਿੱਚ ਵੋਟਾਂ ਅਤੇ ਸੀਟਾਂ ਜਿੱਤ ਕੇ ਵਿਰਾਜਮਾਨ ਹੋਏ ਸੀ। ਪਰੰਤੂ ਭਗਵੰਤ ਮਾਨ ਦੀ ਅਗਵਾਈ ਵਿੱਚ ਇਸ ਸੂਬਾਈ ਸਰਕਾਰ ਨੇ ਵਾਅਦਿਆਂ ਤੋਂ ਉਲਟ ਕੰਮ ਕਰਕੇ ਵੱਡੇ ਕਰਜਜਾਲ ਵਿੱਚ ਫਸਾ ਦਿੱਤਾ ਹੈ। ਉਨ੍ਹਾਂ ਨੇ ਕਿਹਾ ਹੈ ਕਿ 2025-26 ਦੇ ਸਲਾਨਾ ਬਜਟ ਵਿੱਚ ਆਮਦਨ ਦਾ ਅਨੁਮਾਨ ਲੱਗ ਭੱਗ 1,11 ਹਜਾਰ ਕਰੋੜ ਰੁਪਏ ਦਾ ਹੈ ਜਦੋਂ ਕਿ ਖਰਚਿਆਂ ਦਾ ਅਨੁਮਾਨ 2.36080/- ਕਰੋੜ ਦਾ ਹੈ। ਇਸ ਤਰ੍ਹਾਂ ਇੱਕੋ ਸਾਲ ਵਿੱਚ ਨਕਦ ਘਾਟਾ 1.25 ਹਜ਼ਾਰ ਕਰੋੜ ਦਾ ਹੋਵੇਗਾ।ਇਹ ਐਨਾ ਵੱਡਾ ਘਾਟਾ ਸਰਕਾਰੀ ਜਾਇਦਾਦਾਂ ਤੇ ਅਦਾਰੇ ਵੇਚ ਕੇ ਪੂਰਿਆ ਜਾਵੇਗਾ। ਵਿੱਤੀ ਸਾਲ ਦੇ ਅੰਤ ਤੱਕ ਪੰਜਾਬ ਸਰਕਾਰ ਸਿਰ ਕਰਜਾ 4ਲੱਖ ਕਰੋੜ ਤੋਂ ਵੱਧ ਜਾਵੇਗਾ। ਸੂਬਾ ਪ੍ਰਧਾਨ ਗੋਰਾ ਨੇ ਇਹ ਵੀ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵਲੋਂ ਮਨਰੇਗਾ ਕਾਨੂੰਨ ਨੂੰ ਖ਼ਤਮ ਕਰਨ ਲਈ ਮਨਰੇਗਾ ਐਕਟ 2005 ਜਦੋਂ ਦੇਸ਼ ਵਿਚ ਲਾਗੂ ਕੀਤਾ ਗਿਆ ਸੀ ਉਸ ਸਮੇਂ ਬਜਟ ਰਾਸ਼ੀ ਮਨਰੇਗਾ ਦਾ ਕੰਮ ਚਲਾਉਣ ਲਈ 98000/-ਕਰੋੜ ਰੁਪਏ ਰੱਖੇ ਗਏ ਸਨ। ਜਿਸ ਨੂੰ ਘਟਾਕੇ ਮੋਦੀ ਸਰਕਾਰ ਨੇ ਪਹਿਲਾਂ 60,000/-ਕਰੋੜ ਰੁਪਏ ਕਰ ਦਿੱਤਾ ਸੀ। ਪ੍ਰੰਤੂ ਕਿਸਾਨਾਂ ਮਜ਼ਦੂਰਾਂ ਦੇ ਸਾਂਝੇ ਸੰਘਰਸ਼ ਸਦਕਾ ਇਹ 80,000/- ਹਜਾਰ ਕਰੋੜ ਰੁਪਏ ਕਰਨ ਲਈ ਮੋਦੀ ਸਰਕਾਰ ਨੂੰ ਮਜਬੂਰ ਕਰ ਦਿੱਤਾ।ਲੋੜ ਤਾਂ ਇਹ ਬਜਟ ਤਿੰਨ ਗੁਣਾ ਵਧਾਉਣ ਦੀ ਸੀ ਪ੍ਰੰਤੂ ਇਹ ਬਜਟ ਵਿੱਚੋਂ 3268/-ਹਜਾਰ ਕਰੋੜ ਰੁਪਏ ਫਿਰ ਘਟਾ ਦਿੱਤੇ ਹਨ। ਜਿਸ ਕਰਕੇ ਹੁਣ ਮਜ਼ਦੂਰਾਂ ਵੱਲੋਂ ਕੀਤੇ ਗਏ ਕੰਮਾਂ ਦੀ ਬਕਾਇਆ ਰਾਸ਼ੀ 300/-ਕਰੋੜ ਰੁਪਏ ਦੀ ਪੇਮੈਂਟ ਨਹੀਂ ਕੀਤੀ ਗਈ। ਬਜੱਟ ਘੱਟ ਹੋਣ ਕਾਰਨ ਨਾਂ ਹੀ ਮਨਰੇਗਾ ਕਿਰਤੀਆਂ ਨੂੰ ਕਾਨੂੰਨ ਮੁਤਾਬਕ 100 ਦਿਨ ਕੰਮ ਦਿੱਤਾ ਜਾ ਰਿਹਾ, ਨਾਂ ਕੰਮ ਪੂਰਾ ਦੇਣ ਦੀ ਸੂਰਤ ਵਿੱਚ ਬੇ-ਰੁਜਗਾਰੀ ਭੱਤਾ ਦਿੱਤਾ ਜਾਂਦਾ ਹੈ, ਨਾਂ ਹੀ ਕੰਮ ਕਰਨ ਵਾਲੇ ਔਜ਼ਾਰ ਦਿੱਤੇ ਜਾ ਰਹੇ ਹਨ, ਨਾਂ ਕੋਈ ਸਮਾਜਿਕ ਸੁਰੱਖਿਆ ਦਿੱਤੀ ਜਾ ਰਹੀ ਹੈ, ਨਾਂ ਹੀ ਕਾਨੂੰਨ ਅਨੁਸਾਰ ਕੰਮ ਵਾਲੀਆਂ ਥਾਵਾਂ ਤੇ ਛਾਂ, ਪੀਣ ਵਾਲੇ ਪਾਣੀ, ਮਜ਼ਦੂਰਾਂ ਲਈ ਫਸਟਏਡ ਬਾਕਸ, ਅਤੇ ਮਜ਼ਦੂਰਾਂ ਦੇ ਬੱਚਿਆਂ ਲਈ ਖਿਡਾਉਣੇ ਆਦਿ ਦਾ ਪ੍ਰਬੰਧ ਨਹੀਂ ਕੀਤਾ ਜਾ ਰਿਹਾ। ਦੂਜੇ ਪਾਸੇ ਭਗਵੰਤ ਮਾਨ ਦੀ ਸਰਕਾਰ ਮੋਦੀ ਸਰਕਾਰ ਦੇ ਪਦ ਚਿੰਨ੍ਹਾਂ ਤੇ ਹੀ ਚੱਲ ਰਹੀ ਹੈ। ਪੰਜਾਬ ਸਰਕਾਰ ਵੱਲੋਂ ਸੜਕਾਂ ਦੀਆਂ ਬਰਮਾਂ ਦਾ ਕੰਮ ਬੰਦ ਕਰ ਦਿੱਤਾ ਹੈ, ਮਨਰੇਗਾ ਮਜ਼ਦੂਰਾਂ ਨਾਲ ਇਹ ਵਾਅਦਾ ਕੀਤਾ ਗਿਆ ਸੀ ਕਿ ਮਨਰੇਗਾ ਕਿਰਤੀਆਂ ਨੂੰ ਖੇਤ ਮਜ਼ਦੂਰਾਂ ਦੇ ਬਰਾਬਰ ਦਿਹਾੜੀ ਕੀਤੀ ਜਾਵੇਗੀ ਅਤੇ ਮਨਰੇਗਾ ਮੁਲਾਜ਼ਮਾਂ ਨੂੰ ਪੱਕੇ ਕੀਤਾ ਜਾਵੇਗਾ ਅਤੇ ਪੰਚਾਇਤ ਸਕੱਤਰਾਂ ਦੇ ਬਰਾਬਰ ਗਰੇਡ ਦਿੱਤੇ ਜਾਣਗੇ।ਉਹ ਨਹੀਂ ਕੀਤਾ ਗਿਆ। ਇਸ ਮੌਕੇ ਰਾਜ ਜਸਵੰਤ ਸਿੰਘ ਜੋਗਾ, ਪ੍ਰਿਤਪਾਲ ਸਿੰਘ ਬਿੱਟਾ, ਕਿਸਾਨ ਆਗੂ ਸੁਖਚੈਨ ਸਿੰਘ ਰਾਜੋਆਣਾ, ਰੁਲਦਾ ਸਿੰਘ ਗੋਬਿੰਦਗੜ੍ਹ, ਗੁਰਮੁਖ ਸਿੰਘ ਬਸੀਆਂ, ਗੁਰਦੀਪ ਸਿੰਘ ਬੁਰਜ ਹਕੀਮਾਂ, ਕਰਮਜੀਤ ਸਿੰਘ ਸਨੀ ਰਾਏਕੋਟ, ਜੇਰਾ ਸਿੰਘ ਰਾਜੋਆਣਾ, ਵਿਜੇ ਕੁਮਾਰ, ਗੁਰਪ੍ਰੀਤ ਸਿੰਘ ਟੂਸੇ, ਕਿਸਾਨ ਆਗੂ ਚਮਕੌਰ ਸਿੰਘ ਨੂਰਪੁਰਾ ਅਤੇ ਸੰਤੋਖ ਸਿੰਘ ਹਲਵਾਰਾ ਹਾਜ਼ਰ ਸਨ।

# ਮਨਰੇਗਾ ਮਜ਼ਦੂਰਾਂ ਨੇ ਕੀਤੀ ਮੀਟਿੰਗ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com



ਸੰਗਰੂਰ,2 ਅਪ੍ਰੈਲ (ਜਗਸੀਰ ਸਿੰਘ) - ਪਿੰਡ ਪੁਰਬਾ ਵਿਖੇ ਮਨਰੇਗਾ ਮਜ਼ਦੂਰਾਂ ਦੀ ਇੱਕ ਭਰਵੀਂ ਮੀਟਿੰਗ ਸਾਥੀ ਜਗਵੀਰ ਸਿੰਘ ਨਾਗਰਾ, ਗੁਰਚਰਨ ਸਿੰਘ (ਰਾਜਾ)ਬੀਬੀ ਹਰਦੀਪ ਕੌਰ, ਸ਼ਿੰਦਰ ਕੌਰ, ਜਸਪਾਲ ਕੌਰ ਦੀ ਅਗਵਾਈ ਹੇਠ ਕੀਤੀ ਗਈ।ਇਸ ਵਿਸ਼ਾਲ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੈਂਟਰ ਆਫ ਇੰਡੀਅਨ ਟਰੇਡ ਯੂਨੀਅਨਜ ਸੀਟੂ ਪੰਜਾਬ ਦੇ ਸੂਬਾ ਸਕੱਤਰ ਅਤੇ ਮਨਰੇਗਾ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਜਨਰਲ ਸਕੱਤਰ ਸਾਥੀ ਅਮਰਨਾਥ ਕੂੰਮਕਲਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੇ ਮਸਲੇ ਹੱਲ ਕਰਨ, ਔਰਤਾਂ ਨੂੰ 1000/-ਰੁਪਏ ਪ੍ਰਤੀ ਮਹੀਨਾ ਨਕਦ ਮਾਲੀ ਸਹਾਇਤਾ ਰਾਸ਼ੀ ਦੇਣ, ਵਿਧਵਾ ਬੁਢਾਪਾ ਪੈਨਸ਼ਨ 2500/- ਰੁਪਏ ਕਰਨ,ਖੇਤੀ ਬਾੜੀ ਖੇਤਰ ਨੂੰ ਪ੍ਰਫੁੱਲਿਤ ਕਰਨ, ਨਸ਼ੇ ਦਾ ਕੋਹੜ ਅਤੇ ਭ੍ਰਿਸ਼ਟਾਚਾਰ ਨੂੰ ਜੜ੍ਹੋਂ ਖ਼ਤਮ ਕਰਨ,ਹਰ ਤਰ੍ਹਾਂ ਦੇ ਮਾਫੀਆ ਰਾਜ ਦਾ ਖਾਤਮਾ ਕਰਨ,ਵੀ. ਆਈ.ਪੀ.ਸਭਿਆਚਾਰ ਨੂੰ ਖ਼ਤਮ ਕਰਕੇ ਰੁਜ਼ਗਾਰ ਅਤੇ ਵਿਕਾਸ ਮੁਖੀ ਰਾਜ ਦੇਣ ਦੀਆਂ ਗਰੰਟੀ ਦੇ ਕੇ ਵੱਡੀ ਗਿਣਤੀ ਵਿੱਚ ਵੋਟਾਂ ਅਤੇ ਸੀਟਾਂ ਜਿੱਤ ਕੇ ਵਿਰਾਜਮਾਨ ਹੋਏ ਸੀ। ਪਰੰਤੂ ਭਗਵੰਤ ਮਾਨ ਦੀ ਅਗਵਾਈ ਵਿੱਚ ਇਸ ਸੂਬਾਈ ਸਰਕਾਰ ਨੇ ਵਾਅਦਿਆਂ ਤੋਂ ਉਲਟ ਕੰਮ ਕਰਕੇ ਵੱਡੇ ਕਰਜਜਾਲ ਵਿੱਚ ਫਸਾ ਦਿੱਤਾ ਹੈ। ਉਨ੍ਹਾਂ ਨੇ ਕਿਹਾ ਹੈ ਕਿ 2025-26 ਦੇ ਸਲਾਨਾ ਬਜਟ ਵਿੱਚ ਆਮਦਨ ਦਾ ਅਨੁਮਾਨ ਲੱਗ ਭੱਗ 1,11 ਹਜਾਰ ਕਰੋੜ ਰੁਪਏ ਦਾ ਹੈ ਜਦੋਂ ਕਿ ਖਰਚਿਆਂ ਦਾ ਅਨੁਮਾਨ 2.36080/-ਕਰੋੜ ਦਾ ਹੈ।ਇਸ ਤਰ੍ਹਾਂ ਇੱਕੋ ਸਾਲ ਵਿੱਚ ਨਕਦ ਘਾਟਾ 1.25 ਹਜ਼ਾਰ ਕਰੋੜ ਦਾ ਹੋਵੇਗਾ।ਇਹ ਐਨਾ ਵੱਡਾ ਘਾਟਾ ਸਰਕਾਰੀ ਜਾਇਦਾਦਾਂ ਤੇ ਅਦਾਰੇ ਵੇਚ ਕੇ ਪੂਰਿਆ ਜਾਵੇਗਾ। ਵਿੱਤੀ ਸਾਲ ਦੇ ਅੰਤ ਤੱਕ ਪੰਜਾਬ ਸਰਕਾਰ ਸਿਰ ਕਰਜਾ 4ਲੱਖ ਕਰੋੜ ਤੋਂ ਵੱਧ ਜਾਵੇਗਾ । ਸਾਥੀ ਅਮਰਨਾਥ ਕੂੰਮਕਲਾਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵਲੋਂ ਮਨਰੇਗਾ ਕਾਨੂੰਨ ਨੂੰ ਖ਼ਤਮ ਕਰਨ ਲਈ ਮਨਰੇਗਾ ਐਕਟ 2005 ਜਦੋਂ ਦੇਸ਼ ਵਿਚ ਲਾਗੂ ਕੀਤਾ ਗਿਆ ਸੀ ਉਸ ਸਮੇਂ ਬਜਟ ਰਾਸ਼ੀ ਮਨਰੇਗਾ ਦਾ ਕੰਮ ਚਲਾਉਣ ਲਈ 98000/-ਕਰੋੜ ਰੁਪਏ ਰੱਖੇ ਗਏ ਸਨ। ਜਿਸ ਨੂੰ ਘਟਾਕੇ ਮੋਦੀ ਸਰਕਾਰ ਨੇ ਪਹਿਲਾਂ 60,000/-ਕਰੋੜ ਰੁਪਏ ਕਰ ਦਿੱਤਾ ਸੀ। ਪ੍ਰੰਤੂ ਕਿਸਾਨਾਂ ਮਜ਼ਦੂਰਾਂ ਦੇ ਸਾਂਝੇ ਸੰਘਰਸ਼ ਸਦਕਾ ਇਹ 80,000/-ਹਜਾਰ ਕਰੋੜ ਰੁਪਏ ਕਰਨ ਲਈ ਮੋਦੀ ਸਰਕਾਰ ਨੂੰ ਮਜਬੂਰ ਕਰ ਦਿੱਤਾ।ਲੋੜ ਤਾਂ ਇਹ ਬਜਟ ਤਿੰਨ ਗੁਣਾ ਵਧਾਉਣ ਦੀ ਸੀ ਪ੍ਰੰਤੂ ਇਹ ਬਜਟ ਵਿੱਚੋਂ 3268/-ਹਜਾਰ ਕਰੋੜ ਰੁਪਏ ਫਿਰ ਘਟਾ ਦਿੱਤੇ ਹਨ। ਜਿਸ ਕਰਕੇ ਹੁਣ ਮਜ਼ਦੂਰਾਂ ਵੱਲੋਂ ਕੀਤੇ ਗਏ ਕੰਮਾਂ ਦੀ ਬਕਾਇਆ ਰਾਸ਼ੀ 300/-ਕਰੋੜ ਰੁਪਏ ਦੀ ਪੇਮੈਂਟ ਨਹੀਂ ਕੀਤੀ ਗਈ। ਬਜੱਟ ਘੱਟ ਹੋਣ ਕਾਰਨ ਨਾਂ ਹੀ ਮਨਰੇਗਾ ਕਿਰਤੀਆਂ ਨੂੰ ਕਾਨੂੰਨ ਮੁਤਾਬਕ 100 ਦਿਨ ਕੰਮ ਦਿੱਤਾ ਜਾ ਰਿਹਾ, ਨਾਂ ਕੰਮ ਪੂਰਾ ਦੇਣ ਦੀ ਸੂਰਤ ਵਿੱਚ ਬੇ-ਰੁਜਗਾਰੀ ਭੱਤਾ ਦਿੱਤਾ ਜਾਂਦਾ ਹੈ, ਨਾਂ ਹੀ ਕੰਮ ਕਰਨ ਵਾਲੇ ਔਜ਼ਾਰ ਦਿੱਤੇ ਜਾ ਰਹੇ ਹਨ, ਨਾਂ ਕੋਈ ਸਮਾਜਿਕ ਸੁਰੱਖਿਆ ਦਿੱਤੀ ਜਾ ਰਹੀ ਹੈ, ਨਾਂ ਹੀ ਕਾਨੂੰਨ ਅਨੁਸਾਰ ਕੰਮ ਵਾਲੀਆਂ ਥਾਵਾਂ ਤੇ ਛਾਂ, ਪੀਣ ਵਾਲੇ ਪਾਣੀ, ਮਜ਼ਦੂਰਾਂ ਲਈ ਫਸਟਏਡ ਬਾਕਸ, ਅਤੇ ਮਜ਼ਦੂਰਾਂ ਦੇ ਬੱਚਿਆਂ ਲਈ ਖਿਡਾਉਣੇ ਆਦਿ ਦਾ ਪ੍ਰਬੰਧ ਕੀਤਾ ਜਾਂਦਾ ਹੈ। ਦੂਜੇ ਪਾਸੇ ਭਗਵੰਤ ਮਾਨ ਦੀ ਸਰਕਾਰ ਮੋਦੀ ਸਰਕਾਰ ਦੇ ਪਦ ਚਿੰਨ੍ਹਾਂ ਤੇ ਹੀ ਚੱਲ ਰਹੀ ਹੈ। ਪੰਜਾਬ ਸਰਕਾਰ ਵੱਲੋਂ ਸੜਕਾਂ ਦੀਆਂ ਬਰਮਾਂ ਦਾ ਕੰਮ ਬੰਦ ਕਰ ਦਿੱਤਾ ਹੈ, ਮਨਰੇਗਾ ਮਜ਼ਦੂਰਾਂ ਨਾਲ ਇਹ ਵਾਅਦਾ ਕੀਤਾ ਗਿਆ ਸੀ ਕਿ ਮਨਰੇਗਾ ਕਿਰਤੀਆਂ ਨੂੰ ਖੇਤ ਮਜ਼ਦੂਰਾਂ ਦੇ ਬਰਾਬਰ ਦਿਹਾੜੀ ਕੀਤੀ ਜਾਵੇਗੀ ਅਤੇ ਮਨਰੇਗਾ ਮੁਲਾਜ਼ਮਾਂ ਨੂੰ ਪੱਕੇ ਕੀਤਾ ਜਾਵੇਗਾ ਅਤੇ ਪੰਚਾਇਤ ਸਕੱਤਰਾਂ ਦੇ ਬਰਾਬਰ ਗਰੇਡ ਦਿੱਤੇ ਜਾਣਗੇ।ਉਹ ਨਹੀਂ ਕੀਤਾ ਗਿਆ ।ਹੁਣ ਕੇਂਦਰ ਸਰਕਾਰ ਵੱਲੋਂ ਦਿਹਾੜੀ ਵਿੱਚ ਨਿਗੂਣਾ ਜਿਹਾ ਵਾਧਾ ਕਰਕੇ "ਊਠ ਦੇ ਮੂੰਹ ਵਿੱਚ ਜ਼ੀਰਾ"ਦੇਣ ਵਾਲੀ ਗੱਲ ਕੀਤੀ ਹੈ। ਉਨ੍ਹਾਂ ਮਾਨ ਸਰਕਾਰ ਅਤੇ ਮੋਦੀ ਸਰਕਾਰ ਨੂੰ "ਇੱਕੋ ਥੈਲੀ ਦੇ ਚੱਟੇ ਵੱਟੇ" ਗਰਦਾਨਿਆਂ ਕਿਉਂ ਕਿ ਮੋਦੀ ਸਰਕਾਰ ਕਾਰਪੋਰੇਟਰਾਂ ਦੇ ਇਸ਼ਾਰੇ ਤੇ ਚੱਲ ਰਹੀ ਹੈ ਅਤੇ ਪੰਜਾਬ ਦੀ ਮਾਨ ਸਰਕਾਰ ਮੋਦੀ ਦੇ ਪੈਰ ਚ' ਪੈਰ ਧਰ ਰਹੀ ਹੈ।ਸਾਥੀ ਕੂੰਮਕਲਾਂ ਨੇ ਮਨਰੇਗਾ ਮਜ਼ਦੂਰਾਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ 14 ਅਪ੍ਰੈਲ ਨੂੰ ਭਾਰਤ ਰਤਨ ਡਾਕਟਰ ਭੀਮ ਰਾਓ ਅੰਬੇਦਕਰ ਜੀ ਦਾ ਜਨਮ ਦਿਨ ਵੱਧ ਤੋਂ ਵੱਧ ਥਾਵਾਂ ਤੇ ਮਨਾਇਆ ਜਾਵੇ ਅਤੇ ਸੰਵਿਧਾਨ, ਸੰਵਿਧਾਨਕ ਸੰਸਥਾਵਾਂ, ਅਤੇ ਸੰਵਿਧਾਨਕ ਹੱਕਾਂ ਅਤੇ ਅਧਿਕਾਰਾਂ ਦੀ ਰਾਖੀ ਲਈ ਪ੍ਰਣ ਕਰੀਏ ਅਤੇ ਕੇਂਦਰ ਸਰਕਾਰ ਵੱਲੋਂ ਮਜ਼ਦੂਰ ਵਿਰੋਧੀ 4 ਲੇਬਰ ਕੋਡ ਰੱਦ ਕਰਵਾਉਣ ਲਈ, ਟਰੇਡ ਯੂਨੀਅਨ ਅਧਿਕਾਰਾਂ ਦੀ ਰਾਖੀ ਲਈ 20 ਮਈ ਦੀ ਦੇਸ਼ ਵਿਆਪੀ ਸਾਂਝੀ ਹੜਤਾਲ ਨੂੰ ਕਾਮਯਾਬ ਕਰਨ ਵਿਚ ਕੋਈ ਕਸਰ ਬਾਕੀ ਨਾ ਛੱਡੀ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਵਿੰਦਰ ਕੌਰ, ਜਸਵਿੰਦਰ ਕੌਰ, ਮਾਇਆ ਦੇਵੀ, ਹਰਪਾਲ ਕੌਰ, ਲਖਵੀਰ ਕੌਰ ਆਦਿ ਹਾਜ਼ਰ ਸਨ।

# ਐਨਆਰਆਈ ਨੇ ਆਪਣੇ ਜਨਮ ਦਿਨ ਮੌਕੇ ਸਰਕਾਰੀ ਸਕੂਲ ਦੇ ਛੋਟੇ ਬੱਚਿਆਂ ਨੂੰ ਦਿੱਤੀਆਂ ਪਾਣੀ ਵਾਲੀਆਂ ਬੋਤਲਾਂ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com



ਲੌਂਗੋਵਾਲ,2 ਅਪ੍ਰੈਲ (ਜਗਸੀਰ ਸਿੰਘ)- ਨੇੜਲੇ ਪਿੰਡ ਸ਼ਾਹਪੁਰ ਕਲਾਂ ਦੀ ਜੰਮਪਲ ਹੋਣਹਾਰ ਐਨਆਰਆਈ ਬੱਚੀ ਮਨਦੀਪ ਕੌਰ ਸਪੁੱਤਰੀ ਸ੍ਰ. ਬੂਟਾ ਸਿੰਘ ਵੱਲੋਂ ਆਪਣੇ ਜਨਮ ਦਿਨ ਦੀ ਖੁਸ਼ੀ ਵਿੱਚ ਆਪਣੇ ਜੱਦੀ ਪਿੰਡ ਸ਼ਾਹਪੁਰ ਕਲਾਂ ਦੇ ਸਰਕਾਰੀ ਪ੍ਰਾਇਮਰੀ ਸਕੂਲ ਦੇ ਛੋਟੇ-ਛੋਟੇ ਬੱਚਿਆਂ ਨੂੰ ਆਪਣੀ ਨੇਕ ਕਮਾਈ ਵਿੱਚੋਂ ਪਾਣੀ ਵਾਲੀਆਂ ਬੋਤਲਾਂ ਦਿੱਤੀਆਂ ਗਈਆਂ। ਇਸ ਸਮੇਂ ਮਾਸਟਰ ਨਰਿੰਦਰਪਾਲ ਸ਼ਰਮਾਂ ਨੇ ਬੱਚੀ ਦੇ ਪਰਿਵਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਿੱਥੇ ਅੱਜ ਦੇ ਬੱਚੇ ਮਹਿੰਗੇ-ਮਹਿੰਗੇ ਹੋਟਲਾਂ ਵਿੱਚ ਫਜ਼ੂਲ ਖਰਚੀ ਕਰਕੇ ਆਪਣੇ ਜਨਮ ਦਿਨ ਮਨਾਉਂਦੇ ਹਨ,ਉੱਥੇ ਹੀ ਨਵੀਂ ਪਿਰਤ ਪਾਉਂਦਿਆਂ ਹੋਣਹਾਰ ਬੱਚੀ ਮਨਦੀਪ ਕੌਰ ਆਸਟਰੇਲੀਆ ਨੇ ਗਰਮੀ ਦੇ ਮੌਸਮ ਨੂੰ ਧਿਆਨ ਵਿੱਚ ਰੱਖਦੇ ਹੋਏ ਛੋਟੇ-ਛੋਟੇ ਬੱਚਿਆਂ ਨੂੰ ਪਾਣੀ ਵਾਲੀਆਂ ਬੋਤਲਾਂ ਦੇ ਕੇ ਆਪਣੇ ਜਨਮ ਦਿਨ ਦੀ ਖੁਸ਼ੀ ਨੂੰ ਸਾਂਝਾ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਹਰੇਕ ਇਨਸਾਨ ਨੂੰ ਫਜ਼ੂਲ ਖਰਚੇ ਛੱਡ ਕਿ ਲੋੜਵੰਦਾਂ ਨੂੰ ਦਾਨ ਦੇ ਕੇ ਆਪਣੇ ਜਨਮ ਦਿਨ ਮਨਾਉਣੇ ਚਾਹੀਦੇ ਹਨ,ਤਾਂ ਕਿ ਹਰ ਇੱਕ ਦੀ ਨੇਕ ਕਮਾਈ ਕਿਸੇ ਵਧੀਆ ਕਾਰਜ ਦੇ ਕੰਮ ਆ ਸਕੇ।ਹੋਰਾਂ ਤੋਂ ਇਲਾਵਾ ਇਸ ਸਮੇਂ ਲੜਕੀ ਦੇ ਪਿਤਾ ਸ੍ਰ. ਬੂਟਾ ਸਿੰਘ ,ਭਰਾ ਸੁਖਜਿੰਦਰ ਸਿੰਘ,ਮਾਸਟਰ ਹਰਦੇਵ ਸਿੰਘ ਚੀਮਾਂ,ਮਾਸਟਰ ਗੁਰਪ੍ਰੀਤ ਸਿੰਘ ਟੋਨੀ,ਮੈਡਮ ਯਾਦਵਿੰਦਰ ਕੌਰ,ਮੈਡਮ ਕਿਰਨਦੀਪ ਕੌਰ,ਮੈਡਮ ਗੁਰਮੀਤ ਕੌਰ,ਮੈਡਮ ਸੁਖਪਾਲ ਕੌਰ,ਮੈਡਮ ਰਾਣੀ ਕੌਰ ਤੇ ਮਿਸ ਗਗਨਦੀਪ ਕੌਰ ਹਾਜ਼ਰ ਸਨ।

# ਲਿੰਗ ਅਸਮਾਨਤਾ ਦੇ ਖਾਤਮੇ ਲਈ ਬੇਟੀ ਬਚਾਓ ਬੇਟੀ ਪੜ੍ਹਾਓ ਸਕੀਮ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com



ਸਾਰਿਕਾ ਜਿੰਦਲ ਜ਼ਿਲ੍ਹਾ ਬਰਨਾਲਾ
Sarikajindal@gmail.com

ਬੇਟੀ ਬਚਾਓ ਬੇਟੀ ਪੜ੍ਹਾਓ ਅੱਜ ਮੁੱਖ ਸਲੋਗਨ ਬਣ ਚੁੱਕਾ ਹੈ, ਸਿੱਖਿਅਕ ਸੰਸਥਾਵਾਂ , ਸਰਵਜਨਕ ਸਥਾਨਾਂ ਤੇ ਸਲੋਗਨ ਵੇਖਿਆ ਜਾ ਸਕਦਾ ਹੈ। ਆਓ ਇਸਦੀ ਮੁਢਲੀ ਜਾਣਕਾਰੀ ਜਾਣਦੇ ਹਾਂ ਕਿ ਇਹ ਕਿੱਥੋਂ ਸ਼ੁਰੂ ਹੋਇਆ, ਪ੍ਰਧਾਨ ਮੰਤਰੀ ਨੇ 22 ਜਨਵਰੀ 2015 ਨੂੰ ਪਾਣੀਪਤ, ਹਰਿਆਣਾ ਤੋਂ ਇਸ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਕਿਉਂਕਿ ਬੱਚੀਆਂ ਨੂੰ ਬਚਾਉਣ, ਸੁਰੱਖਿਆ ਅਤੇ ਸਸ਼ਕਤੀਕਰਨ ਲਈ ਸਮੁੱਚੇ ਅਤੇ ਤਾਲਮੇਲ ਵਾਲੇ ਯਤਨਾਂ ਦੀ ਲੋੜ ਸੀ, ਇਸ ਲਈ ਸਰਕਾਰ ਨੇ ਬੇਟੀ ਬਚਾਓ, ਬੇਟੀ ਪੜ੍ਹਾਓ ਯੋਜਨਾ ਦੀ ਘੋਸ਼ਣਾ ਕੀਤੀ।

ਬੇਟੀ ਬਚਾਓ, ਬੇਟੀ ਪੜ੍ਹਾਓ ਭਾਰਤ ਸਰਕਾਰ ਦੀ ਇੱਕ ਯੋਜਨਾ ਹੈ ਜਿਸਦਾ ਉਦੇਸ਼ ਲੋਕਾਂ ਨੂੰ ਔਰਤਾਂ ਪ੍ਰਤੀ ਸੰਵੇਦਨਸ਼ੀਲ ਅਤੇ ਜਾਗਰੂਕ ਕਰਨਾ ਅਤੇ ਉਨ੍ਹਾਂ ਲਈ ਕੀਤੇ ਜਾ ਰਹੇ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਉਣਾ ਹੈ। ਇਹ ਸਕੀਮ 100 ਕਰੋੜ ਰੁਪਏ ਦੀ ਸ਼ੁਰੂਆਤੀ ਰਕਮ ਨਾਲ ਸ਼ੁਰੂ ਕੀਤੀ ਗਈ ਸੀ, ਜਨਗਣਨਾ ਦੇ ਅੰਕੜਿਆਂ ਅਨੁਸਾਰ, ਭਾਰਤ ਵਿੱਚ ਸਾਲ 2001 ਵਿੱਚ ਬੱਚਿਆਂ ਦਾ ਲਿੰਗ ਅਨੁਪਾਤ (0-6 ਸਾਲ) ਪ੍ਰਤੀ 1000 ਲੜਕਿਆਂ ਵਿੱਚ 927 ਲੜਕੀਆਂ ਸੀ, ਜੋ ਕਿ 2011 ਵਿੱਚ ਤੇਜ਼ੀ ਨਾਲ ਘਟ ਕੇ 1000 ਲੜਕਿਆਂ ਪ੍ਰਤੀ 918 ਲੜਕੀਆਂ ਰਹਿ ਗਿਆ। ਯੂਨੀਸੇਫ ਨੇ ਆਪਣੀ 2012 ਦੀ ਰਿਪੋਰਟ ਵਿੱਚ ਭਾਰਤ ਨੂੰ 195 ਦੇਸ਼ਾਂ ਵਿੱਚੋਂ 41ਵਾਂ ਸਥਾਨ ਦਿੱਤਾ ਹੈ, ਇਹ ਮਹਿਲਾ ਅਤੇ ਬਾਲ ਵਿਕਾਸ ਮੰਤਰਾਲੇ, ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਅਤੇ ਮਨੁੱਖੀ ਸਰੋਤ ਮੰਤਰਾਲੇ ਦਾ ਸਾਂਝਾ ਯਤਨ ਹੈ। ਜਿਸ ਦਾ ਮੁੱਖ ਉਦੇਸ਼ ਲੜਕੀਆਂ ਦੀ ਸਿੱਖਿਆ ਵਿੱਚ ਵਾਧਾ ਕਰਨਾ ਹੈ, ਜੇਕਰ ਬੇਟੀਆਂ ਪੜ ਜਾਣਗੀਆਂ ਤਾਂ ਉਹ ਸਮਾਜਿਕ, ਰਾਜਨੀਤਿਕ, ਆਰਥਿਕ ,ਸੰਸਕ੍ਰਿਤੀ ਹਰ ਖੇਤਰ ਵਿੱਚ ਅੱਗੇ ਆ ਕੇ ਰਾਸ਼ਟਰ ਦੇ ਨਿਰਮਾਣ ਵਿੱਚ ਮੋਹਰੀ ਭੂਮਿਕਾ ਨਿਭਾ ਸਕਦੀਆਂ ਹਨ। ਸਿੱਖਿਅਕ ਜਾਗਰੂਕਤਾ ਰਾਹੀਂ ਲਿੰਗ ਅਨੁਪਾਤ ਦੀ ਸਮੱਸਿਆ ਨੂੰ ਦੂਰ ਕੀਤਾ ਜਾ ਸਕਦਾ ਹੈ। ਬੇਟੀ ਬਚਾਓ ਬੇਟੀ ਪੜ੍ਹਾਓ ਤਹਿਤ ਲਿੰਗ ਅਸਮਾਨਤਾ ਤੇ ਹਿੰਸਾ ਨੂੰ ਵੀ ਕਾਬੂ ਕੀਤਾ ਜਾ ਸਕਦਾ ਹੈ, ਕਿਉਂਕਿ ਜਦੋਂ ਦੇਸ਼ ਦੀ ਬੇਟੀ ਪੜ ਜਾਵੇਗੀ ਤਾਂ ਉਹ ਲਿੰਗ ਅਧਾਰਤ ਹਿੰਸਾ ਸਮਾਨਤਾ ਅਤੇ ਕਾਨੂੰਨੀ ਅਧਿਕਾਰਾਂ ਨੂੰ ਚੰਗੀ ਤਰ੍ਹਾਂ ਜਾਣ ਜਾਵੇਗੀ, ਇਸ ਨਾਲ ਉਸ ਨੂੰ ਇੱਕ ਸੁਰੱਖਿਤ ਮਾਹੌਲ ਮਿਲੇਗਾ,

# ਪਿੰਡ ਈਲਵਾਲ ਵਿਖੇ ਖੇਤੀਬਾੜੀ ਵਿਭਾਗ ਵੱਲੋਂ ਕਿਸਾਨ ਜਾਗਰੂਕਤਾ ਕੈਂਪ ਦਾ ਆਯੋਜਨ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com




ਲੌਂਗਵਾਲ,2 ਅਪ੍ਰੈਲ (ਜਗਸੀਰ ਸਿੰਘ)- ਮਾਣਯੋਗ ਡਿਪਟੀ ਕਮਿਸ਼ਨਰ ਸੰਗਰੂਰ ਸ਼੍ਰੀ ਸੰਦੀਪ ਰਿਸ਼ੀ ਆਈ. ਏ. ਐਸ ਦੇ ਦਿਸ਼ਾ ਨਿਰਦੇਸ਼ਾਂ ਅਤੇ ਮੁਖ ਖੇਤੀਬਾੜੀ ਅਫਸਰ ਸੰਗਰੂਰ ਡਾ. ਧਰਮਿੰਦਰਜੀਤ ਸਿੰਘ ਸਿੱਧੂ ਦੀ ਯੋਗ ਅਗਵਾਈ ਹੇਠ ਬਲਾਕ ਸੰਗਰੂਰ ਵਿਚ ਪੈਂਦੇ ਪਿੰਡ ਈਲਵਾਲ ਵਿਖੇ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ । ਇਸ ਦੌਰਾਨ ਖੇਤੀਬਾੜੀ ਵਿਕਾਸ ਅਫਸਰ ਡਾ. ਪਰਮਿੰਦਰ ਸਿੰਘ ਬੁੱਟਰ ਨੇ ਕਿਸਾਨਾਂ ਨੂੰ ਮੱਕੀ ਦੀ ਫਸਲ ਨੂੰ ਫਰਵਰੀ ਅਤੇ ਮਾਰਚ ਦੇ ਮਹੀਨਿਆਂ ਵਿਚ ਬੀਜਣ ਤੋਂ ਗੁਰੇਜ਼ ਕਰਨ ਲਈ ਕਿਹਾ ਉਨ੍ਹਾਂ ਜਾਣਕਾਰੀ ਦਿੱਤੀ ਕਿ ਕਿਉਂਕਿ ਜੋ ਇਸ ਸੀਜ਼ਨ ਦੀ ਮੱਕੀ ਵਿਚ ਪਾਣੀ ਦੀ ਖਪਤ ਬਹੁਤ ਜ਼ਿਆਦਾ ਦਾ ਮਾਤਰਾ ਵਿਚ ਹੁੰਦੀ ਹੈ ਜੋ ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਹੋਰ ਵੀ ਨੀਵਾਂ ਕਰ ਰਹੀ ਹੈ । ਉਨ੍ਹਾਂ ਝੋਨੇ ਦੇ ਬਦਲ ਵਿਚ ਹਰ ਕਿਸਾਨ ਨੂੰ ਆਪਣਾ ਕੁਝ ਰਕਬਾ ਮੁੱਖ ਸੀਜ਼ਨ ਦੀ ਮੱਕੀ ਹੇਠ ਲਿਆਉਣ ਦੀ ਅਪੀਲ ਕੀਤੀ ਅਤੇ ਨਾਲ ਹੀ ਕਿਸਾਨਾਂ ਨੂੰ ਝੋਨੇ ਦੀ ਸਿਧੀ ਬਿਜਾਈ ਕਰਨ ਦੀ ਵੀ ਅਪੀਲ ਕੀਤੀ ਤੇ ਕਿਸਾਨਾਂ ਨੂੰ ਝੋਨੇ ਦੀਆ ਨਵੀਆਂ ਕਿਸਮਾਂ ਦੀ ਜਾਣਕਾਰੀ ਦਿੱਤੀ ਤੇ ਖੇਤੀਬਾੜੀ ਵਿਭਾਗ ਵੱਲੋਂ ਸਮੇ-ਸਮੇ ਸਿਰ ਚਲਾਈਆਂ ਜਾਣ ਵਾਲੀਆਂ ਵੱਖ-ਵੱਖ ਸਕੀਮਾਂ ਬਾਰੇ ਵੀ ਵਿਸਥਾਰ ਪੂਰਵਕ ਦੱਸਿਆ । ਓਹਨਾ ਨੇ ਕਿਸਾਨਾਂ ਨੂੰ ਨਰਮੇ ਦੀ ਫਸਲ ਦੀ ਕਾਸ਼ਤ ਬਾਰੇ ਜਾਣਕਾਰੀ ਦਿੰਦਿਆਂ ਕਿਸਾਨਾਂ ਨੂੰ ਵੱਧ ਤੋਂ ਵੱਧ ਰਕਬਾ ਨਰਮੇ ਹੇਠ ਲਿਆਉਣ ਦੀ ਅਪੀਲ ਕੀਤੀ ਤਾਂ ਜੋ ਰਵਾਇਤੀ ਫਸਲਾਂ ਤੋਂ ਹੱਟ ਕੇ ਮਿੱਟੀ ਅਤੇ ਪਾਣੀ ਦੀ ਸੰਭਾਲ ਕੀਤੀ ਜਾ ਸਕੇ । ਇਸ ਤੋਂ ਇਲਾਵਾ ਓਹਨਾ ਕਿਸਾਨਾਂ ਨੂੰ ਮਿੱਟੀ ਅਤੇ ਪਾਣੀ ਦੀ ਜਾਂਚ ਭੋਂ-ਪਰਖ਼ ਲੈਬੋਟਰੀ, ਦਫਤਰ ਮੁਖ ਖੇਤੀਬਾੜੀ ਅਫਸਰ ਸੰਗਰੂਰ ਪਾਸੋਂ ਕਰਵਾ ਕੇ ਹੀ ਖਾਦਾਂ ਦੀ ਵਰਤੋਂ ਕਰਨ ਲਈ ਕਿਹਾ ਅਤੇ ਬੇ-ਲੋੜੀਆਂ ਖਾਦਾਂ ਅਤੇ ਦਵਾਈਆਂ ਦੀ ਫਸਲਾਂ ਵਿਚ ਵਰਤੋਂ ਤੋਂ ਗੁਰੇਜ਼ ਕਰਨ ਦੀ ਅਪੀਲ ਕੀਤੀ । ਇਸ ਮੌਕੇ ਓਹਨਾ ਨਾਲ ਏ. ਟੀ. ਐਮ. ਸ੍ਰੀ ਮੱਖਣ ਸਿੰਘ ਅਤੇ ਵਿਭਾਗ ਦੇ ਹੋਰ ਕਰਮਚਾਰੀ ਵੀ ਮੌਜੂਦ ਸਨ।

# ਹਰਬੰਸ ਸਿੰਘ ਨੂੰ ਆਸ਼ਾਦੀਪ ਵੈਲਫੇਅਰ ਸੁਸਾਇਟੀ ਦਾ ਮੁਖੀ ਨਾਮਜ਼ਦ ਕੀਤਾ ਗਿਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ 2 ਅਪ੍ਰੈਲ (ਤਰਸੇਮ ਦੀਵਾਨਾ) ਜੇ.ਐਸ. ਐਸ ਆਸ਼ਾ ਕਿਰਨ ਸਪੈਸ਼ਲ ਸਕੂਲ ਜਹਾਨਖੇਲਾ ਵਿੱਚ ਹਰਬੰਸ ਸਿੰਘ ਨੂੰ ਆਸ਼ਾਦੀਪ ਵੈਲਫੇਅਰ ਸੁਸਾਇਟੀ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਤੋਂ ਪਹਿਲਾਂ, ਹਰਬੰਸ ਸਿੰਘ ਨੇ 2021 ਤੋਂ 2025 ਤੱਕ ਸੁਸਾਇਟੀ ਦੇ ਸਕੱਤਰ ਦੇ ਅਹੁਦੇ ਦੀ ਜ਼ਿੰਮੇਵਾਰੀ ਬਾਖੂਬੀ ਨਿਭਾਈ ਸੀ, ਜਦੋਂ ਸੀਏ ਤਰਨਜੀਤ ਸਿੰਘ ਸੁਸਾਇਟੀ ਦੇ ਪ੍ਰਧਾਨ ਸਨ। ਪ੍ਰਧਾਨ ਦੇ ਅਹੁਦੇ ਦੀ ਜ਼ਿੰਮੇਵਾਰੀ ਸੰਭਾਲਦੇ ਹੋਏ ਹਰਬੰਸ ਸਿੰਘ ਨੇ ਕਿਹਾ ਕਿ ਸੁਸਾਇਟੀ ਮੈਂਬਰਾਂ ਵੱਲੋਂ ਉਨ੍ਹਾਂ ਨੂੰ ਜੋ ਨਵੀਂ ਜ਼ਿੰਮੇਵਾਰੀ ਭਰੋਸੇ ਨਾਲ ਸੌਂਪੀ ਗਈ ਹੈ, ਉਸਨੂੰ ਪੂਰੀ ਤਨਦੇਹੀ ਨਾਲ ਨਿਭਾਇਆ ਜਾਵੇਗਾ ਅਤੇ ਵਿਸ਼ੇਸ਼ ਬੱਚਿਆਂ ਦੇ ਭਵਿੱਖ ਨੂੰ ਬਿਹਤਰ ਬਣਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ। ਇਸ ਮੌਕੇ ਸੁਸਾਇਟੀ ਦੀ ਕਾਰਜਕਾਰਨੀ ਦੀ ਚੋਣ ਵੀ ਕੀਤੀ ਗਈ ਜਿਸ ਵਿੱਚ ਕਰਨਲ ਗੁਰਮੀਤ ਸਿੰਘ ਨੂੰ ਸਕੱਤਰ, ਪਰਮਜੀਤ ਸਿੰਘ ਸਚਦੇਵਾ ਨੂੰ ਸਰਪ੍ਰਸਤ, ਮਲਕੀਤ ਸਿੰਘ ਮਹੇਦੂ ਨੂੰ ਸਲਾਹਕਾਰ, ਵਿੱਤ ਸਕੱਤਰ ਹਰੀਸ਼ ਚੰਦਰ ਠਾਕੁਰ, ਉਪ ਪ੍ਰਧਾਨ ਰਾਜੇਸ਼ ਜੈਨ, ਸੰਯੁਕਤ ਸਕੱਤਰ ਹਰਮੇਸ਼ ਤਲਵਾੜ, ਚੇਅਰਮੈਨ ਆਰਸੀਆਈ ਕਮੇਟੀ ਐਡਵੋਕੇਟ ਹਰੀਸ਼ ਚੰਦਰ ਐਰੀ, ਇੰਜੀਨੀਅਰ ਡਾ. ਕਮਲਜੀਤ ਚੋਪੜਾ ਨੂੰ ਚੇਅਰਮੈਨ ਪੇਰੈਂਟਸ ਕਮੇਟੀ, ਸੀਏ ਤਰਨਜੀਤ ਸਿੰਘ ਨੂੰ ਵਿੱਤ ਸਲਾਹਕਾਰ, ਮਸਤਾਨ ਸਿੰਘ ਗਰੇਵਾਲ ਨੂੰ ਚੇਅਰਮੈਨ ਟੈਕਨੀਕਲ ਕਮੇਟੀ, ਡਾ. ਜੇ.ਐਸ. ਦਰਦੀ ਨੂੰ ਚੇਅਰਮੈਨ ਮੈਡੀਕਲ ਕਮੇਟੀ, ਰਾਮ ਆਸਰਾ ਨੂੰ ਸੰਯੁਕਤ ਸਕੱਤਰ ਵਿੱਤ ਅਤੇ ਰਾਮ ਕੁਮਾਰ ਸ਼ਰਮਾ ਨੂੰ ਸਕੂਲ ਗਤੀਵਿਧੀ ਕਮੇਟੀ ਚੁਣਿਆ ਗਿਆ। ਇਸ ਮੌਕੇ ਸਕੂਲ ਸਟਾਫ਼ ਵੱਲੋਂ ਪ੍ਰਿੰਸੀਪਲ ਹਰਬੰਸ ਸਿੰਘ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕੀਤਾ ਗਿਆ। ਇਸ ਮੌਕੇ ਸੀਏ ਤਰਨਜੀਤ ਸਿੰਘ ਨੇ ਸਾਰੇ ਕਮੇਟੀ ਮੈਂਬਰਾਂ ਅਤੇ ਸਕੂਲ ਸਟਾਫ਼ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਪਹਿਲਾਂ ਸਾਰਿਆਂ ਨੇ ਬਹੁਤ ਸਹਿਯੋਗ ਦਿੱਤਾ ਸੀ ਜਿਸ ਕਾਰਨ ਸਕੂਲ ਤਰੱਕੀ ਕਰਦਾ ਰਿਹਾ।

# ਗੁਰਪੰਤ ਪੰਨੂ ਵਰਗੇ ਅਨਪੜ੍ਹ, ਗਵਾਰ, ਗੱਦਾਰ ਤੇ ਅਖੌਤੀ ਲੋਕ ਡਾ.ਭੀਮ ਰਾਉ ਅੰਬੇਡਕਰ ਜੀ ਤੋਂ ਜਾਣੂ ਨਹੀਂ ਹਨ : ਬੇਗਮਪੁਰਾ ਟਾਈਗਰ ਫੋਰਸ

## ਦੇਸ਼ ਵਾਸੀ ਪੰਨੂ ਵਰਗੇ ਸ਼ਰਾਰਤੀ ਅਨਸਰਾਂ ਦੀਆਂ ਗੱਲਾਂ ਵਿੱਚ ਆ ਕੇ ਆਪਸ ਵਿੱਚ ਫੁੱਟ ਨਾ ਪਾਉਣ : ਬੰਟੀ, ਕਲੋਤਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ 1 ਅਪ੍ਰੈਲ (ਤਰਸੇਮ ਦੀਵਾਨਾ ) ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੇਗਮਪੁਰਾ ਟਾਈਗਰ ਫੋਰਸ ਦੀ ਇੱਕ ਹੰਗਾਮੀ ਮੀਟਿੰਗ ਫੋਰਸ ਦੇ ਬਲਾਕ ਹਰਿਆਣਾ ਭੂੰਗਾ ਦੇ ਪ੍ਰਧਾਨ ਅਨਿਲ ਕੁਮਾਰ ਬੰਟੀ ਅਤੇ ਉੱਪ ਪ੍ਰਧਾਨ ਰਾਹੁਲ ਕਲੋਤਾ ਦੀ ਪ੍ਰਧਾਨਗੀ ਹੇਠ ਪਿੰਡ ਬਸੀ ਬਾਹਦ ਹਰਿਆਣਾ ਭੂੰਗਾ ਵਿਖ਼ੇ ਹੋਈ ਮੀਟਿੰਗ ਨੂੰ ਸੰਬੋਧਨ ਕਰਦਿਆਂ ਫੋਰਸ ਦੇ ਆਗੂਆਂ ਨੇ ਕਿਹਾ ਕਿ ਵਿਦੇਸ਼ ਵਿੱਚ ਰਹਿੰਦੇ ਅਖੌਤੀ ਖਾਲਿਸਤਾਨੀ ਸਮਰਥਕ ਗੁਰਪਤਵੰਤ ਸਿੰਘ ਪੰਨੂ ਵਲੋਂ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਖਿਲਾਫ ਕੀਤੀ ਗਈ ਟਿੱਪਣੀ ਦੇ ਰੋਸ ਵਿੱਚ ਦੇਸ਼ ਦੇ ਵੱਖ-ਵੱਖ ਸਹਿਰਾ ਤੇ ਕਸਬਿਆਂ ਵਿੱਚ ਅਖੌਤੀ ਆਗੂ ਪੰਨੂੰ ਦੇ ਖਿਲਾਫ ਮੁਜਾਹਰੇ ਕੀਤੇ ਗਏ । ਉਹਨਾਂ ਸਖਤ ਲਫਜ਼ਾਂ ਵਿਚ ਆਖਿਆ ਕਿ ਪੰਨੂ ਵਰਗੇ ਅਖੌਤੀ ਲੋਕ ਡਾ. ਅੰਬੇਡਕਰ ਜੀ ਤੋਂ ਜਾਣੂ ਨਹੀਂ ਹੈ । ਉਹਨਾਂ ਕਿਹਾ ਕਿ ਬਾਬਾ ਸਾਹਿਬ ਭੀਮ ਰਾਉ ਅੰਬੇਡਕਰ ਜੀ ਇਕੱਲੇ ਐਸਸੀ ਸਮਾਜ,ਦੇ ਹੀ ਨਹੀਂ ਉਹ ਤਾ ਸਾਰੇ ਭਾਰਤ ਵਾਸੀਆਂ ਦੇ ਰਹਿਨੁਮਾ ਹਨ।ਉਹਨਾਂ ਕਿਹਾ ਕਿ ਜਿਹੜੇ ਇਨਸਾਨ ਨੇ ਕਲਾਸ ਤੋਂ ਬਾਹਰ ਬਹਿ ਕੇ ਆਪਣੀ ਪੜ੍ਹਾਈ ਕਰਕੇ ਭਾਰਤ ਦਾ ਸੰਵਿਧਾਨ ਲਿਖਿਆ ਹੋਵੇ ਉਸ ਲਈ ਇੱਕ ਗਵਾਰ ਅਨਪੜ੍ਹ,ਗੱਦਾਰ ਫੁੱਟ-ਪਾਊ ਅਤੇ ਸ਼ਰਾਰਤੀ ਅਨਸਰ ਵੱਲੋਂ ਇਹੋ ਜਿਹੀ ਸ਼ਬਦਾਵਲੀ ਵਰਤਣੀ ਸਹਿਣਯੋਗ ਨਹੀਂ ਹੈ। ਉਹਨਾਂ ਕਿਹਾ ਕਿ ਇਹੋ ਜਿਹੇ ਸ਼ਰਾਰਤੀ ਅਨਸਰ ਦੇਸ਼ ਅੰਦਰ ਪੱਖਪਾਤ, ਉਚ-ਨੀਚ ਤੇ ਜਾਤ-ਪਾਤ ਦਾ ਵੱਡੇ ਪੱਧਰ 'ਤੇ ਵਖਰੇਵਾਂ ਪਾਉਣ ਦੀਆਂ ਕੋਸ਼ਿਸ਼ਾਂ ਕਰਦੇ ਰਹਿੰਦੇ ਹਨ ਪਰ ਐਸਸੀ ਸਮਾਜ ਇਹੋ ਜਿਹੀਆਂ ਹਰਕਤਾਂ ਨੂੰ ਕਾਮਯਾਬ ਨਹੀਂ ਹੋਣ ਦੇਵੇਗਾ ! ਉਹਨਾਂ ਕਿਹਾ ਕਿ ਬਾਬਾ ਸਾਹਿਬ ਭੀਮ ਰਾਉ ਅੰਬੇਦਕਰ ਜੀ ਨੇ ਭਾਰਤ ਅੰਦਰ ਹੀ ਨਹੀਂ ਪੂਰੇ ਵਿਸ਼ਵ ਵਿੱਚ ਸਭ ਤੋਂ ਵੱਧ ਪੜ੍ਹੇ-ਲਿਖੇ ਇਨਸਾਨ ਹੋਣ ਦਾ ਮਾਣ ਪ੍ਰਾਪਤ ਕੀਤਾ। ਉਹਨਾਂ ਕਿਹਾ ਕਿ ਪੰਨੂ ਵਰਗੇ ਸ਼ਰਾਰਤੀ ਅਨਸਰ ਸਮਾਜ ਵਿਚ ਜ਼ਹਿਰ ਤੇ ਨਫਰਤ ਫੈਲਾਉਂਦੇ ਹਨ ਤੇ ਦੇਸ਼ ਨੂੰ ਤੋੜਨ ਦਾ ਯਤਨ ਕਰਦੇ ਹਨ । ਉਨ੍ਹਾਂ ਕਿਹਾ ਕਿ ਡਾਕਟਰ ਭੀਮ ਰਾਓ ਅੰਬੇਦਕਰ ਜੀ ਸਾਡੇ ਰਹਿਬਰ ਹਨ, ਜਿਨ੍ਹਾਂ ਨੇ ਸਾਨੂੰ ਮੌਲਿਕ ਅਧਿਕਾਰ ਲੈ ਕੇ ਦਿੱਤੇ ਹਨ । ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਦੀ ਬਦੌਲਤ ਹੀ ਐਸਸੀ ਸਮਾਜ ਦੇ ਲੋਕ ਪ੍ਰਧਾਨ ਮੰਤਰੀ, ਰਾਸ਼ਟਰਪਤੀ, ਮੁੱਖ ਮੰਤਰੀ, ਵਿਧਾਇਕ ਜਾਂ ਸੰਸਦ ਮੈਂਬਰ ਬਣਦੇ ਆ ਰਹੇ ਹਨ। ਉਹਨਾਂ ਕਿਹਾ ਕਿ ਬਾਬਾ ਸਾਹਿਬ ਭੀਮ ਰਾਓ ਅੰਬੇਦਕਰ ਜੀ ਨੇ ਸਿਰਫ ਤੇ ਸਿਰਫ ਐਸਸੀ ਸਮਾਜ ਲਈ ਹੀ ਨਹੀਂ ਸੰਵਿਧਾਨ ਦੇ ਵਿੱਚ ਲਿਖਿਆ ਜਦ ਕਿ ਉਹਨਾਂ ਹਰੇਕ ਮਜ਼੍ਹਬ ਹਰੇਕ ਸਮਾਜ ਹਰੇਕ ਵਰਗ ਨੂੰ ਸੰਵਿਧਾਨ ਵਿੱਚ ਬਰਾਬਰ ਦਾ ਅਧਿਕਾਰ ਲੈ ਕੇ ਦਿੱਤਾ ਹੈ। ਉਹਨਾਂ ਕਿਹਾ ਕਿ ਡਾਕਟਰ ਭੀਮ ਰਾਓ ਅੰਬੇਦਕਰ ਜੀ ਉਹ ਦੇਵਤਾ ਇਨਸਾਨ ਹਨ, ਜਿਨ੍ਹਾਂ ਨੇ ਪੈਰ ਦੀ ਜੁੱਤੀ ਕਹੀ ਜਾਣ ਵਾਲੀ ਔਰਤ ਨੂੰ ਬਰਾਬਰਤਾ ਦਾ ਅਧਿਕਾਰ ਲੈ ਕੇ ਦਿੱਤਾ, ਜਿਹੜੀ ਦੇਸ਼ ਦੀ ਰਾਸ਼ਟਰਪਤੀ ਤੇ ਪ੍ਰਧਾਨ ਮੰਤਰੀ ਬਣੀ। ਉਨ੍ਹਾਂ ਦੇਸ਼ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਪੰਨੂ ਵਰਗੇ ਸ਼ਰਾਰਤੀ ਅਨਸਰਾਂ ਦੀਆਂ ਗੱਲਾਂ ਵਿੱਚ ਆ ਕੇ ਆਪਸ ਵਿੱਚ ਫੁੱਟ ਨਾ ਪਾਉਣ ਇਸ ਮੌਕੇ ਹੋਰਨਾਂ ਤੋਂ ਇਲਾਵਾ ਜੱਸੀ,ਅਵਤਾਰ, ਦਇਆ ਸਾਗਰ, ਮਨਪ੍ਰੀਤ ਕਲੋਤਾ,ਸਤੀਸ਼ ਕੁਮਾਰ ਬਸੀ ਬਾਹਦ,ਬੂਟਾ ਰਾਮ, ਅਮਰੀਕ ਸਿੰਘ ਅਤੇ ਨਵਜੋਤ ਆਦਿ ਹਾਜ਼ਰ ਸਨ !

# ਦਰਸ਼ਨ ਖਟਕੜ ਨਾਲ ਮਿਲਣੀ 6 ਅਪਰੈਲ ਨੂੰ ,,

## ਰੈਡੀਕਲ ਪੀਪਲਜ਼ ਫੋਰਮ ਅਤੇ ਜੁਟਾਨ ਵਲੋਂ ਸਮੂਹ ਸਾਹਿਤਕ ਪ੍ਰੇਮੀਆਂ ਨੂੰ ਪਹੁੰਚਣ ਦਾ ਸੱਦਾ ,,

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com

ਮਾਨਸਾ, 31 ਮਾਰਚ (ਆਤਮਾ ਸਿੰਘ ਪਮਾਰ) ਰੈਡੀਕਲ ਪੀਪਲਜ਼ ਫੋਰਮ ਅਤੇ ਜੁਟਾਨ ਵਲੋਂ 6 ਅਪਰੈਲ ਨੂੰ ਸਥਾਨਕ ਬਾਬਾ ਬੂਝਾ ਸਿੰਘ ਯਾਦਗਾਰ ਭਵਨ ਵਿਖੇ 'ਸ਼ਾਇਰੀ ਤੇ ਸਿਆਸਤ ਸੰਗ ਸੰਵਾਦ' ਤਹਿਤ ਉੱਘੇ ਇਨਕਲਾਬੀ ਆਗੂ ਅਤੇ ਸ਼ਾਇਰ ਦਰਸ਼ਨ ਖਟਕੜ ਨਾਲ ਮਿਲਣੀ ਰੱਖੀ ਗਈ ਹੈ।

ਸਵੇਰੇ 10 ਕੁ ਵਜੇ ਸ਼ੁਰੂ ਹੋਣ ਵਾਲੇ ਇਸ ਸਾਹਿਤਕ ਸਮਾਗਮ ਵਿੱਚ ਜਾਣੇ ਪਛਾਣੇ ਕਹਾਣੀਕਾਰ ਅਜਮੇਰ ਸਿੱਧੂ ਕਾ. ਖਟਕੜ ਦੇ ਜੀਵਨ ਬਾਰੇ ਮੁੱਢਲੀ ਜਾਣਕਾਰੀ ਦੇਣਗੇ। ਦਰਸ਼ਨ ਖਟਕੜ ਅਪਣੇ ਲੰਬੇ ਇਨਕਲਾਬੀ ਸਫ਼ਰ ਤੇ ਕਾਵਿਕ ਸਿਰਜਣਾ ਬਾਰੇ ਸਰੋਤਿਆਂ ਨਾਲ ਚਰਚਾ ਕਰਨਗੇ। ਸਾਬਕਾ ਵਿਦਿਆਰਥੀ ਆਗੂ ਅਜਾਇਬ ਸਿੰਘ ਟਿਵਾਣਾ, ਸਰੋਕਾਰ ਪਰਚੇ ਦੇ ਸੰਪਾਦਕ ਸੁਖਵਿੰਦਰ ਪੱਪੀ, ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਸਾਬਕਾ ਸੂਬਾ ਪ੍ਰਧਾਨ ਭੁਪਿੰਦਰ ਸਿੰਘ ਵੜੈਚ ਤੇ ਅਰਵਿੰਦਰ ਕੌਰ ਕਾਕੜਾ ਸਮੇਤ ਹੋਰ ਸਰੋਤੇ ਕਾ. ਖਟਕੜ ਦੇ ਜੀਵਨ ਤੇ ਕਵਿਤਾ ਬਾਰੇ ਅਪਣੇ ਅਨੁਭਵ ਸਾਂਝੇ ਕਰਨਗੇ।

ਰੈਡੀਕਲ ਫੋਰਮ ਤੇ ਜੁਟਾਨ ਵਲੋਂ ਸਾਹਿਤਕ ਰੁਚੀਆਂ ਵਾਲੇ ਸਮੂਹ ਸਰੋਤਿਆਂ ਨੂੰ ਸਮਾਗਮ 'ਮਚ ਸ਼ਾਮਲ ਹੋਣ ਦਾ ਖੁੱਲਾ ਸੱਦਾ ਦਿੱਤਾ ਜਾਂਦਾ ਹੈ।

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com

# ਜਦੋਂ ਫੁੱਫੜ ਦੀ ਗੱਲ ਪੱਥਰ 'ਤੇ ਲਕੀਰ ਹੁੰਦੀ ਸੀ...

ਚਾਨਣਦੀਪ ਸਿੰਘ ਔਲਖ, ਪਿੰਡ ਗੁਰਨੇ ਖ਼ੁਰਦ (ਮਾਨਸਾ) ਸੰਪਰਕ : 9876888177, chan-andeepaulakh@gmail.com



**(ਕੀ ਹੁਣ ਫੁੱਫੜ ਦੀ ਧੌਂਸ ਖ਼ਤਮ ਹੋ ਗਈ? ਬਦਲਦੇ ਸਮੇਂ 'ਚ ਫੁੱਫੜ ਦਾ ਸਥਾਨ : ਇੱਕ ਸਮਾਜਿਕ ਵਿਸ਼ਲੇਸ਼ਣ)** ਪੰਜਾਬੀ ਸੱਭਿਆਚਾਰ ਵਿੱਚ ਰਿਸ਼ਤਿਆਂ ਦਾ ਇੱਕ ਖਾਸ ਮਹੱਤਵ ਹੈ ਅਤੇ ਹਰ ਰਿਸ਼ਤੇ ਦੀ ਆਪਣੀ ਇੱਕ ਵਿਲੱਖਣ ਥਾਂ ਹੁੰਦੀ ਹੈ। ਇਹਨਾਂ ਰਿਸ਼ਤਿਆਂ ਵਿੱਚੋਂ ਇੱਕ ਹੈ ਫੁੱਫੜ ਦਾ ਰਿਸ਼ਤਾ, ਭਾਵ ਘਰ ਦੇ ਪ੍ਰਾਹੁਣੇ ਦਾ ਰਿਸ਼ਤਾ। ਪੁਰਾਣੇ ਸਮਿਆਂ ਵਿੱਚ ਫੁੱਫੜ ਦਾ ਰੁਤਬਾ ਅਤੇ ਧੌਂਸ ਕਿਸੇ ਤੋਂ ਲੁਕੀ ਹੋਈ ਨਹੀਂ ਸੀ। ਉਨ੍ਹਾਂ ਨੂੰ ਇੱਕ ਵਿਸ਼ੇਸ਼ ਸਨਮਾਨ ਦਿੱਤਾ ਜਾਂਦਾ ਸੀ ਅਤੇ ਕਈ ਮਾਮਲਿਆਂ ਵਿੱਚ ਉਨ੍ਹਾਂ ਦੀ ਗੱਲ ਨੂੰ ਪੱਥਰ 'ਤੇ ਲਕੀਰ ਮੰਨਿਆ ਜਾਂਦਾ ਸੀ। ਪਰ ਜਿਵੇਂ-ਜਿਵੇਂ ਸਮਾਂ ਬਦਲਿਆ ਹੈ, ਇਸ ਰਿਸ਼ਤੇ ਦੀ ਗਤੀਸ਼ੀਲਤਾ ਵਿੱਚ ਵੀ ਕਾਫ਼ੀ ਪਰਿਵਰਤਨ ਆਇਆ ਹੈ।

ਜੇਕਰ ਅਸੀਂ ਪੁਰਾਣੇ ਸਮੇਂ ਦੀ ਗੱਲ ਕਰੀਏ ਤਾਂ ਫੁੱਫੜ ਦਾ ਘਰ ਵਿੱਚ ਆਉਣਾ ਕਿਸੇ ਤਿਉਹਾਰ ਤੋਂ ਘੱਟ ਨਹੀਂ ਹੁੰਦਾ ਸੀ। ਉਨ੍ਹਾਂ ਦੀ ਆਓ-ਭਗਤ ਵਿੱਚ ਕੋਈ ਕਸਰ ਨਹੀਂ ਛੱਡੀ ਜਾਂਦੀ ਸੀ। ਉਨ੍ਹਾਂ ਲਈ ਵਧੀਆ ਖਾਣ-ਪੀਣ ਦਾ ਪ੍ਰਬੰਧ ਕੀਤਾ ਜਾਂਦਾ ਸੀ ਅਤੇ ਉਨ੍ਹਾਂ ਦੀ ਹਰ ਗੱਲ ਨੂੰ ਧਿਆਨ ਨਾਲ ਸੁਣਿਆ ਜਾਂਦਾ ਸੀ। ਫੁੱਫੜ ਸਿਰਫ਼ ਇੱਕ ਰਿਸ਼ਤੇਦਾਰ ਹੀ ਨਹੀਂ ਹੁੰਦੇ ਸਨ, ਸਗੋਂ ਉਹ ਪਰਿਵਾਰਕ ਮਾਮਲਿਆਂ ਵਿੱਚ ਆਪਣੀ ਰਾਏ ਵੀ ਰੱਖਦੇ ਸਨ ਅਤੇ ਕਈ ਵਾਰ ਤਾਂ ਉਨ੍ਹਾਂ ਦਾ ਫੈਸਲਾ ਅੰਤਿਮ ਮੰਨਿਆ ਜਾਂਦਾ ਸੀ। ਖਾਸ ਕਰਕੇ ਜਦੋਂ ਕੋਈ ਵੱਡਾ ਫੈਸਲਾ ਲੈਣਾ ਹੁੰਦਾ ਸੀ, ਜਿਵੇਂ ਕਿ ਵਿਆਹ-ਸ਼ਾਦੀ ਜਾਂ ਜ਼ਮੀਨ-ਜਾਇਦਾਦ ਨਾਲ ਜੁੜਿਆ ਕੋਈ ਮਾਮਲਾ, ਤਾਂ ਫੁੱਫੜ ਦੀ ਸਲਾਹ ਨੂੰ ਬਹੁਤ ਮਹੱਤਵ ਦਿੱਤਾ ਜਾਂਦਾ ਸੀ। ਉਨ੍ਹਾਂ ਦੀ ਧੌਂਸ ਇਸ ਗੱਲ ਤੋਂ ਵੀ ਪਤਾ ਚੱਲਦੀ ਸੀ ਕਿ ਕਈ ਵਾਰ ਉਹ ਬਿਨਾਂ ਕਿਸੇ ਝਿਜਕ ਦੇ ਆਪਣੀ ਮਰਜ਼ੀ ਚਲਾਉਂਦੇ ਸਨ ਅਤੇ ਪਰਿਵਾਰ ਦੇ ਹੋਰ ਮੈਂਬਰ ਉਨ੍ਹਾਂ ਦੀ ਗੱਲ ਨੂੰ ਟਾਲਣ ਦੀ ਹਿੰਮਤ ਨਹੀਂ ਕਰਦੇ ਸਨ।




ਇਸਦੇ ਕਈ ਕਾਰਨ ਸਨ, ਪਹਿਲਾ ਤਾਂ ਇਹ ਕਿ ਪੁਰਾਣੇ ਸਮਿਆਂ ਵਿੱਚ ਪਰਿਵਾਰ ਸਾਂਝੇ ਹੁੰਦੇ ਸਨ ਅਤੇ ਹਰ ਵੱਡੇ-ਬਜ਼ੁਰਗ ਦਾ ਸਨਮਾਨ ਕੀਤਾ ਜਾਂਦਾ ਸੀ। ਫੁੱਫੜ ਕਿਉਂਕਿ ਘਰ ਦੀ ਕੁੜੀ ਦੇ ਪਤੀ ਹੁੰਦੇ ਸਨ, ਇਸ ਲਈ ਉਨ੍ਹਾਂ ਨੂੰ ਇੱਕ ਬਾਹਰੀ ਪਰ ਮਹੱਤਵਪੂਰਨ ਮੈਂਬਰ ਵਜੋਂ ਦੇਖਿਆ ਜਾਂਦਾ ਸੀ ਜਿਸਦਾ ਪਰਿਵਾਰ ਨਾਲ ਇੱਕ ਖਾਸ ਸਨੇਹ ਹੁੰਦਾ ਸੀ। ਦੂਜਾ ਕਾਰਨ ਇਹ ਹੋ ਸਕਦਾ ਹੈ ਕਿ ਉਸ ਸਮੇਂ ਔਰਤਾਂ ਦੀ ਸਮਾਜ ਵਿੱਚ ਇੰਨੀ ਜ਼ਿਆਦਾ ਸੁਣਵਾਈ ਨਹੀਂ ਸੀ ਹੁੰਦੀ, ਇਸ ਲਈ ਉਨ੍ਹਾਂ ਦੇ ਪਤੀ ਹੋਣ ਦੇ ਨਾਤੇ ਫੁੱਫੜ ਦੀ ਗੱਲ ਨੂੰ ਜ਼ਿਆਦਾ ਤਵੱਜੋ ਮਿਲਦੀ ਸੀ। ਤੀਜਾ ਕਾਰਨ ਆਰਥਿਕ ਵੀ ਹੋ ਸਕਦਾ ਹੈ। ਕਈ ਵਾਰ ਫੁੱਫੜ ਆਰਥਿਕ ਤੌਰ 'ਤੇ ਮਜ਼ਬੂਤ ਹੁੰਦੇ ਸਨ ਅਤੇ ਪਰਿਵਾਰ ਨੂੰ ਕਿਸੇ ਨਾ ਕਿਸੇ ਤਰ੍ਹਾਂ ਦੀ ਮਦਦ ਦੀ ਲੋੜ ਹੁੰਦੀ ਸੀ, ਜਿਸ ਕਰਕੇ ਉਨ੍ਹਾਂ ਦਾ ਪ੍ਰਭਾਵ ਜ਼ਿਆਦਾ ਹੁੰਦਾ ਸੀ।

ਪਰ ਅੱਜਕੱਲ੍ਹ ਸਮਾਂ ਬਦਲ ਗਿਆ ਹੈ। ਹੁਣ ਜ਼ਿਆਦਾਤਰ ਪਰਿਵਾਰ ਛੋਟੇ ਹੋ ਗਏ ਹਨ ਅਤੇ ਲੋਕ ਆਪਣੀ ਜ਼ਿੰਦਗੀ ਵਿੱਚ ਜ਼ਿਆਦਾ ਆਜ਼ਾਦ ਹਨ। ਔਰਤਾਂ ਹੁਣ ਹਰ ਖੇਤਰ ਵਿੱਚ ਮਰਦਾਂ ਦੇ ਬਰਾਬਰ ਹਨ ਅਤੇ ਉਨ੍ਹਾਂ ਦੀ ਰਾਏ ਨੂੰ ਵੀ ਉਨਾਂ ਹੀ ਮਹੱਤਵ ਦਿੱਤਾ ਜਾਂਦਾ ਹੈ। ਆਰਥਿਕ ਤੌਰ 'ਤੇ ਵੀ ਲੋਕ ਪਹਿਲਾਂ ਨਾਲੋਂ ਜ਼ਿਆਦਾ ਸੁਤੰਤਰ ਹਨ। ਇਸ ਬਦਲੇ ਹੋਏ ਸਮੇਂ ਵਿੱਚ ਫੁੱਫੜ ਦੇ ਰਿਸ਼ਤੇ ਦੀ ਗਤੀਸ਼ੀਲਤਾ ਵਿੱਚ ਵੀ ਕਾਫ਼ੀ ਬਦਲਾਅ ਆਇਆ ਹੈ।

ਅੱਜਕੱਲ੍ਹ ਫੁੱਫੜ ਦੀ ਪਹਿਲਾਂ ਵਾਂਗ ਕੋਈ ਖਾਸ ਧੌਂਸ ਜਾਂ ਰੋਅਬ ਵੇਖਣ ਨੂੰ ਨਹੀਂ ਮਿਲਦਾ। ਉਨ੍ਹਾਂ ਦਾ ਸਨਮਾਨ ਜ਼ਰੂਰ ਕੀਤਾ ਜਾਂਦਾ ਹੈ, ਪਰ ਉਨ੍ਹਾਂ ਦੀ ਗੱਲ ਨੂੰ ਅੰਤਿਮ ਨਹੀਂ ਮੰਨਿਆ ਜਾਂਦਾ। ਪਰਿਵਾਰਕ ਮਾਮਲਿਆਂ ਵਿੱਚ ਸਾਰਿਆਂ ਦੀ ਰਾਏ ਲਈ ਜਾਂਦੀ ਹੈ ਅਤੇ ਫੈਸਲੇ ਸਾਂਝੇ ਤੌਰ 'ਤੇ ਲਏ ਜਾਂਦੇ ਹਨ। ਫੁੱਫੜ ਹੁਣ ਸਿਰਫ਼ ਇੱਕ ਸਲਾਹਕਾਰ ਦੀ ਭੂਮਿਕਾ ਵਿੱਚ ਜ਼ਿਆਦਾ ਨਜ਼ਰ ਆਉਂਦੇ ਹਨ, ਨਾ ਕਿ ਕਿਸੇ ਹੁਕਮ ਚਲਾਉਣ ਵਾਲੇ ਦੇ ਰੂਪ ਵਿੱਚ।

ਇਸ ਬਦਲਾਅ ਦੇ ਕਈ ਕਾਰਨ ਹਨ। ਸਭ ਤੋਂ ਵੱਡਾ ਕਾਰਨ ਤਾਂ ਸਮਾਜਿਕ ਤਬਦੀਲੀ ਹੈ। ਲੋਕ ਹੁਣ ਜ਼ਿਆਦਾ ਵਿਅਕਤੀਵਾਦੀ ਹੋ ਗਏ ਹਨ ਅਤੇ ਆਪਣੀ ਮਰਜ਼ੀ ਨਾਲ ਜ਼ਿੰਦਗੀ ਜਿਉਣਾ ਪਸੰਦ ਕਰਦੇ ਹਨ। ਦੂਜਾ ਕਾਰਨ ਸਿੱਖਿਆ ਦਾ ਪ੍ਰਸਾਰ ਹੈ। ਹੁਣ ਲੋਕ ਜ਼ਿਆਦਾ ਪੜ੍ਹੇ-ਲਿਖੇ ਹਨ ਅਤੇ ਆਪਣੇ ਹੱਕਾਂ ਅਤੇ ਫਰਜ਼ਾਂ ਨੂੰ ਚੰਗੀ ਤਰ੍ਹਾਂ ਸਮਝਦੇ ਹਨ। ਤੀਜਾ ਕਾਰਨ ਮੀਡੀਆ ਅਤੇ ਸੋਸ਼ਲ ਮੀਡੀਆ ਦਾ ਪ੍ਰਭਾਵ ਹੈ, ਜਿਸਨੇ ਲੋਕਾਂ ਦੀ ਸੋਚ ਨੂੰ ਕਾਫ਼ੀ ਬਦਲ ਦਿੱਤਾ ਹੈ।

ਹਾਲਾਂਕਿ ਫੁੱਫੜ ਦੀ ਧੌਂਸ ਵਿੱਚ ਕਮੀ ਆਈ ਹੈ, ਪਰ ਇਸਦਾ ਇਹ ਮਤਲਬ ਨਹੀਂ ਕਿ ਇਸ ਰਿਸ਼ਤੇ ਦਾ ਮਹੱਤਵ ਘੱਟ ਗਿਆ ਹੈ। ਅੱਜ ਵੀ ਫੁੱਫੜ ਪਰਿਵਾਰ ਦਾ ਇੱਕ ਅਹਿਮ ਹਿੱਸਾ ਹਨ ਅਤੇ ਉਨ੍ਹਾਂ ਦਾ ਪਿਆਰ ਅਤੇ ਸਹਿਯੋਗ ਪਰਿਵਾਰ ਲਈ ਬਹੁਤ ਮਾਇਨੇ ਰੱਖਦਾ ਹੈ। ਬਦਲਦੇ ਸਮੇਂ ਦੇ ਨਾਲ ਰਿਸ਼ਤਿਆਂ ਵਿੱਚ ਤਬਦੀਲੀ ਆਉਣੀ ਸੁਭਾਵਿਕ ਹੈ ਅਤੇ ਫੁੱਫੜ ਦੇ ਰਿਸ਼ਤੇ ਵਿੱਚ ਆਇਆ ਇਹ ਬਦਲਾਅ ਵੀ ਇਸੇ ਪ੍ਰਕਿਰਿਆ ਦਾ ਇੱਕ ਹਿੱਸਾ ਹੈ। ਹੁਣ ਇਹ ਰਿਸ਼ਤਾ ਜ਼ਿਆਦਾ ਬਰਾਬਰੀ ਅਤੇ ਆਪਸੀ ਸਨਮਾਨ 'ਤੇ ਆਧਾਰਿਤ ਹੋ ਗਿਆ ਹੈ, ਜੋ ਕਿ ਇੱਕ ਸਿਹਤਮੰਦ ਸਮਾਜ ਦੀ ਨਿਸ਼ਾਨੀ ਹੈ।

# ਸੀਨੀਅਰ ਸਿਟੀਜਨ ਭਲਾਈ ਸੰਸਥਾ ਨੇ ਪੂਰਨ ਚੰਦ ਜਿੰਦਲ ਦਾ 100ਵਾਂ ਜਨਮ ਢੋਲ ਢਮੱਕੇ ਨਾਲ ਮਨਾਇਆ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com







ਸੰਗਰੂਰ,2 ਅਪ੍ਰੈਲ (ਜਗਸੀਰ ਸਿੰਘ)- ਸਥਾਨਕ ਬਨਾਸਰ ਬਾਗ ਸਥਿਤ ਮੁੱਖ ਦਫਤਰ ਵਿਖੇ ਸੀਨੀਅਰ ਸਿਟੀਜਨ ਭਲਾਈ ਸੰਸਥਾ ਵੱਲੋਂ ਮਹੀਨਾਵਾਰ ਸਨਮਾਨ ਸਮਾਰੋਹ ਅਤੇ ਸਭਿਆਚਾਰਕ ਪ੍ਰੋਗਰਾਮ ਸੰਸਥਾ ਪ੍ਰਧਾਨ ਡਾ ਨਰਵਿੰਦਰ ਸਿੰਘ ਕੌਸ਼ਲ, ਪ੍ਰਵੀਨ ਬਾਂਸਲ ਚੇਅਰਮੈਨ ਦੀ ਅਗਵਾਈ ਵਿੱਚ ਕੀਤਾ ਗਿਆ। ਉਨ੍ਹਾਂ ਦੇ ਨਾਲ ਸੰਸਥਾ ਸਰਪ੍ਰਸਤ ਜਗਨ ਨਾਥ ਗੋਇਲ, ਦਲਜੀਤ ਸਿੰਘ ਜ਼ਖ਼ਮੀ, ਸੁਰਿੰਦਰ ਪਾਲ ਗੁਪਤਾ ਵੀ ਪ੍ਰਧਾਨਗੀ ਮੰਡਲ ਵਿੱਚ ਸ਼ਾਮਲ ਹੋਏ। ਇਸ ਮੌਕੇ ਤੇ ਸੰਸਥਾ ਦੇ ਸੁਪਰ ਸਿਟੀਜਨ ਪੂਰਨ ਚੰਦ ਜਿੰਦਲ ਦਾ 100ਵਾਂ ਜਨਮ ਦਿਨ ਮਨਾਇਆ ਗਿਆ। ਜਿਸ ਸਬੰਧੀ ਸਮਾਗਮ ਸਥਾਨ ਨੂੰ ਵਿਸ਼ੇਸ਼ ਤੌਰ ਤੇ ਸਜਾਇਆ ਗਿਆ ਅਤੇ ਪੂਰਨ ਚੰਦ ਜਿੰਦਲ ਦੀ ਆਮਦ ਤੇ ਢੋਲ ਢਮੱਕੇ ਨਾਲ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਦੇ ਨਾਲ ਉਨ੍ਹਾਂ ਦੇ ਪਰਿਵਾਰਿਕ ਮੈਂਬਰ ਜਸਵਿੰਦਰ ਲਾਲ ਜਿੰਦਲ, ਅਮਰਨਾਥ ਜਿੰਦਲ, ਕਾਂਤਾ ਜਿੰਦਲ, ਹਰਬੰਸ ਲਾਲ ਜਿੰਦਲ, ਹਰਤੇਸ਼ ਜਿੰਦਲ ਆਦਿ ਵੀ ਸਮਾਗਮ ਵਿੱਚ ਪਹੁੰਚੇ। ਜਗਜੀਤ ਸਿੰਘ ਜੱਸਲ ਜਨਰਲ ਸਕੱਤਰ ਨੇ ਸਮੂਹ ਹਾਜ਼ਰੀਨ ਮੈਂਬਰਾਂ ਦਾ ਸਵਾਗਤ ਕਰਦੇ ਹੋਏ ਦੱਸਿਆ ਕਿ ਪੂਰਨ ਚੰਦ ਜਿੰਦਲ, ਜੁਡੀਸ਼ਰੀ ਵਿਭਾਗ ਵਿੱਚੋਂ ਆਨ ਤੇ ਸ਼ਾਨ ਨਾਲ ਸੇਵਾ ਮੁਕਤ ਹੋਏ ਹਨ ਅਤੇ ਉਸ ਤੋਂ ਸਮਾਜ ਸੇਵਾ ਨੂੰ ਸਮਰਪਿਤ ਹਨ। ਇਸ ਮੌਕੇ ਤੇ ਸ਼ਾਨਦਾਰ ਸਭਿਆਚਾਰਕ ਪ੍ਰੋਗਰਾਮ ਦੌਰਾਨ ਗਿਆਨ ਚੰਦ ਸਿੰਗਲਾ, ਓਮ ਪ੍ਰਕਾਸ਼ ਛਾਬੜਾ, ਫਕੀਰ ਚੰਦ, ਵਾਸਦੇਵ ਸ਼ਰਮਾ, ਦਰਸ਼ਨਾ ਦੇਵੀ ਵੱਲੋਂ ਗੀਤ ਸੰਗੀਤ ਨਾਲ ਖੁਸ਼ੀਆਂ ਭਰਿਆ ਮਾਹੌਲ ਬਣਾ ਦਿੱਤਾ। ਡਾ ਨਰਵਿੰਦਰ ਸਿੰਘ ਕੌਸ਼ਲ ਨੇ ਪੂਰਨ ਚੰਦ ਜਿੰਦਲ ਨੂੰ 100ਵੇਂ ਜਨਮ ਦਿਨ ਤੇ ਮੁਬਾਰਕਾਂ ਦਿੰਦੇ ਹੋਏ ਉਨ੍ਹਾਂ ਦੀ ਸਿਹਤਮੰਦ ਉਮਰ ਦੀ ਕਾਮਨਾ ਕੀਤੀ ਅਤੇ ਦੱਸਿਆ ਕਿ ਉਨ੍ਹਾਂ ਵੱਲੋਂ ਕੀਤੀ ਪਾਲਨਾ ਪੋਸਨਾ ਸਦਕੇ ਜਿੰਦਲ ਸਾਹਿਬ ਦੇ ਲੜਕੇ ਅਤੇ ਲੜਕੀ, ਉੱਚ ਅਹੁਦਿਆਂ ਤੇ ਬਿਰਾਜਮਾਨ ਹੋ ਕੇ ਨਾਮ ਕਮਾ ਰਹੇ ਹਨ। ਜਨਮ ਦਿਨ ਦਾ ਕੇਕ ਕੱਟਣ ਉਪਰੰਤ ਪੂਰਨ ਚੰਦ ਜਿੰਦਲ ਨੂੰ ਪ੍ਰਧਾਨ, ਚੇਅਰਮੈਨ, ਸਰਪ੍ਰਸਤ ਦੇ ਨਾਲ ਸੰਸਥਾ ਦੇ ਅਹੁਦੇਦਾਰ ਰਾਜ ਕੁਮਾਰ ਅਰੋੜਾ, ਸੁਰਿੰਦਰ ਪਾਲ ਸਿੰਘ ਸਿਦਕੀ,ਹਰਬੰਸ ਲਾਲ ਜਿੰਦਲ, ਸੱਤਦੇਵ ਸ਼ਰਮਾ, ਸ਼ਕਤੀ ਮਿੱਤਲ, ਅਵਿਨਾਸ਼ ਸ਼ਰਮਾ, ਰਾਮ ਲਾਲ ਪਾਂਧੀ ਅਤੇ ਹੋਰਾਂ ਨੇ ਦੁਸ਼ਾਲਾ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਮਾਰਚ ਮਹੀਨੇ ਨਾਲ ਸਬੰਧਤ ਮੈਂਬਰਾਂ ਵਿੱਚ ਸ਼ਾਮਲ ਗਿਆਨ ਚੰਦ ਸਿੰਗਲਾ ਨੇ ਆਪਣੇ 77ਵੇ ਜਨਮ ਦਿਨ ਦੀ ਖੁਸ਼ੀ ਵਿੱਚ ਸਮੂਹ ਮੈਂਬਰਾਂ ਨੂੰ ਤੋਹਫੇ ਪ੍ਦਾਨ ਕੀਤੇ। ਸੰਸਥਾ ਵੱਲੋਂ ਇੱਕ ਹੋਰ ਸੁਪਰ ਸਿਟੀਜਨ ਸਤਵੰਤ ਸਿੰਘ ਮੌੜ ਨੂੰ ਵੀ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਉਪਰੰਤ ਜਨਮ ਦਿਨ ਵਾਲੇ ਮੈਂਬਰਾਂ ਰਾਜ ਕੁਮਾਰ ਅਰੋੜਾ, ਰਾਮ ਪ੍ਰਕਾਸ਼ ਸਿੰਘ, ਹੰਸ ਰਾਜ ਸਤੀਜਾ, ਜਸਪਾਲ ਸ਼ਰਮਾ, ਗਿਆਨ ਚੰਦ ਸਿੰਗਲਾ, ਬਲਦੇਵ ਸਿੰਘ, ਸੰਤੋਸ਼ ਆਨੰਦ, ਹਰਜੀਤ ਕੌਰ, ਜਤਿੰਦਰ ਕੌਰ ਆਦਿ ਨੂੰ ਪ੍ਧਾਨ, ਚੇਅਰਮੈਨ, ਸਰਪ੍ਰਸਤ ਦੇ ਨਾਲ ਪ੍ਰੇਮ ਚੰਦ ਗਰਗ, ਕੁਲਵੰਤ ਸਿੰਘ ਅਕੋਈ, ਸੁਧੀਰ ਵਾਲੀਆ,ਰਾਜ ਕੁਮਾਰ ਬਾਂਸਲ, ਕੁਲਦੀਪ ਸਿੰਘ ਬਾਗੀ, ਕਰਨੈਲ ਸਿੰਘ ਸ਼ੇਖੋਂ, ਗੁਰਿੰਦਰਜੀਤ ਸਿੰਘ ਵਾਲੀਆ, ਬਲਦੇਵ ਰਾਜ ਮਦਾਨ , ਜੀਤ ਸਿੰਘ ਢੀਂਡਸਾ, ਰਾਕੇਸ਼ ਗੁਪਤਾ, ਜਗਜੀਤ ਇੰਦਰ ਸਿੰਘ ਤੋਂ ਇਲਾਵਾ ਸੁਨੀਤਾ ਕੌਸ਼ਲ, ਸੁਮਨ ਜ਼ਖ਼ਮੀ, ਚੰਚਲ ਗਰਗ, ਸ਼ੋਭਾ ਗੁਪਤਾ, ਕੁਲਦੀਪ ਕੌਰ, ਲਾਜ ਦੇਵੀ, ਕਿਰਨ ਭੱਲਾ, ਨਿਰਮਲ ਕੌਰ ਆਦਿ ਨੇ ਹਾਰ ਪਾ ਕੇ ਅਤੇ ਗਿਫਟ ਦੇ ਕੇ ਸਨਮਾਨਿਤ ਕੀਤਾ। ਜਸਵਿੰਦਰ ਲਾਲ ਜਿੰਦਲ ਨੇ ਪਰਿਵਾਰ ਵੱਲੋਂ ਸੰਸਥਾ ਪ੍ਰਧਾਨ ਤੇ ਸਮੂਹ ਮੈਂਬਰਾਂ ਵੱਲੋਂ ਦਿੱਤੇ ਸਤਿਕਾਰ, ਸਨਮਾਨ ਲਈ ਆਭਾਰ ਪ੍ਰਗਟ ਕੀਤਾ ਅਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਸੰਸਥਾ ਨੂੰ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਇਸ ਮੌਕੇ ਤੇ ਹਰੀ ਦਾਸ ਸ਼ਰਮਾ, ਪਵਨ ਕੁਮਾਰ ਬਾਂਸਲ, ਬਲਦੇਵ ਕ੍ਰਿਸ਼ਨ, ਬਲਵੰਤ ਸਿੰਘ, ਏ ਪੀ ਸਿੰਘ, ਜਰਨੈਲ ਸਿੰਘ ਲੁਬਾਣਾ, ਰਾਕੇਸ਼ ਗੁਪਤਾ, ਸੁਰਿੰਦਰ ਸ਼ੇਰੀ, ਸੰਸਾਰੀ ਲਾਲ ਗੁਪਤਾ, ਧਰਮ ਪਾਲ ਬਾਤਿਸ਼, ਦਵਿੰਦਰ ਗੁਪਤਾ, ਕਰਨਲ ਐਸ ਐਸ ਚੀਮਾ, ਊਸ਼ਾ ਰਾਣੀ, ਕਮਲੇਸ਼, ਅਰਚਨਾ, ਸ਼ਾਰਦਾ ਦੇਵੀ, ਰੇਖਾ ਗੋਇਲ ਆਦਿ ਸਮੇਤ ਵੱਡੀ ਗਿਣਤੀ ਵਿੱਚ ਹਾਜ਼ਰ ਸੰਸਥਾ ਮੈਂਬਰ ਨੇ ਪੂਰਨ ਚੰਦ ਜਿੰਦਲ ਨੂੰ ਸ਼ੁਭ ਇਛਾਵਾਂ ਦਿੱਤੀਆਂ।

# ਪੰਜਾਬ ਦੇ ਲੋਕ-ਆਪਣੀ ਵਿਰਾਸਤ, ਸੱਭਿਆਚਾਰ, ਪੁਰਾਣੇ ਵਿਰਸੇ ਅਤੇ ਪੰਜਾਬੀ ਭਾਸ਼ਾ ਤੋ ਵੀ ਦੂਰ ਹੋ ਰਹੇ ਹਨ : ਡਾ. ਆਸ਼ੀਸ਼ ਸਰੀਨ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ 2 ਅਪ੍ਰੈਲ ( ਤਰਸੇਮ ਦੀਵਾਨਾ ) ਪੰਜਾਬੀ ਵਿਰਸਾ ਸਾਡੀ ਪਹਿਚਾਣ, ਇਤਿਹਾਸ, ਤੇ ਮੂਲ ਸੰਸਕਾਰਾਂ ਦੀ ਸ਼ਾਨ ਹੈ। ਇਹ ਸਾਡੇ ਵੱਡੇ-ਵਡੇਰਿਆਂ ਦੀ ਮਿਹਨਤ,ਭਾਸ਼ਾ, ਲੋਕ-ਧਾਰਾ, ਅਤੇ ਰਿਵਾਜਾਂ ਨਾਲ ਜੁੜਿਆ ਹੋਇਆ ਹੈ। ਪਰ ਆਧੁਨਿਕਤਾ, ਪੱਛਮੀ ਸੰਸਕ੍ਰਿਤੀ ਦੇ ਵੱਧਦੇ ਪ੍ਰਭਾਵ, ਅਤੇ ਨੌਜਵਾਨ ਪੀੜ੍ਹੀ ਦੀ ਬੇਰੁਖ਼ੀ ਕਾਰਨ · ਪੰਜਾਬੀ ਵਿਰਸਾ ਹੋਲੀ ਹੋਲੀ ਖਤਮ ਹੋ ਰਿਹਾ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਬੁੱਧੀਜੀਵੀ ਸ਼ਖਸ਼ੀਅਤ ਅਤੇ “ਹਿਜ਼ ਐਕਸੀਲੈਂਟ ਇੰਸਟੀਚਿਊਟ ਐਂਡ ਟ੍ਰੇਨਿੰਗ ਸੈਂਟਰ ਦੇ ਐਮਡੀ ਡਾ. ਆਸ਼ੀਸ਼ ਸਰੀਨ ਨੇ ਕੁਝ ਚੋਣਵੇਂ ਪੱਤਰਕਾਰਾਂ ਨਾਲ ਇੱਕ ਪ੍ਰੈਸ ਵਾਰਤਾ ਦੌਰਾਨ ਕੀਤਾ। ਉਹਨਾਂ ਕਿਹਾ ਕਿ ਪੰਜਾਬੀ ਭਾਸ਼ਾ,ਜੋ ਇੱਕ ਸਮੇਂ ਸਾਡੇ ਘਰਾਂ, ਗਲੀਆਂ, ਤੇ ਵਿਦਿਆਲਿਆਂ ਦੀ ਮੁੱਖ ਭਾਸ਼ਾ ਸੀ, ਹੁਣ ਅੰਗਰੇਜ਼ੀ ਅਤੇ ਹੋਰ ਭਾਸ਼ਾਵਾਂ ਅੱਗੇ ਹਾਸ਼ੀਏ 'ਤੇ ਪਈ ਹੋਈ ਹੈ। ਅੱਜ ਦੇ ਬੱਚੇ ਠੀਕ ਤਰੀਕੇ ਨਾਲ ਪੜ੍ਹਨ-ਲਿਖਣ ਜਾਂ ਬੋਲਣ ਵਿੱਚ ਦਿੱਲਚਸਪੀ ਨਹੀਂ ਲੈ ਰਹੇ, ਜਿਸ ਨਾਲ ਭਵਿੱਖ ਵਿੱਚ ਇਹ ਭਾਸ਼ਾ ਬਹੁਤ ਗੰਭੀਰ ਸੰਕਟ ਵਿੱਚ ਆ ਸਕਦੀ ਹੈ।ਉਹਨਾਂ ਕਿਹਾ ਕਿ ਸਿਰਫ਼ ਭਾਸ਼ਾ ਹੀ ਨਹੀਂ, ਪੰਜਾਬੀ ਲੋਕ-ਧਾਰਾ,ਰਵਾਇਤਾਂ, ਅਤੇ ਬਹੁਤ ਸਾਰੇ ਬੱਚੇ ਪੰਜਾਬੀ ਭਾਸ਼ਾ ਤੋ ਵੀ ਦੂਰ ਹੋ ਰਹੇ ਹਨ ! ਉਹਨਾਂ ਕਿਹਾ ਕਿ ਪਹਿਲਾ ਗਿੱਧਾ,ਭੰਗੜਾ,ਜੁਗਨੀ, ਤੇ ਲੋਕ-ਗੀਤ ਹਰ ਖੁਸ਼ੀ ਦੇ ਮੌਕੇ ਤੇ ਗਾਏ ਜਾਂਦੇ ਸਨ,ਪਰ ਹੁਣ ਇਨ੍ਹਾਂ ਦੀ ਥਾਂ ਪੱਛਮੀ ਸੰਸਕ੍ਰਿਤੀ ਅਤੇ ਆਧੁਨਿਕ ਡੀ.ਜੇ.ਮਿਊਜ਼ਿਕ ਨੇ ਲੈ ਲਈ ਹੈ। ਉਹਨਾਂ ਕਿਹਾ ਕਿ ਪੰਜਾਬੀ ਵਿਆਹਾਂ ਵਿੱਚ ਪਹਿਲਾਂ ਪੁਰਾਣੀਆਂ ਰਵਾਇਤਾਂ, ਜਿਵੇਂ ਕਿ ਵਾਰਾਂ, ਸੁਹਾ-ਸੁਹਾਗ, ਵਗੈਰਾ ਆਮ ਸਨ, ਪਰ ਹੁਣ ਇਹ ਰਿਵਾਇਤਾਂ ਬਹੁਤ ਹੀ ਘੱਟ ਦੇਖਣ ਨੂੰ ਮਿਲਦੀਆਂ ਹਨ । ਨੌਜਵਾਨ ਪੀੜ੍ਹੀ ਪਿਛਲੀਆਂ ਪੀੜ੍ਹੀਆਂ ਦੀਆਂ ਕਦਰਾਂ-ਕੀਮਤਾਂ ਅਤੇ ਲੋਕ-ਰਿਵਾਜਾਂ ਨੂੰ ਪਿੱਛੜਿਆ ਸਮਝਣ ਲੱਗ ਪਈ ਹੈ, ਜਿਸ ਕਾਰਨ ਇਹ ਵਿਰਸਾ ਹੌਲੀ-ਹੌਲੀ ਅਲੋਪ ਹੋ ਰਿਹਾ ਹੈ ।ਉਹਨਾਂ ਕਿਹਾ ਕਿ ਪੰਜਾਬੀ ਪਹਿਰਾਵਾ ਵੀ ਵੱਡੇ ਬਦਲਾਅ ਹੇਠ ਆ ਚੁੱਕਾ ਹੈ ਕਿਉਂਕਿ ਪਹਿਲਾਂ ਸਾਫ਼ਾ,ਪਟਕਾ,ਕੁੜਤਾ-ਪਜਾਮਾ, ਤੇ ਸੁਥਣੀ ਪੰਜਾਬੀ ਮਰਦਾਂ ਦੀ ਪਹਿਚਾਣ ਹੁੰਦੀ ਸੀ, ਜਦਕਿ ਪੰਜਾਬੀ ਔਰਤਾਂ ਲਈ ਫੁਲਕਾਰੀ,ਪਰਾਂਦਾ,ਤੇ ਸਲਵਾਰ-ਕਮੀਜ਼ ਆਮ ਹੁੰਦੇ ਸਨ ਪਰ ਹੁਣ ਵੈਸਟਰਨ ਲਿਬਾਸ ਨੇ ਪੰਜਾਬੀ ਪਹਿਰਾਵਿਆਂ ਨੂੰ ਪਿੱਛੇ ਧੱਕ ਦਿੱਤਾ ਹੈ,। ਉਹਨਾਂ ਕਿਹਾ ਕਿ ਪਹਿਲਾਂ ਖੇਤੀਬਾੜੀ ਪੰਜਾਬ ਦੀ ਮੁੱਖ ਪਹਿਚਾਣ ਸੀ, ਪਰ ਹੁਣ ਨੌਜਵਾਨ ਵਿਦੇਸ਼ ਜਾਣ ਦੀ ਦੌੜ ਵਿੱਚ ਲੱਗੇ ਹੋਏ ਹਨ, ਜਿਸ ਨਾਲ ਪਿੰਡਾਂ ਦੀ ਰੌਣਕ ਘੱਟ ਰਹਿ ਗਈ ਹੈ । ਉਹਨਾ ਕਿਹਾ ਕਿ ਹੁਣ ਪੁਰਾਣੀਆਂ ਖੇਤੀ ਤਕਨੀਕਾਂ ਦੀ ਥਾਂ ਨਵੀਆਂ ਤਕਨੀਕਾਂ ਨੇ ਲੈ ਲਈ ਹੈ, ਪਰ ਸਮੇਂ ਦੇ ਨਾਲ ਨਾਲ ਖੇਤੀ ਨਾਲ ਜੁੜੀ ਪੰਜਾਬੀ ਵਿਰਾਸਤ ਵੀ ਮਿੱਟਦੀ ਜਾ ਰਹੀ ਹੈ।

# ਪ੍ਰੋਫੈਸਰ ਹਰਜਿੰਦਰ ਸਿੰਘ ਅਟਵਾਲ ਦੀ ਬੇਵਕਤੀ ਮੌਤ ਨਾਲ ਸਮਾਜ ਨੂੰ ਪਿਆ ਬਹੁਤ ਵੱਡਾ ਘਾਟਾ : ਟੇਰਕਿਆਨਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com

ਹੁਸ਼ਿਆਰਪੁਰ 2 ਅਪ੍ਰੈਲ ( ਤਰਸੇਮ ਦੀਵਾਨਾ ) ਪ੍ਰਸਿੱਧ ਲੇਖਕ ਤੇ ਜ਼ਿਲ੍ਹਾ ਲੇਖਕ ਮੰਚ ਹੁਸ਼ਿਆਰਪੁਰ ਦੇ ਕਨਵੀਨਰ ਰਘਵੀਰ ਸਿੰਘ ਟੇਰਕਿਆਨਾ ਨੇ ਲੇਖਕ ਪ੍ਰੋਫੈਸਰ ਹਰਜਿੰਦਰ ਸਿੰਘ ਅਟਵਾਲ ਦੀ ਬੇਵਕਤੀ ਮੌਤ ਉੱਤੇ ਗਹਿਰੇ ਦੁੱਖ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਅਟਵਾਲ ਸਾਹਿਬ ਇੱਕ ਮਹਾਨ ਅਲੋਚਕ , ਚਿੰਤਕ ,ਬੁੱਧੀਜੀਵੀ ,ਸਾਹਿਤਕਾਰ ਤੇ ਬਹੁਤ ਹੀ ਵਧੀਆ ਇਨਸਾਨ ਸਨ । ਉਹ ਜੇ ਸੀ ਡੀ ਏ ਵੀ ਕਾਲਜ ਦਸੂਹਾ ਤੇ ਪੰਜਾਬ ਦੇ ਹੋਰ ਕਈ ਕਾਲਜਾਂ ਵਿੱਚ ਪੰਜਾਬੀ ਦੇ ਪ੍ਰੋਫੈਸਰ ਵੀ ਰਹੇ । ਟੇਰਕਿਆਨਾ ਨੇ ਦੱਸਿਆ ਕਿ ਉਹ ਹਰ ਸਾਹਿਤਕ ਸਮਾਗਮ ਵਿੱਚ ਪਹੁੰਚਦੇ ਸਨ ਤੇ ਬੜੇ ਹੀ ਨਿਵੇਕਲੇ ਅੰਦਾਜ਼ ਵਿੱਚ ਆਪਣੀ ਗੱਲ ਸਰੋਤਿਆਂ ਸਾਹਮਣੇ ਰੱਖਦੇ ਸਨ । ਉੱਨਾਂ ਕੋਲ ਕਮਾਲ ਦੀ ਯਾਦਾਸ਼ਤ ਤੇ ਸ਼ਬਦਾਂ ਦਾ ਖਜ਼ਾਨਾ ਹੁੰਦਾ ਸੀ । ਟੇਰਕਿਆਨਾ ਕੇ ਕਿਹਾ ਕਿ ਪ੍ਰੋਫੈਸਰ ਹਰਜਿੰਦਰ ਸਿੰਘ ਅਟਵਾਲ ਨੂੰ ਜੇ ਇਕ ਚੱਲਦੀ ਫਿਰਦੀ ਲਾਇਬਰੇਰੀ ਵੀ ਕਹਿ ਲਿਆ ਜਾਵੇ ਤਾਂ ਇਸ ਵਿੱਚ ਕੋਈ ਅਤਿਕਥਨੀ ਨਹੀਂ ਹੋਵੇਗੀ । ਅਜਿਹੇ ਵਿਅਕਤੀ ਦੀ ਮੌਤ ਸਮਾਜ ਨੂੰ ਝੰਜੋੜ ਕੇ ਰੱਖ ਦਿੰਦੀ ਹੈ ।

# ਪਿੰਡ ਮਲਿਕਪੁਰ ‘ਚ ਵਿਸ਼ੇਸ਼ ਟੀਕਾਕਰਨ ਕੈਂਪ: ਸਿਹਤਮੰਦ ਭਵਿੱਖ ਲਈ ਇਕ ਹੋਰ ਕਦਮ!

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com



ਰੂਪਨਗਰ,ਮਲਿਕਪੁਰ, 02 ਅਪ੍ਰੈਲ 2025: ਆਯੂਸ਼ਮਾਨ ਆਰੋਗਿਆ ਕੇਂਦਰ, ਮਲਿਕਪੁਰ ਵਿੱਚ 02 ਅਪ੍ਰੈਲ 2025 ਨੂੰ ਵਿਸ਼ੇਸ਼ ਟੀਕਾਕਰਨ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਦਾ ਉਦੇਸ਼ ਨਵਜਨਮਿਆ ਬੱਚਿਆਂ ਅਤੇ ਗਰਭਵਤੀ ਮਹਿਲਾਵਾਂ ਨੂੰ ਵੱਖ-ਵੱਖ ਰੋਗਾਂ ਤੋਂ ਬਚਾਉਣ ਲਈ ਮੁਫ਼ਤ ਟੀਕਾਕਰਨ ਸਹੂਲਤ ਪ੍ਰਦਾਨ ਕਰਨੀ ਸੀ।

ਇਹ ਕੈਂਪ ਸਿਹਤ ਵਿਭਾਗ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ, ਜਿਸ ਵਿੱਚ ਕਮਿਊਨਿਟੀ ਹੈਲਥ ਅਫਸਰ ਡਾ. ਅਨੁ, ਹੈਲਥ ਵਰਕਰ ਨੀਤੂ ਅਤੇ ਹੈਲਥ ਵਰਕਰ ਜਸਵੀਰ ਸਿੰਘ ਨੇ ਮਹੱਤਵਪੂਰਨ ਭੂਮਿਕਾ ਨਿਭਾਈ। ਆਯੂਸ਼ਮਾਨ ਆਰੋਗਿਆ ਕੇਂਦਰ, ਮਲਿਕਪੁਰ ਦੀਆਂ ਆਸ਼ਾ ਵਰਕਰਾਂ ਨੇ ਵੀ ਕੈਂਪ ਦੇ ਸੁਚਾਰੂ ਆਯੋਜਨ ਵਿੱਚ ਅਹਿਮ ਯੋਗਦਾਨ ਪਾਇਆ, ਲੋਕਾਂ ਨੂੰ ਕੈਂਪ ਬਾਰੇ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਨੂੰ ਟੀਕਾਕਰਨ ਲਈ ਉਤਸ਼ਾਹਿਤ ਕੀਤਾ।

ਟੀਕਾਕਰਨ ਦੌਰਾਨ ਬੱਚਿਆਂ ਨੂੰ ਪੋਲਿਓ, ਡੀਪੀਟੀ, ਹੇਪਟਾਈਟਿਸ-ਬੀ, ਖਸਰਾ ਅਤੇ ਹੋਰ ਆਵਸ਼ਕ ਟੀਕੇ ਲਗਾਏ ਗਏ। ਸੀਨੀਅਰ ਮੈਡਿਕਲ ਅਫਸਰ ਡਾ. ਆਨੰਦ ਘਈ ਨੇ ਕਿਹਾ ਕਿ ਟੀਕਾਕਰਨ ਰੋਗ-ਪ੍ਰਤੀਰੋਧਕਤਾ ਵਧਾਉਣ ਦਾ ਸਭ ਤੋਂ ਪ੍ਰਭਾਵਸ਼ਾਲੀ ਢੰਗ ਹੈ ਅਤੇ ਲੋਕਾਂ ਨੂੰ ਅਜੇਹੇ ਕੈਂਪਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ।

ਇਸ ਮੌਕੇ ‘ਤੇ ਪਿੰਡ ਦੇ ਸਰਪੰਚ, ਆਂਗਣਵਾਡੀ ਵਰਕਰਾਂ ਅਤੇ ਆਮ ਜਨਤਾ ਨੇ ਵੀ ਵਧ-ਚੜ੍ਹ ਕੇ ਹਿੱਸਾ ਲਿਆ। ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਆਪਣੇ ਅਤੇ ਆਪਣੇ ਪਰਿਵਾਰ ਦੀ ਤੰਦਰੁਸਤੀ ਲਈ ਟੀਕਾਕਰਨ ਜ਼ਰੂਰ ਕਰਵਾਉਣ।

# ਇਲਾਂਕਾ ਬੀਤ ਖੇਤਰ ਵਿਚ ਆਂ ਰਹੀਆਂ ਸਮੱਸਿਆ ਨੂੰ ਹੱਲ ਕਰਵਾਉਣ ਲਈ ਡਿਪਟੀ ਸਪੀਕਰ ਪੰਜਾਬ ਨੂੰ ਦਿੱਤਾ ਮੰਗ ਪੱਤਰ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com



ਗੜ੍ਹਸ਼ੰਕਰ 2 ਅਪ੍ਰੈਲ (ਬਲਵੀਰ ਚੌਂਪੜਾ ) ਗੜ੍ਹਸ਼ੰਕਰ ਤੋਂ ਕੁ ਦੂਰੀ ਤੇ ਪੈਂਦਾ ਇਲਾਕਾ ਬੀਤ ਦੀ ਸਵੈਸੇਵੀ ਸੰਸਥਾ “ਬੀਤ ਭਲਾਈ ਕਮੇਟੀ” ਦਾ ਇੱਕ ਵਫਦ ਕਮੇਟੀ ਦੇ ਪ੍ਰਧਾਨ ਬਲਵੀਰ ਸਿੰਘ ਬੈਂਸ ਦੀ ਅਗਵਾਈ ਹੇਠ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨਾਲ ਮੁਲਾਕਾਤ ਕੀਤੀ ਅਤੇ ਬੀਤ ਖੇਤਰ ਦੀਆਂ ਵੱਖ ਵੱਖ ਮੰਗਾਂ ਲਈ ਇੱਕ ਮੰਗ ਪੱਤਰ ਦਿੱਤਾ ਗਿਆ । ਗੱਲਬਾਤ ਕਰਦਿਆਂ ਕਮੇਟੀ ਮੈਂਬਰ ਦੇ ਜਰਨਲ ਸਕੱਤਰ ਨਰਿੰਦਰ ਸਿੰਘ ਸੋਨੀ ਨੇ ਦੱਸਿਆ ਕਿ ਇਸ ਮੰਗ ਪੱਤਰ ‘ਚ ਬੀਤ ਇਲਾਕੇ ਦੀਆਂ ਸਮਸਿਆਵਾਂ, ਜਿਵੇਂ ਸੜਕਾਂ ਦੀ ਤਰਸਯੋਗ ਹਾਲਤ, ਗਰਮੀਆਂ ਦੇ ਮੌਸਮ ਦੇ ਮੱਦੇਨਜ਼ਰ ਪੀਣ ਵਾਲੇ ਪਾਣੀ ਦਾ ਯੋਗ ਪ੍ਰਬੰਧ, ਬਿਜਲੀ ਸਪਲਾਈ ਨੂੰ ਸੰਚਾਰੂ ਚਲਾਉਣ ਲਈ, ਬੀਤ ਦੀਆਂ ਸਾਰੀਆਂ ਬੱਸਾਂ ਨੂੰ ਬੱਸ ਅੱਡਾ ਗੜ੍ਹਸ਼ੰਕਰ ਲਿਜਾਉਣ ਦੇ ਨਾਲ ਨਾਲ ਪਿਛਲੇ ਦਿਨੀਂ ਸ੍ਰੀ ਖੁਰਾਲਗੜ੍ਹ ਸਾਹਿਬ ਤੋਂ ਚੰਡੀਗੜ੍ਹ ਲਈ ਚੱਲੀ ਬੱਸ ਜੋਕਿ ਕੁਝ ਦਿਨਾਂ ਬਾਅਦ ਹੀ ਬੰਦ ਕਰ ਦਿੱਤੀ ਗਈ ਉਸ ਨੂੰ ਦੁਬਾਰਾ ਚਲਾਉਣ ਲਈ ਮੰਗ ਪੱਤਰ ਦਿੱਤਾ ਗਿਆ। ਸੋਨੀ ਦਿਆਲ ਨੇ ਦੱਸਿਆ ਕਿ ਇਸ ਵਾਰੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਬੀਤ ਭਲਾਈ ਕਮੇਟੀ ਨੂੰ ਵਿਸ਼ਵਾਸ ਦਿਵਾਇਆ ਕਿ ਜਲਦੀ ਹੀ ਬੰਦ ਕੀਤੀ ਗਈ ਬੱਸ ਨੂੰ ਦੁਬਾਰਾ ਤੇ ਚਲਾਇਆ ਜਾਵੇਗਾ, ਉਹਨਾਂ ਨੇ ਦੱਸਿਆ ਕਿ ਆਉਣ ਵਾਲੇ ਸਮੇਂ ਚ ਅਚੱਲਪੁਰ ਵਿਖੇ ਮੰਡੀ ਚਲਾਈ ਜਾਵੇਗੀ ਅਤੇ ਇਸ ਵਾਰ ਕਣਕ ਦੀ ਖਰੀਦ ਕੀਤੀ ਜਾਵੇਗੀ। ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੂੰ ਮਿਲੇ ਵਫ਼ਦ ਵਿੱਚ ਪ੍ਰਧਾਨ ਬਲਵੀਰ ਸਿੰਘ ਬੈਂਸ, ਜਰਨਲ ਸਕੱਤਰ ਨਰਿੰਦਰ ਸਿੰਘ ਸੋਨੀ ਦਿਆਲ ਤੋਂ ਇਲਾਵਾ ਸਰਪੰਚ ਸੰਜੀਵ ਸਿੰਘ, ਸਰਪੰਚ ਬਲਵਿੰਦਰ ਸਿੰਘ, ਫੁੰਮਣ ਸਿੰਘ, ਵਿੱਕੀ ਝੋਣੋਵਾਲ ਵੀ ਮੌਜੂਦ ਸਨ।

# ਮਮਤਾ ਦਿਵਸ ਮੌਕੇ ‘ਤੇ ਭਰਤਗੜ੍ਹ ‘ਚ ਟੀਕਾਕਰਨ ਕੈਂਪ ਅਤੇ ਪੀ.ਐਨ.ਡੀ.ਟੀ. ਐਕਟ ਬਾਰੇ ਜਾਗਰੂਕਤਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com



ਰੂਪਨਗਰ, ਭਰਤਗੜ੍ਹ, 2 ਅਪ੍ਰੈਲ 2025 –ਸੀਨੀਅਰ ਮੈਡੀਕਲ ਅਫਸਰ ਡਾ. ਆਨੰਦ ਘਈ ਦੀ ਅਗਵਾਈ ਹੇਠ ਕਮਿਊਨਿਟੀ ਹੈਲਥ ਸੈਂਟਰ, ਭਰਤਗੜ੍ਹ ਵਿਖੇ ਮਮਤਾ ਦਿਵਸ ਦੇ ਤਹਤ ਵਿਸ਼ੇਸ਼ ਟੀਕਾਕਰਨ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ, ਗਰਭਵਤੀ ਮਹਿਲਾਵਾਂ, ਧਾਤਰੀ ਮਾਤਾਵਾਂ ਅਤੇ ਪੰਜ ਸਾਲ ਤਕ ਦੀ ਉਮਰ ਦੇ ਬੱਚਿਆਂ ਨੂੰ ਲਾਜ਼ਮੀ ਟੀਕੇ ਲਗਾਏ ਗਏ।

ਕੈਂਪ ਦੀ ਪੂਰੀ ਵਿਵਸਥਾ ਹੈਲਥ ਸੁਪਰਵਾਈਜ਼ਰ ਗੁਰਜੀਤ ਕੌਰ, ਹੈਲਥ ਵਰਕਰ ਸਤਵਿੰਦਰ ਕੌਰ, ਹੈਲਥ ਵਰਕਰ ਨਵੀਨ ਕੁਮਾਰ ਅਤੇ ਭਰਤਗੜ੍ਹ ਪਿੰਡ ਦੀ ਆਸ਼ਾ ਵਰਕਰ ਵੱਲੋਂ ਕੀਤੀ ਗਈ। ਕੈਂਪ ਦੌਰਾਨ, ਮਹਿਲਾਵਾਂ ਨੂੰ ਗਰਭ ਅਵਸਥਾ, ਬੱਚਿਆਂ ਦੀ ਸਿਹਤ ਸੰਭਾਲ, ਅਤੇ ਪੋਸ਼ਣ ਬਾਰੇ ਜਾਣਕਾਰੀ ਦਿੱਤੀ ਗਈ।

ਸਿਨੀਅਰ ਮੈਡੀਕਲ ਅਫਸਰ ਡਾ. ਆਨੰਦ ਘਈ ਨੇ ਕਿਹਾ ਕਿ ਮਾਤਾਵਾਂ ਅਤੇ ਬੱਚਿਆਂ ਦੀ ਸਿਹਤ ਸਾਡੀ ਪ੍ਰਾਥਮਿਕਤਾ ਹੈ। ਮਮਤਾ ਦਿਵਸ ਵਰਗੀਆਂ ਪਹਿਲਕਦਮੀਆਂ ਦੇ ਜਰੀਏ ਅਸੀਂ ਯਕੀਨੀ ਬਣਾਉਂਦੇ ਹਾਂ ਕਿ ਹਰ ਮਾਂ ਅਤੇ ਬੱਚੇ ਨੂੰ ਲਾਜ਼ਮੀ ਟੀਕਾਕਰਨ ਅਤੇ ਸਿਹਤ ਸੇਵਾਵਾਂ ਮਿਲਣ।

ਬਲਾਕ ਐਕਸਟੈਂਸ਼ਨ ਐਜੁਕੇਟਰ ਸਾਹਿਲ ਸੁਖੇਰਾ ਨੇ ਵੀ ਆਪਣੀ ਰਾਏ ਦਿੰਦਿਆਂ ਕਿਹਾ ਕਿ ਸਿਹਤਮੰਦ ਭਵਿੱਖ ਲਈ ਟੀਕਾਕਰਨ ਬਹੁਤ ਜ਼ਰੂਰੀ ਹੈ। ਲੋਕਾਂ ਨੂੰ ਚਾਹੀਦਾ ਹੈ ਕਿ ਉਹ ਸਮੇਂ-ਸਿਰ ਟੀਕਾਕਰਨ ਕਰਵਾਉਣ ਅਤੇ ਸਿਹਤ ਸੇਵਾਵਾਂ ਬਾਰੇ ਵਧੇਰੇ ਜਾਣਕਾਰੀ ਲੈਣ।

ਇਸ ਮੌਕੇ ‘ਤੇ ਪੀ.ਐਨ.ਡੀ.ਟੀ. (ਪ੍ਰੀ-ਨੇਟਲ ਡਾਇਗਨੌਸਟਿਕ ਟੈਕਨਿਕਸ) ਐਕਟ ਬਾਰੇ ਵੀ ਜਾਗਰੂਕਤਾ ਫੈਲਾਈ ਗਈ। ਮਹਿਲਾਵਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਦੱਸਿਆ ਗਿਆ ਕਿ ਲਿੰਗ ਚੈੱਕ ਕਰਵਾਉਣਾ ਕਾਨੂੰਨੀ ਅਪਰਾਧ ਹੈ, ਅਤੇ ਇਸ ਸੰਬੰਧੀ ਉਲੰਘਣਾ ਕਰਨ ‘ਤੇ ਕਾਨੂੰਨੀ ਕਾਰਵਾਈ ਹੋ ਸਕਦੀ ਹੈ। ਸਿਹਤ ਵਿਭਾਗ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਬੇਹੱਦ ਮਹੱਤਵਪੂਰਨ ਕਾਨੂੰਨ ਦੀ ਪੂਰੀ ਪਾਲਨਾ ਕਰਨ ਅਤੇ ਲਿੰਗ ਚੈੱਕ ਖਿਲਾਫ ਜਾਗਰੂਕ ਰਹਿਣ।

ਇਸ ਕੈਂਪ ਵਿੱਚ ਆਸ਼ਾ ਵਰਕਰਾਂ, ਆਂਗਣਵਾੜੀ ਕਰਮਚਾਰੀਆਂ ਅਤੇ ਸਿਹਤ ਵਿਭਾਗ ਦੇ ਕਰਮਚਾਰੀਆਂ ਨੇ ਸਰਗਰਮ ਹਿੱਸਾ ਲਿਆ। ਸਿਹਤ ਵਿਭਾਗ ਨੇ ਮਾਤਾਵਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਦੀ ਸਿਹਤ ਦੀ ਰੱਖਿਆ ਲਈ ਟੀਕਾਕਰਨ ਦੀ ਸਮੇਂ-ਸਿਰ ਪੂਰੀ ਕਰਵਾਉਣ ਅਤੇ ਮਮਤਾ ਦਿਵਸ ਜਿਹੀਆਂ ਯੋਜਨਾਵਾਂ ਦਾ ਲਾਭ ਲੈਣ।

# ਦਰਸ਼ਨ ਸਿੰਘ ਬਰੇਟਾ ਦੇ ਮਿੰਨੀ ਕਹਾਣੀ ਸੰਗ੍ਰਹਿ ‘ਰੂਹ ਦੀਆਂ ਤੰਦਾਂ’ ਤੇ ਪੁਸਤਕ ਸੰਵਾਦ ਸਮਾਗਮ ਆਯੋਜਿਤ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com



ਬਰੇਟਾ 1 ਅਪ੍ਰੈਲ : ਸਥਾਨਕ ਸਾਹਿਤ ਤੇ ਕਲਾ ਮੰਚ ਪੰਜਾਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਰਜਿ. ਅਤੇ ਪ੍ਰਗਤੀਸ਼ੀਲ ਲੇਖਕ ਸੰਘ ਜ਼ਿਲ੍ਹਾ ਇਕਾਈ ਮਾਨਸਾ ਦੇ ਸਹਿਯੋਗ ਨਾਲ ਪ੍ਰਿੰਸੀਪਲ ਦਰਸ਼ਨ ਸਿੰਘ ਬਰੇਟਾ ਦੇ ਨਵ ਪ੍ਰਕਾਸ਼ਿਤ ਮਿੰਨੀ ਕਹਾਣੀ ਸੰਗ੍ਰਹਿ ‘ਰੂਹ ਦੀਆਂ ਤੰਦਾਂ’ ਉੱਪਰ ਪੁਸਤਕ ਸੰਵਾਦ ਸਮਾਗਮ ਸਥਾਨਕ ਸ੍ਰ. ਮਿਲਖਾ ਸਿੰਘ ਐਜੂਕੇਸ਼ਨਲ ਇੰਸਟੀਚਿਊਟ ਵਿਚ ਆਯੋਜਿਤ ਕੀਤਾ ਗਿਆ। ਸਮਾਗਮ ਦੇ ਪ੍ਰਧਾਨਗੀ ਮੰਡਲ ਵਿਚ ਆਲੋਚਕ ਅਤੇ ਵਿਦਵਾਨ ਨਿਰੰਜਣ ਬੋਹਾ, ਪ੍ਰਗਤੀਸ਼ੀਲ ਲੇਖਕ ਸੰਘ ਦੇ ਸੂਬਾ ਸਕੱਤਰ ਡਾ. ਕੁਲਦੀਪ ਸਿੰਘ ਦੀਪ, ਲੋਕ ਚੇਤਨਾ ਮੰਚ ਰਤੀਆ ਦੇ ਪ੍ਰਧਾਨ ਡਾ. ਨਾਇਬ ਸਿੰਘ ਮੰਡੇਰ, ਐਸੋਸੀਏਟ ਮੈਂਬਰ ਪੰਜਾਬ ਸਾਹਿਤ ਅਕਾਦਮੀ ਚੰਡੀਗੜ ਪ੍ਰੋਫੈਸਰ ਗੁਰਦੀਪ ਸਿੰਘ ਢਿੱਲੋਂ, ਡਾ. ਹਰਪ੍ਰੀਤ ਸਿੰਘ ਰਾਣਾ, ਪ੍ਰਧਾਨ ਕੇਂਦਰੀ ਮਿੰਨੀ ਕਹਾਣੀ ਲੇਖਕ ਮੰਚ ਪਟਿਆਲਾ, ਕਾਲਜ ਪ੍ਰਿੰਸੀਪਲ ਡਾ. ਹਰੀ ਕ੍ਰਿਸ਼ਨ , ਸਾਹਿਤ ਅਕਾਦਮੀ ਅਨੁਵਾਦ ਪੁਰਸਕਾਰ ਵਿਜੇਤਾ ਜਗਦੀਸ਼ ਕੁਲਰੀਆਂ ਅਤੇ ਪੁਸਤਕ ਦੇ ਲੇਖਕ ਦਰਸ਼ਨ ਸਿੰਘ ਬਰੇਟਾ ਸ਼ਾਮਿਲ ਹੋਏ। ਸਮਾਗਮ ਦੀ ਸ਼ੁਰੂਆਤ ਵਿਛੜੇ ਪੰਜਾਬੀ ਦੇ ਪ੍ਰਸਿੱਧ ਕਹਾਣੀਕਾਰ ਪ੍ਰੇਮ ਪ੍ਰਕਾਸ਼, ਆਲੋਚਕ ਅਤੇ ਚਿੰਤਕ ਡਾ. ਹਰਜਿੰਦਰ ਸਿੰਘ ਅਟਵਾਲ, ਸਾਹਿਤਕਾਰ ਮਨਜ਼ੂਰ ਏਜ਼ਾਜ਼ ਨੂੰ ਸ਼ਰਧਾਜ਼ਲੀ ਭੇਂਟ ਕੀਤੀ ਗਈ। ਇਸ ਤੋਂ ਬਾਅਦ ਮੰਚ ਦੇ ਪ੍ਰਧਾਨ ਡਾ. ਭਵਾਨੀ ਸ਼ੰਕਰ ਗਰਗ ਨੇ ਮਹਰੂਮ ਸ਼ਾਇਰ ਸੁਰਜੀਤ ਪਾਤਰ ਦੀ ਗਜ਼ਲ ‘ਜੇ ਆਈ ਪਤਝੜ ਤਾਂ ਫੇਰ ਕੀ ਐ..’ ਤਰੰਨਮ ਵਿਚ ਕੀਤੀ ਪੇਸ਼ਕਾਰੀ ਨਾਲ ਸਮਾਗਮ ਦੀ ਰਸਮੀ ਸ਼ੁਰੂਆਤ ਕੀਤੀ। ਮੰਚ ਦੇ ਸੀਨੀਅਰ ਮੀਤ ਪ੍ਰਧਾਨ ਸਰਦੂਲ ਸਿੰਘ ਚਹਿਲ ਨੇ ਬਾਹਰੋਂ ਆਏ ਲੇਖਕਾਂ ਨੂੰ ਜੀ ਆਇਆ ਕਹਿੰਦਿਆਂ ਮੰਚ ਦੀਆਂ ਗਤੀਵਿਧੀਆਂ ਬਾਰੇ ਚਾਨਣਾ ਪਾਇਆ। ਇਸ ਉਪਰੰਤ ਪ੍ਰੋ. ਗੁਰਦੀਪ ਸਿੰਘ ਢਿਲੋਂ ਨੇ ਕਿਤਾਬ ਤੇ ਆਪਣਾ ਖੋਜ ਪੱਤਰ ਪੜ੍ਹਦਿਆ ਕਿਹਾ ਕਿ ਦਰਸ਼ਨ ਬਰੇਟਾ ਦੀਆਂ ਮਿੰਨੀ ਕਹਾਣੀਆਂ ਪੰਜਾਬ ਦੀ ਰਹਿਤਲ ਨਾਲ ਜੁੜੀਆਂ ਹੋਈਆਂ ਹਨ ਅਤੇ ਲੇਖਕ ਇਕ ਚੰਗਾ ਤੇ ਸਿਹਤਮੰਦ ਸਮਾਜ ਸਿਰਜਣ ਦਾ ਚਾਹਵਾਨ ਹੈ। ਉਨਾਂ ਨੇ ਇਸ ਕਿਤਾਬ ਦੀਆਂ ਮਿੰਨੀ ਕਹਾਣੀਆਂ ਨੂੰ ਵਿਸ਼ਵੀ ਚਿੰਤਨ ਦੇ ਹਵਾਲੇ ਨਾਲ ਪੜਚੋਲਿਆ। ਇਸ ਪੇਪਰ ਤੇ ਬਹਿਸ ਦਾ ਆਰੰਭ ਡਾ. ਹਰਪ੍ਰੀਤ ਸਿੰਘ ਰਾਣਾ ਨੇ ਕੀਤਾ। ਉਨਾਂ ਨੇ ਕਿਹਾ ਕਿ ਰੂਹ ਦੀਆਂ ਤੰਦਾਂ ਦੀਆਂ ਮਿੰਨੀ ਕਹਾਣੀਆਂ ਸਾਡੇ ਸਮਾਜਿਕ ਪਰਿਪੇਖ ਅਤੇ ਆਲੇ ਦੁਆਲੇ ਨੂੰ ਬਾਖੂਬੀ ਚਿਤਰਦੀਆਂ ਹਨ। ਡਾ. ਬਿਕਰਜੀਤ ਸਾਧੂਵਾਲਾ ਨੇ ਵਿਸਥਾਰ ਵਿਚ ਕਿਤਾਬ ਦੇ ਵਿਸ਼ਾ ਪੱਖ ਨੂੰ ਉਘਾੜਦਿਆਂ ਕਿਹਾ ਕਿ ਇਹ ਰਚਨਾਵਾਂ ਨਿਰਾਸ਼ ਨਹੀਂ ਕਰਦੀਆਂ, ਬਲਕਿ ਇਕ ਚੰਗੇਰਾ ਰਾਹ ਦਰਸਾਉਂਦੀਆਂ ਹਨ। ਡਾ. ਨਾਇਬ ਸਿੰਘ ਮੰਡੇਰ ਨੇ ਕਿਹਾ ਕਿ ਅਜੋਕੇ ਦੌਰ ਦੀ ਮਿੰਨੀ ਕਹਾਣੀ ਜਿਹੜੀਆਂ ਪੁਲਾਘਾਂ ਪੁੱਟ ਰਹੀ ਹੈ, ਉਸਦਾ ਨਮੂਨਾ ਇਸ ਪੁਸਤਕ ਵਿਚੋਂ ਦੇਖਿਆ ਜਾ ਸਕਦਾ ਹੈ। ਡਾ. ਕੁਲਦੀਪ ਸਿੰਘ ਦੀਪ ਨੇ ਇਸ ਪੁਸਤਕ ਦੀਆਂ ਸਮੁੱਚੀਆਂ ਰਚਨਾਵਾਂ ਦੀ ਘੋਖਵੀਂ ਪੜਚੋਲ ਕਰਦਿਆਂ ਕਿਹਾ ਕਿ ਭਾਵੇਂ ਇਹ ਰਚਨਾਵਾਂ ਇਕ ਆਦਰਸ਼ ਸਿਰਜਦੀਆਂ ਹਨ, ਪਰ ਵਰਤਾਰੇ ਦੇ ਪਿੱਛੇ ਪਏ ਹੋਰ ਕਾਰਨਾਂ ਨੂੰ ਵੀ ਡੂੰਘਾਈ ਨਾਲ ਫੜਨਾ ਚਾਹੀਦਾ ਹੈ ਤਾਂ ਕਿ ਪਾਠਕ ਨੂੰ ਹੋਰ ਵਧੇਰੇ ਚੇਤੰਨ ਕੀਤਾ ਜਾ ਸਕੇ। ਨਿਰੰਜਣ ਬੋਹਾ ਨੇ ਕਿਹਾ ਕਿ ਦਰਸ਼ਨ ਬਰੇਟਾ ਇਕ ਚੰਗਾ ਮਨੁੱਖ ਹੈ। ਇਸ ਦੀਆਂ ਕਹਾਣੀਆਂ ਵਿਅਕਤੀ ਦੀ ਨਹੀਂ ਮਨੁੱਖਾਂ ਦੀ ਗੱਲ ਕਰਦੀਆਂ ਹਨ। ਨੈਤਿਕਤਾ ਪੱਖੋਂ ਮਜ਼ਬੂਤ ਅਜਿਹੀਆਂ ਰਚਨਾਵਾਂ ਦੀ ਸਮਾਜ ਨੂੰ ਸਖਤ ਲੋੜ ਹੈ। ਦਰਸ਼ਨ ਸਿੰਘ ਬਰੇਟਾ ਨੇ ਕਿ ਉਹ ਇਸ ਚਰਚਾ ਵਿਚੋਂ ਆਏ ਸੁਝਾਵਾਂ ਨੂੰ ਆਪਣੀਆਂ ਅਗਲੀਆਂ ਰਚਨਾਵਾਂ ਵਿਚ ਅਪਣਾਉਣ ਦੀ ਕੋਸ਼ਿਸ਼ ਕਰਨਗੇ। ਚਰਚਾ ਵਿਚ ਦਸੌਂਦਾ ਸਿੰਘ ਬਹਾਦਰਪੁਰ, ਅਸ਼ਵਨੀ ਖੁਡਾਲ, ਐਡਵੋਕੇਟ ਗੁਰਵਿੰਦਰ ਸਿੰਘ ਖੱਤਰੀਵਾਲਾ, ਦਵਿੰਦਰ ਪਟਿਆਲਵੀ, ਅਜੈਬ ਸਿੰਘ ਬਹਾਦਰਪੁਰ, ਪ੍ਰੋ. ਗੁਰਜੀਤ ਸਿੰਘ, ਗੁਰਨੈਬ ਸਿੰਘ ਮੰਘਾਣੀਆਂ, ਲੈਕ ਪਰਮਿੰਦਰ ਕਟੌਦੀਆਂ,ਕੁਲਜੀਤ ਪਾਠਕ, ਗੁਲਾਬ ਸਿੰਘ, ਅਵਤਾਰ ਜਲਵੇੜਾ, ਜਗਦੇਵ ਸਿੰਘ, ਕ੍ਰਿਸ਼ਨ ਗੋਇਲ, ਕ੍ਰਿਸ਼ਨ ਸਿੰਘ ਰੰਘੜਿਆਲ ਅਤੇ ਕਾਲਜ ਦੇ ਸਮੂੰਹ ਸਟਾਫ ਅਤੇ ਵਿਦਿਆਰਥੀਆਂ ਨੇ ਵੀ ਹਿੱਸਾ ਲਿਆ। ਮੰਚ ਵੱਲੋਂ ਰਾਜ ਅਧਿਆਪਕ ਪੁਰਸਕਾਰ ਵਿਜੇਤਾ ਮਹਿੰਦਰ ਪਾਲ ਬਰੇਟਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਪ੍ਰਿੰਸੀਪਲ ਡਾ. ਹਰੀ ਕ੍ਰਿਸ਼ਨ ਨੇ ਸਭਨਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਕਾਲਜ ਵਿਚ ਭਵਿੱਖ ਵਿਚ ਵੀ ਅਜਿਹੇ ਸਮਾਗਮ ਆਯੋਜਿਤ ਕਰਵਾਉਂਦੇ ਰਹਿਣਗੇ।

# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਅੰਕ ਲਈ ਰਚਨਾਵਾਂ ਦੀ ਮੰਗ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com

ਬਠਿੰਡਾ, 2 ਅਪ੍ਰੈਲ (ਅੰਗਰੇਜ ਸਿੰਘ ਵਿੱਕੀ)- ਜ਼ਿਲ੍ਹਾ ਭਾਸ਼ਾ ਅਫ਼ਸਰ ਕੀਰਤੀ ਕਿਰਪਾਲ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਭਾਸ਼ਾ ਵਿਭਾਗ ਪੰਜਾਬ ਵੱਲੋਂ ਪ੍ਰਕਾਸ਼ਿਤ ਕੀਤੇ ਜਾ ਰਹੇ ‘ਜਨ ਸਾਹਿਤ’ ਰਸਾਲੇ ਦੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਅੰਕ ਮਹੀਨਾ ਅਪ੍ਰੈਲ ਤੋਂ ਜੂਨ 2025 ਲਈ ਜ਼ਿਲ੍ਹੇ ਦੇ ਸਮੂਹ ਲੇਖਕ ਸਾਹਿਬਾਨਾਂ ਪਾਸੋਂ ਉਕਤ ਵਿਸ਼ੇਸ਼ ਅੰਕ ਵਿੱਚ ਭਾਗੀਦਾਰੀ ਲਾਜ਼ਮੀ ਬਣਾਉਣ ਹਿਤ ਰਚਨਾਵਾਂ ਦੀ ਮੰਗ ਕੀਤੀ ਗਈ ਹੈ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨਾਲ ਸਬੰਧਿਤ ਕਿਸੇ ਵੀ ਵਿਧਾ ਦੀਆਂ ਰਚਨਾਵਾਂ ਵਿਭਾਗੀ ਪਤੇ ਜਾਂ ਈਮੇਲ punjabiras-ala.pblanguages@gmail.com ’ਤੇ ਭੇਜੀਆਂ ਜਾ ਸਕਦੀਆਂ ਹਨ ।ਉਨ੍ਹਾਂ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਰਚਨਾ ਭੇਜਣ ਸਮੇਂ ਲੇਖਕ ਵੱਲੋਂ ਮੌਲਿਕ ਅਤੇ ਅਣ-ਪ੍ਰਕਾਸ਼ਿਤ ਰਚਨਾ ਹੋਣ ਸਬੰਧੀ ਤਸਦੀਕ ਕਰਨ ਉਪਰੰਤ ਆਪਣਾ ਪੂਰਾ ਪਤਾ ਸਮੇਤ ਮੋਬਾਇਲ ਨੰਬਰ ਵੀ ਦਰਜ ਕੀਤਾ ਜਾਣਾ ਲਾਜ਼ਮੀ



ਹੈ। ਵਧੇਰੇ ਜਾਣਕਾਰੀ ਲਈ ਰਸਾਲਾ ਵਿਭਾਗ ਦੇ ਸੰਪਾਦਕ ਦੇ ਨੰਬਰ 98159-15902 ’ਤੇ ਦਫ਼ਤਰੀ ਸਮੇਂ ਦੌਰਾਨ ਸੰਪਰਕ ਕੀਤਾ ਜਾ ਸਕਦਾ ਹੈ।

# ਸਰਕਾਰੀ ਸਕੂਲ (ਦਾਖਲਾ ਮੁਹਿੰਮ)

ਲਿਖਤ- ਸ. ਸੁਖਚੈਨ ਸਿੰਘ ਕੁਰੜ (9463551814)
ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੂੰਮ (ਬਰਨਾਲਾ)



ਸਾਰੇ ਜ਼ਿੰਦਗੀ ਦੇ ਸਿੱਖਣ ਅਸੂਲ ਚੱਲੀਏ,
ਆਓ ਬੱਚਿਓ ਸਰਕਾਰੀ ਸਕੂਲ ਚੱਲੀਏ।
ਚੰਗਿਆਂ ਦੀ ਕਰੀਦੀ ਚੰਗੀ ਰੀਸ ਬੱਚਿਓ,
ਲੱਗਣੀ ਨੀ ਥੋੜੀ ਕੋਈ ਇੱਥੇ ਫੀਸ ਬੱਚਿਓ।
ਆਜੋ ਦਾਖਲਾ ਕਰਾਓ ਤੇ ਪੜ੍ਹਾਈ ਕਰੀਏ,
ਸਮੇਂ ਦੇ ਪਾਬੰਦ ਲੈਕੇ ਆਪਾਂ ਰੂਲ ਚੱਲੀਏ।
ਆਓ ਬੱਚਿਓ ਸਰਕਾਰੀ ਸਕੂਲ ਚੱਲੀਏ।
ਸਿਹਤ ਦਾ ਖ਼ਿਆਲ ਚੰਗਾ ਖਾਣ ਮਿਲੂਗਾ
ਮੁਫ਼ਤ ਕਿਤਾਬਾਂ ਨਾਲ ਉੱਚਾ ਗਿਆਨ ਮਿਲੂਗਾ।
ਮਿਲੇ ਸਰਕਾਰ ਵੱਲੋਂ ਮੁਫ਼ਤ 'ਚ ਵਰਦੀ,
ਪਾਕੇ ਆੜੀਆਂ ਦੇ ਨਾਲ ਝੂਲ-ਝੂਲ ਚੱਲੀਏ।
ਆਓ ਬੱਚਿਓ ਸਰਕਾਰੀ ਸਕੂਲ ਚੱਲੀਏ।
ਪੜ੍ਹਾਈ ਨਾਲ ਖੇਡਾਂ ਤੇ ਟੂਰ ਵੀ ਘੁੰਮਾਉਂਦੇ ਨੇ,
ਸਾਰੇ ਅਧਿਆਪਕ ਪਿਆਰ ਨਾਲ ਪੜ੍ਹਾਉਂਦੇ ਨੇ।
ਨਵੀਂ ਜਮਾਤ ਵਿੱਚ ਹੁਣ ਵੱਧ ਕਰਨੀ ਪੜ੍ਹਾਈ,
ਘਰੇ ਛੱਡ ਕੇ ਬਹਾਨੇ ਸਭ ਫਜ਼ੂਲ ਚੱਲੀਏ।
ਆਓ ਬੱਚਿਓ ਸਰਕਾਰੀ ਸਕੂਲ ਚੱਲੀਏ।
ਬਾਹਰ ਜਾਣ ਦੀ ਹੁਣੇ ਹੀ ਲੱਗੀ ਏ ਬਿਮਾਰੀ,
ਇੱਥੋਂ ਪੜ੍ਹੇ ਲੱਗੇ ਪਹਿਲਾਂ ਵੱਡੇ ਅਫ਼ਸਰ ਸਰਕਾਰੀ।
ਚੰਗੇ ਭਵਿੱਖ ਲਈ ਇੱਥੇ ਕਰ ਮਿਹਨਤਾਂ,
ਉਹਦਾ ਵਿਆਜ਼ ਸਮੇਤ ਲੈਕੇ ਮੂਲ ਚੱਲੀਏ।
ਆਓ ਬੱਚਿਓ ਸਰਕਾਰੀ ਸਕੂਲ ਚੱਲੀਏ।
ਇੰਗਲਿਸ਼ ਵਿੱਚ ਵੀ ਇੱਥੇ ਹੁੰਦੀ ਏ ਪੜ੍ਹਾਈ,
ਪਰ ਆਪਣੀ ਬੋਲੀ ਵੀ ਨਹੀਂ ਕਰਨੀ ਪਰਾਈ।
ਸੁਖਚੈਨ ਸਿੰਘ ਮਾਸਟਰ ਕੋਲੋਂ ਲੈਕੇ ਹੱਲਾਸ਼ੇਰੀ,
ਨਾਲ ਸਮੇਂ ਦੇ ਹੋ ਕੇ ਆਪਾਂ ਅਨੁਕੂਲ ਚੱਲੀਏ।
ਆਓ ਬੱਚਿਓ ਸਰਕਾਰੀ ਸਕੂਲ ਚੱਲੀਏ।

# ਵਾਰਡ ਨਿਵਾਸੀਆਂ ਨੂੰ ਬੱਚਿਆਂ ਦੀ ਸ਼ਾਦੀ ਬਾਲਗ ਹੋਣ ਤੋਂ ਬਾਅਦ ਕਰਨ ਤੇ ਭਰੂਣ ਹੱਤਿਆ ਸਬੰਧੀ ਕੀਤਾ ਜਾਗਰੂਕ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 02 ਅਪ੍ਰੈਲ
INTERNATIONAL PAPER, 9463601616
hardipchumber57@gmail.com







ਲੌਂਗੋਵਾਲ,2 ਅਪ੍ਰੈਲ (ਜਗਸੀਰ ਸਿੰਘ)- ਮਾਨਯੋਗ ਸੀਡੀਪੀਓ ਸੰਗਰੂਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਥਾਨਕ ਆਂਗਣਵਾੜੀ ਵਾਰਡ ਨੰਬਰ - 2 ਦੇ ਆਂਗਨਵਾੜੀ ਮੈਡਮ ਜਸਵੀਰ ਕੌਰ ਅਤੇ ਹੈਲਪਰ ਬਲਜੀਤ ਕੌਰ ਦੀ ਅਗਵਾਈ ਹੇਠ ਵਾਰਡ ਦੇ ਪਤਵੰਤੇ ,ਆਮ ਲੋਕਾਂ ਅਤੇ ਮਹਿਲਾਵਾਂ ਨੂੰ ਬੱਚਿਆਂ ਦੀ ਬਾਲਗ ਹੋਣ ਤੋਂ ਬਾਅਦ ਸ਼ਾਦੀ ਕਰਨ ਤੇ ਭਰੂਣ ਹੱਤਿਆ ਤੇ ਸਬੰਧੀ ਜਾਗਰੂਕ ਕੀਤਾ ਗਿਆ । ਇਸ ਮੌਕੇ ਆਂਗਣਵਾੜੀ ਸੈਂਟਰ ਦੇ ਇੰਚਾਰਜ ਮੈਡਮ ਜਸਵੀਰ ਕੌਰ ਨੇ ਜਾਣਕਾਰੀ ਦਿੱਤੀ ਬੱਚਿਆਂ ਦੀ ਸਾਦੀ 18 ਸਾਲਾਂ ਤੋਂ ਬਾਅਦ ਬਾਲਗ ਹੋਣ ਸਮੇਂ ਹੀ ਕੀਤੀ ਜਾਣੀ ਚਾਹੀਦੀ ਹੈ, ਪਹਿਲਾਂ ਸਾਦੀ ਕਰਨਾ ਅਪਰਾਧ ਹੈ ਤੇ ਸਾਨੂੰ ਭਰੂਣ ਹੱਤਿਆ ਵੀ ਨਹੀਂ ਕਰਨੀ ਚਾਹੀਦੀ ਇਸ ਸਬੰਧੀ ਸਰਕਾਰ ਦੀਆਂ ਹਦਾਇਤਾਂ ਨੂੰ ਮੰਨਿਆ ਜਾਵੇ ਅਤੇ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਜਾਵੇ। ਇਸ ਮੌਕੇ ਕਾਂਗਰਸ ਦੇ ਸੀਨੀਅਰ ਆਗੂ ਗੁਰਮੇਲ ਸਿੰਘ ਚੇਟੀਆਂ ਨੇ ਕਿਹਾ ਮੈਡਮ ਜਸਵੀਰ ਕੌਰ ਦੀ ਅਗਵਾਈ ਹੇਠ ਵਾਰਡ ਦਾ ਇਹ ਸੈਂਟਰ ਬਹੁਤ ਹੀ ਵਧੀਆ ਤਰੀਕੇ ਨਾਲ ਚੱਲ ਰਿਹਾ ਹੈ ਅਤੇਤੇਥੇ ਬੱਚਿਆਂ ਨੂੰ ਪੂਰੀ ਸਹੂਲਤ ਦਿੱਤੀ ਜਾ ਰਹੀ ਹੈ। ਉਹਨਾਂ ਆਪਣੇ ਭਾਸਣ ਦੌਰਾਨ ਕਿਹਾ ਕਿ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਵਿਆਹ ਨਹੀਂ ਚਾਹੀਦਾ ਕਿਉਂਕਿ ਇਸ ਸਬੰਧੀ ਸਰਕਾਰ ਵੱਲੋਂ ਬਹੁਤ ਸਖਤ ਹਦਾਇਤਾਂ ਹਨ ,ਜੇਕਰ ਕੋਈ ਇਸ ਦੀ ਉਲੰਘਣਾ ਕਰਦਾ ਹੈ ਤਾਂ ਉਸਨੂੰ ਕਾਨੂੰਨ ਅਨੁਸਾਰ ਸਖਤ ਤੋਂ ਸਖਤ ਸਜ਼ਾ ਦਿੱਤੀ ਜਾਵੇਗੀ। ਇਸ ਮੌਕੇ ਵਾਰਡ 2 ਦੇ ਕੌਂਸਲਰ ਬਲਵਿੰਦਰ ਸਿੰਘ ਕਾਲਾ ਨੇ ਆਂਗਣਵਾੜੀ ਸੈਂਟਰ ਇੰਚਾਰਜ ਮੈਡਮ ਜਸਵੀਰ ਕੌਰ ਦਾ ਵੱਡਮੁਲੀ ਜਾਣਕਾਰੀ ਦੇਣ ਲਈ ਧੰਨਵਾਦ ਕੀਤਾ। ਇਸ ਸਮੇਂ ਨਗਰ ਕੌਂਸਲ ਲੌਂਗੋਵਾਲ ਦੇ ਸਾਬਕਾ ਮੀਤ ਪ੍ਰਧਾਨ ਅਤੇ ਮੌਜੂਦਾ ਕੌਂਸਲਰ ਨਸੀਬ ਕੌਰ ਚੇਟੀਆਂ, ਪ੍ਰੈਸ ਕਲੱਬ ਲੌਂਗੋਵਾਲ ( ਰਜਿ: ) ਦੇ ਪ੍ਰਧਾਨ ਜਗਸੀਰ ਸਿੰਘ, ਸੀਨੀਅਰ ਮੀਤ ਪ੍ਰਧਾਨ ਜੁੰਮਾ ਸਿੰਘ ਲੌਂਗੋਵਾਲ, ਫੌਜੀ ਗੁਰਦੇਵ ਸਿੰਘ, ਜਸਪ੍ਰੀਤ ਸਿੰਘ ਜੱਸੀ, ਕਾਲਾ ਸਿੰਘ ਵਾਰਡ ਦੀਆਂ ਮਹਿਲਾਵਾਂ ਅਤੇ ਬੱਚੇ ਹਾਜ਼ਰ ਸਨ।

# ਮਜੀਠੀਆ ਦੀ ਸੁਰੱਖਿਆ ਨੂੰ ਲੈ ਕੇ ਅਕਾਲੀ, ਭਾਜਪਾ ਤੇ ਕਾਂਗਰਸੀ ਚਿੰਤਤ: ਹਰਪਾਲ ਸਿੰਘ ਚੀਮਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 02 ਅਪ੍ਰੈਲ
INTERNATIONAL PAPER, 9463601616
hardipchumber57@gmail.com



ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੇ ਪਸਾਰ ਲਈ ਸ਼੍ਰੋਮਣੀ ਅਕਾਲੀ ਦਲ ਤੇ ਭਾਜਪਾ ਗਠਜੋੜ ਦੀ ਸਰਕਾਰ ਜ਼ਿੰਮੇਵਾਰ ਹੈ। ਸ਼੍ਰੋਮਣੀ ਅਕਾਲੀ ਦਲ-ਭਾਜਪਾ ਦੀ ਸਰਕਾਰ ਸਮੇਂ ਹੀ ਪੰਜਾਬ ਵਿੱਚ ਨਸ਼ਿਆਂ ਨੇ ਆਪਣੇ ਪੈਰ ਪਸਾਰੇ ਤੇ ਨਸ਼ਿਆਂ ਦੀ ਭਰਭੂਰ ਸਪਲਾਈ ਹੁੰਦੀ ਰਹੀ ਹੈ ਅਤੇ ਉਸ ਸਮੇ ਅਕਾਲੀ ਦਲ ਦੇ ਨੇਤਾਵਾਂ ਨੂੰ ਭਾਰੀ ਸੁਰੱਖਿਆ ਦਿੱਤੀਆਂ ਗਈਆਂ ਹਨ। ਸ੍ਰੀ ਚੀਮਾ ਨੇ ਕਿਹਾ ਕਿ ਅੱਜ ਪੰਜਾਬ ਵਿੱਚ 'ਆਪ' ਸਰਕਾਰ ਨਸ਼ਾ ਮਾਫੀਆ ਤੇ ਨਸ਼ਾ ਤਸਕਰਾਂ ਦਾ ਖਾਤਮਾ ਕਰਨ ਲਈ ਲੜਾਈ ਲੜ ਰਹੀ ਹੈ। ਇਸੇ ਦੌਰਾਨ ਜਦੋਂ ਇਕ ਵਿਅਕਤੀ ਦੀ ਸੁਰੱਖਿਆ ਘਟਾਈ ਗਈ ਤਾਂ ਸ਼੍ਰੋਮਣੀ ਅਕਾਲੀ ਦਲ, ਭਾਜਪਾ ਤੇ ਕਾਂਗਰਸੀ ਬਹੁਤ ਹੀ ਚਿੰਤਤ ਦਿਖਾਈ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਸਿਆਸੀ ਪਾਰਟੀਆਂ ਦੇ ਆਗੂ ਨਸ਼ਿਆਂ ਬਾਰੇ ਕੋਈ ਗੱਲ ਨਹੀਂ ਕਰ ਰਹੇ ਹਨ, ਪਰ ਦੂਜੇ ਪਾਸੇ ਜਿਹੜੇ ਨਸ਼ਾ ਵੇਚਦੇ ਰਹੇ ਹਨ ਉਸ ਬਾਰੇ ਬੋਲ ਰਹੇ ਹਨ। ਪੰਜਾਬ ਦੇ ਵਿੱਤ ਮੰਤਰੀ ਨੇ ਕਿਹਾ ਕਿ ਨਸ਼ਾ ਤਸਕਰੀ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ। 'ਆਪ' ਸਰਕਾਰ ਨਸ਼ਿਆਂ ਦੀ ਭੇਟ ਚੜ੍ਹ ਚੁੱਕੇ ਨੌਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਇਨਸਾਫ਼ ਦਵਾ ਕੇ ਰਹੇਗੀ। ਉਨ੍ਹਾਂ ਇਹ ਲੋਕ(ਵਿਰੋਧੀ) ਪੰਜਾਬ ਵਿੱਚੋਂ ਨਸ਼ੇ ਦਾ ਖਾਤਮਾ ਨਹੀਂ ਹੋਣ ਦੇਣਾ ਚਾਹੁੰਦੇ, ਪਰ 'ਆਪ' ਦੀ ਸਰਕਾਰ ਹਰ ਹਾਲ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰਕੇ ਰਹੇਗੀ।

# ਸੰਵਿਧਾਨ ਤੇ ਡਾ ਅੰਬੇਡਕਰ ਵਿਰੋਧੀ ਪੁੰਨੂ ਨੂੰ ਮੋਦੀ ਤੇ ਪੰਜਾਬ ਸਰਕਾਰ ਅਮਰੀਕਾ ਤੋ ਤੁਰੰਤ ਲਿਆਉਣ ਦਾ ਪ੍ਰਬੰਧ ਕਰੇ ਪ੍ਰਵੀਨ ਬੰਗਾ

## ਹਲਕੇ ਵਿੱਚ ਡਾ ਅੰਬੇਡਕਰ ਜੀ ਤੇ ਮਹਾਂਪੁਰਸ਼ਾ ਦੇ ਸਟੈਚੂਆਂ ਦੀ ਸੁਰਖਿਆ ਨੂੰ ਯਕੀਨੀ ਬਣਾਵੇ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 02 ਅਪ੍ਰੈਲ
INTERNATIONAL PAPER, 9463601616
hardipchumber57@gmail.com



ਬੰਗਾ (ਚਰਨਜੀਤ ਸੱਲ੍ਹਾ ) ਪੰਜਾਬ ਵਿੱਚ ਸਮਾਜਿਕ ਭਾਈਚਾਰੇ ਨੂੰ ਲੜਾਉਣ ਦੇ ਖਤਰੇ ਨੂੰ ਮਹਿਸੂਸ ਕਰਦੇ ਹੋਏ ਬਹੁਜਨ ਸਮਾਜ ਪਾਰਟੀ ਦੀ ਲੀਡਰਸ਼ਿਪ ਦਾ ਵਫਦ ਬਸਪਾ ਪੰਜਾਬ ਦੇ ਸੂਬਾਈ ਆਗੂ ਪ੍ਰਵੀਨ ਬੰਗਾ ਜੋਨ ਇੰਚਾਰਜ ਲੁਧਿਆਣਾ ਨਵਾਂਸ਼ਹਿਰ ਦੀ ਅਗਵਾਈ ਵਿੱਚ ਬੰਗਾ ਸਬਡਵੀਜਨ ਦੇ ਐਸ ਡੀ ਐਮ ਤੇ ਬੰਗਾ ਦੇ ਡੀ ਐਸ ਪੀ ਨੂੰ ਮਿਲਿਆ ਫਿਲੋਰ ਦੇ ਪਿੰਡ ਨੰਗਲ ਬਟਾਲਾ ਵਿੱਚ ਡਾ ਅੰਬੇਡਕਰ ਜੀ ਦੇ ਸਟੈਚੂ ਤੇ ਉਨ੍ਹਾਂ ਦੇ ਖਿਲਾਫ਼ ਭਦੀ ਸ਼ਬਦਾਵਲੀ ਲਿਖਣ ਦਾ ਵਿਰੋਧ ਕਰਦੇ ਹੋਏ ਆਖਿਆ ਵਿਦੇਸ਼ ਵਿੱਚ ਬੈਠੇ ਪੁੰਨੂ ਵਰਗੇ ਦੇਸ਼ ਤੇ ਸਮਾਜਿਕ ਭਾਈਚਾਰੇ ਨੂੰ ਤੋੜਨ ਵਾਲੇ ਅਨਸਰਾਂ ਤੇ ਉਨ੍ਹਾਂ ਦੇ ਨੈਟਵਰਕ ਦੇ ਖਿਲਾਫ਼ ਸਖਤ ਕਾਰਵਾਈ ਕਰਨ ਲਈ ਆਖਿਆ ਤੇ ਪੰਜਾਬ ਤੇ ਮੋਦੀ ਸਰਕਾਰ ਅਮਰੀਕਾ ਤੋ ਪੁੰਨੂ ਵਰਗੇ ਦੇਸ਼ ਵਿਰੋ ਨੂੰ ਗ੍ਰਿਫਤਾਰ ਕਰਵਾਉਣ ਦੀ ਤੁਰੰਤ ਕਾਰਵਾਈ ਕਰੇ ਇਸ ਮੋਕੇ ਤੇ ਬਸਪਾ ਆਗੂ ਪ੍ਰਵੀਨ ਬੰਗਾ ਜਿਲਾ ਇੰਚਾਰਜ ਮਨੋਹਰ ਕਮਾਮ, ਜਿਲਾ ਜਨਰਲ ਸਕੱਤਰ ਹਰ ਬਲਾਸ ਬਸਰਾ ਜਿਲਾ ਸਕੱਤਰ ਵਿਜੇ ਕੁਮਾਰ ਗੁਣਾਚੌਰ ਸਾਬਕਾ ਹਲਕਾ ਪ੍ਰਧਾਨ ਜੈ ਪਾਲ ਸੁੰਡਾ, ਜਿਲੇ ਦੇ ਸੀਨੀਅਰ ਆਗੂ ਰੂਪ ਲਾਲ ਧੀਰ ਜੀ ਦੀ ਅਗਵਾਈ ਵਿੱਚ ਪ੍ਰਸ਼ਾਸਨ ਨੂੰ ਬੰਗਾ ਹਲਕੇ ਵਿੱਚ ਸਥਾਪਿਤ ਡਾ ਅੰਬੇਡਕਰ ਜੀ ਤੇ ਹੋਰ ਮਹਾਂਪੁਰਸ਼ ਦੇ ਸਟੈਚੂਆਂ ਵਾਲੇ ਪਿੰਡਾਂ ਦੀ ਲਿਸਟ ਦਿਤੀ ਤੇ ਉਨ੍ਹਾਂ ਦੀ ਸੁਰਖਿਆ ਨੂੰ ਯਕੀਨੀ ਬਣਾਉਣ ਦੀ ਮੰਗ ਕਰਦੇ ਹੋਏ ਆਖਿਆ ਸਥਾਨਿਕ ਅੰਬੇਡਕਰੀਆਂ ਨੂੰ ਦੇਸ਼ ਤੇ ਸਮਾਜ ਵਿਰੋਧੀ ਅਨਸਰਾਂ ਤੋਂ ਸੁਚੇਤ ਹੋਣ ਦੀ ਅਪੀਲ ਕੀਤੀ ਬਸਪਾ ਆਗੂਆਂ ਨੇ ਪੰਜਾਬ ਦੇ ਪ੍ਰਧਾਨ ਡਾ ਅਵਤਾਰ ਸਿੰਘ ਕਰੀਮਪੁਰੀ ਜੀ ਤੇ ਹੋਰਾਂ ਨੂੰ ਪੁੰਨੂ ਵਲੋਂ ਸੋਸ਼ਲ ਮੀਡੀਆ ਤੇ ਧਮਕਾਉਣ ਦੀ ਕਾਰਵਾਈ ਨੂੰ ਗੰਭੀਰਤਾ ਨਾਲ ਦੇਖਦੇ ਹੋਏ ਸੁਰਖਿਆ ਵਧਾਉਣ ਦੀ ਜਰੂਰਤ ਹੈ ਇਸ ਮੋਕੇ ਬਸਪਾ ਆਗੂ ਪ੍ਰਵੀਨ ਬੰਗਾ ਨੇ ਆਖਿਆ ਲੋਕਾਂ ਵਿਚ ਪੁਲੀਸ ਠਾਣਿਆਂ ਦੀ ਮਾੜੀ ਹਾਲਤ ਨੂੰ ਦੇਖਦੇ ਹੋਏ ਲੋਕਾਂ ਵਿੱਚ ਪੁਲੀਸ ਪ੍ਰਸ਼ਾਸਨ ਵਿੱਚ ਸੁਰਖਿਆ ਦੀ ਭਾਵਨਾ ਪੈਦਾ ਕਰਨ ਲਈ ਪੁਲਿਸ ਸਟੇਸ਼ਨਾਂ ਤੇ ਪੁਲੀਸ ਚੌਕੀਆਂ ਵਿੱਚ ਮੁਲਾਜਮਾਂ ਦੀ ਗਿਣਤੀ ਵਧਾਈ ਜਾਵੇ ਬਸਪਾ ਆਗੂਆਂ ਵਲੋਂ ਪੰਜਾਬ ਦੇ ਲੋਕਾਂ ਨੂੰ ਭਾਈਚਾਰਾ ਕਾਇਮ ਰੱਖਣ ਦੀ ਅਪੀਲ ਕੀਤੀ ਇਸ ਮੋਕੇ ਤੇ ਜਿਲਾ ਮਹਿਲਾਂ ਆਗੂ ਰਵਿੰਦਰ ਮਹਿਮੀ ਹਲਕੇ ਦੇ ਉਪ ਪ੍ਰਧਾਨ ਅਸ਼ੋਕ ਕੁਮਾਰ ਸਾਬਕਾ ਸਰਪੰਚ ਖੇਥੜਾਂ, ਗੁਰਦਿਆਲ ਦੋਸਾਂਝ ਰਮੇਸ਼ ਚਕ ਕਲਾਲ, ਮਨਜੀਤ ਸੋਨੂੰ, ਭਲਵਾਨ ਜਗਦੀਸ਼ ਗੁਰੂ ਗੁਣਾਚੌਰ ਦਿਲਾਵਰ ਸਿੰਘ ਸਰਪੰਚ ਪਠਲਾਵਾ ਨੰਬਰਦਾਰ ਚਰਨਜੀਤ ਸਲਾਂ, ਆਦਿ ਹਾਜ ਸਨ

# ਵਿਧਾਇਕ ਬੁੱਧ ਰਾਮ ਨੇ ਅਨਾਜ਼ ਮੰਡੀਆਂ ਵਿੱਚ ਨਵੇਂ ਬਣੇ ਫੜ੍ਹਾਂ ਦਾ ਕੀਤਾ ਉਦਘਾਟਨ

## *ਕਿਸਾਨਾਂ ਦੀਆਂ ਫ਼ਸਲਾਂ ਮਿੱਟੀ ਵਿੱਚ ਨਹੀਂ ਰੁਲਣ ਦਿੱਤੀਆਂ ਜਾਣਗੀਆਂ- ਵਿਧਾਇਕ ਬੁੱਧ ਰਾਮ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 02 ਅਪ੍ਰੈਲ
INTERNATIONAL PAPER, 9463601616
hardipchumber57@gmail.com





ਬੋਹਾ/ਮਾਨਸਾ: 02 ਅਪ੍ਰੈਲ: (ਆਤਮਾ ਸਿੰਘ ਪਮਾਰ) ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਮੇਸ਼ਾ ਸੱਚੇ ਸੁੱਚੇ ਕਿਰਤੀ ਕਿਸਾਨਾਂ ਦੇ ਪੱਖ ਵਿੱਚ ਰਹੀ ਹੈ, ਜਿਸ ਦੀ ਮਿਸਾਲ ਸਾਨੂੰ ਪੰਜਾਬ ਦੀਆਂ ਮੰਡੀਆਂ ਵਿੱਚ ਬਣ ਰਹੇ ਨਵੇਂ ਫੜ੍ਹਾਂ ਤੋਂ ਮਿਲ ਰਹੀ ਹੈ। ਇੰਨਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਬੁਢਲਾਡਾ ਪ੍ਰਿੰਸੀਪਲ ਸ੍ਰੀ ਬੁੱਧ ਰਾਮ ਨੇ ਪਿੰਡ ਟਾਹਲੀਆਂ, ਬੋਹਾ, ਭਖੜਿਆਲ ਦੀਆਂ ਅਨਾਜ ਮੰਡੀਆਂ ਵਿੱਚ ਨਵੇਂ ਬਣੇ ਫੜ੍ਹਾਂ ਦਾ ਉਦਘਾਟਨ ਕਰਨ ਮੌਕੇ ਕੀਤਾ। ਵਿਧਾਇਕ ਬੁੱਧ ਰਾਮ ਨੇ ਕਿਹਾ ਕਿ ਕਿਸਾਨਾਂ ਦੀ ਫਸਲ ਨੂੰ ਕਿਸੇ ਵੀ ਕੀਮਤ 'ਤੇ ਕੱਚੇ ਫੜ੍ਹਾਂ ਦੇ ਵਿੱਚ ਰੁਲਣ ਨਹੀਂ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪਿੰਡਾਂ ਦੇ ਛੱਪੜਾਂ ਦਾ ਨਵੀਨੀਕਰਨ, ਪਿੰਡ ਦੀ ਸਫਾਈ ਅਤੇ ਖੇਡ ਸਟੇਡੀਅਮ ਵੱਲ ਵਿਸ਼ੇਸ਼ ਧਿਆਨ ਦੇ ਰਹੀ ਹੈ। ਉਨ੍ਹਾਂ ਦੱਸਿਆ ਕਿ ਟਾਹਲੀਆਂ ਵਿੱਚ ਲਗਭਗ 43 ਲੱਖ ਰੁਪਏ ਦੀ ਲਾਗਤ ਨਾਲ ਅਨਾਜ਼ ਮੰਡੀ ਵਿੱਚ ਨਵੇਂ ਬਣੇ ਫੜ੍ਹ ਦਾ ਉਦਘਾਟਨ ਕੀਤਾ ਗਿਆ ਹੈ। ਇਸੇ ਤਰ੍ਹਾਂ ਬੋਹਾ ਖੇਤਰ ਦੇ ਕਿਸਾਨਾਂ ਦੀ ਬਾਸਮਤੀ ਫਸਲ ਦੀ ਪੈਦਾਵਾਰ ਨੂੰ ਦੇਖਦੇ ਹੋਏ ਸਥਾਨਕ ਅਨਾਜ਼ ਮੰਡੀ ਵਿੱਚ ਹੋਰ ਨਵੇਂ ਫੜ੍ਹਾਂ ਦੀ ਜ਼ਰੂਰਤ ਸੀ, ਜਿਸ ਨੂੰ ਧਿਆਨ ਵਿੱਚ ਰੱਖਦਿਆਂ 52 ਲੱਖ ਰੁਪਏ ਦੀ ਲਾਗਤ ਨਾਲ ਬੋਹਾ ਅਨਾਜ਼ ਮੰਡੀ ਵਿੱਚ ਨਵੇਂ ਬਣੇ ਫੜ੍ਹ ਦਾ ਉਦਘਾਟਨ ਕੀਤਾ ਅਤੇ 20 ਲੱਖ ਰੁਪਏ ਦੀ ਲਾਗਤ ਨਾਲ ਭਖੜਿਆਲ ਪਿੰਡ ਵਿੱਚ ਮੰਡੀ ਦੇ ਕੱਚੇ ਫੜ ਨੂੰ ਪੱਕਾ ਕੀਤਾ ਗਿਆ ਹੈ।

ਉਨ੍ਹਾਂ ਨਾਲ ਹੀ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਐਲਾਨ ਜੋ ਪੰਜਾਬ ਸਰਕਾਰ ਨੇ ਕੀਤਾ ਹੈ ਉਸ ਤਹਿਤ ਨਸ਼ੇ ਦੇ ਸੌਦਾਗਰਾਂ ਨੂੰ ਪੰਜਾਬ ਵਿੱਚ ਨਹੀਂ ਰਹਿਣ ਦਿੱਤਾ ਜਾਵੇਗਾ। ਲੋਕਾਂ ਦਾ ਫਰਜ਼ ਹੈ ਕਿ ਉਹ ਇਸ ਮੁਹਿੰਮ ਵਿੱਚ ਵੱਧ ਚੜ੍ਹ ਕੇ ਸਰਕਾਰ ਦਾ ਸਾਥ ਦੇਣ।

ਇਸ ਮੌਕੇ ਮੰਡੀਕਰਨ ਬੋਰਡ ਦੇ ਐਕਸੀਅਨ ਵਿਪਨ ਕੁਮਾਰ, ਐੱਸ.ਡੀ.ਓ ਕਰਮਜੀਤ ਸਿੰਘ, ਮਾਰਕੀਟ ਕਮੇਟੀ ਬੁਢਲਾਡਾ ਦੇ ਚੇਅਰਮੈਨ ਸਤੀਸ਼ ਕੁਮਾਰ, ਮਾਰਕੀਟ ਕਮੇਟੀ ਬੋਹਾ ਚੇਅਰਮੈਨ ਰਣਜੀਤ ਸਿੰਘ ਫਰੀਦਕੇ, ਮਾਰਕੀਟ ਕਮੇਟੀ ਬਰੇਟਾ ਦੇ ਚੇਅਰਮੈਨ ਚਮਕੌਰ ਸਿੰਘ, ਕੋਅਪਰੇਟਿਵ ਬੈਂਕ ਅਦਾਰੇ ਦੇ ਜ਼ਿਲ੍ਹਾ ਚੇਅਰਮੈਨ ਸੋਹਣਾ ਸਿੰਘ ਕਲੀਪੁਰ, ਜ਼ਿਲ੍ਹਾ ਆਗੂ ਕਮਲਦੀਪ ਸਿੰਘ ਬਾਵਾ, ਬਲਾਕ ਪ੍ਰਧਾਨ ਕੁਲਵੰਤ ਸ਼ੇਰਖਾ, ਬਲਾਕ ਪ੍ਰਧਾਨ ਰਾਜਵਿੰਦਰ ਸਿੰਘ ਸਵੈਚ, ਟਰੱਕ ਯੂਨੀਅਨ ਬੋਹਾ ਦੇ ਪ੍ਰਧਾਨ ਨੈਬ ਸਿੰਘ ਦੀਆਂ, ਵਾਇਸ ਪ੍ਰਧਾਨ ਕਾਲਾ ਸਿੰਘ, ਐੱਮ ਸੀ ਜਗਸੀਰ ਸਿੰਘ, ਬਲਾਕ ਮੀਡੀਆ ਇੰਚਾਰਜ ਸੰਤੋਖ ਸਿੰਘ, ਜ਼ਿਲ੍ਹਾ ਸਕੱਤਰ ਹਰਦੀਪ ਸਿੰਘ, ਭਖੜਿਆਲ ਤੋਂ ਸੋਨੀ ਸਿੰਘ, ਹਰਵਿੰਦਰ ਸਿੰਘ ਭਖੜਿਆਲ, ਸਤਨਾਮ ਰਿੰਟੂ, ਬਿੰਦਰ ਸਿੰਘ ਭਖੜਿਆਲ, ਮਨਦੀਪ ਸਿੰਘ, ਸਰਬਜੀਤ ਸਿੰਘ, ਟਾਹਲੀਆਂ ਪਿੰਡ ਦੇ ਸਰਪੰਚ ਸੁਖਜੀਤ ਸਿੰਘ, ਪਾਰਟੀ ਪ੍ਰਧਾਨ ਜਗਜੀਤ ਸਿੰਘ, ਯੂਥ ਵਿੰਗ ਦੇ ਪ੍ਰਧਾਨ ਅਜੈਬ ਸਿੰਘ ਅਤੇ ਪਿੰਡ ਵਾਸੀ ਕਿਸਾਨ ਅਤੇ ਪਾਰਟੀ ਵਰਕਰ ਵੀ ਹਾਜ਼ਰ ਸਨ।

# ਲਿਬਰੇਸ਼ਨ ਵਲੋਂ ਜਲ ਪ੍ਰਦੂਸ਼ਣ ਕੰਟਰੋਲ ਤੇ ਰੋਕਥਾਮ ਐਕਟ ਵਿੱਚ ਕੀਤੀ ਸੋਧ ਦਾ ਤਿੱਖਾ ਵਿਰੋਧ

## ਡਾ.ਅੰਬੇਡਕਰ ਦੇ ਜਨਮ ਦਿਨ ਤੋਂ ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਤੱਕ ਪ੍ਰਚਾਰ ਤੇ ਲਾਮਬੰਦੀ ਮੁਹਿੰਮ ਚਲਾਉਣ ਦਾ ਐਲਾਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪ੍ਰੈਲ INTERNATIONAL PAPER, 94636 01616 hardipchumber57@gmail.com

ਮਾਨਸਾ, 2 ਅਪ੍ਰੈਲ : (ਆਤਮਾ ਸਿੰਘ ਪਮਾਰ) ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਪਾਰਟੀ ਦੀ ਮਾਨਸਾ ਦਿਹਾਤੀ ਕਮੇਟੀ ਦੀ ਪਹਿਲੀ ਮੀਟਿੰਗ ਅੱਜ ਬਾਬਾ ਬੂਝਾ ਸਿੰਘ ਯਾਦਗਾਰ ਭਵਨ ਵਿਖੇ ਕਮੇਟੀ ਦੇ ਸਕੱਤਰ ਕਾ. ਨਿਰਭੈ ਸਿੰਘ ਬੁਰਜ ਹਰੀ ਦੀ ਪ੍ਰਧਾਨਗੀ ਹੇਠ ਹੋਈ।

ਮੀਟਿੰਗ ਉਪਰੰਤ ਬਿਆਨ ਜਾਰੀ ਕਰਦਿਆਂ ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਦੇ ਜ਼ਿਲ੍ਹਾ ਆਗੂ ਕਾ. ਗੁਰਸੇਵਕ ਮਾਨਬੀਬੜੀਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੋਵੇਂ ਮਿਲ ਕੇ ਦੇਸ਼ ਦੇ ਕਾਨੂੰਨਾਂ ਜੋ ਲੋਕਾਂ ਦੇ ਪੱਖ ਵਿੱਚ ਜਾਂਦੇ ਹਨ ਨੂੰ ਖਤਮ ਕਰਕੇ ਕਾਰਪੋਰੇਟ ਕੰਪਨੀਆਂ ਦੇ ਮੁਨਾਫ਼ੇ ਦੀ ਗਾਰੰਟੀ ਵਾਲੇ ਲੋਕ ਦੋਖੀ ਕਾਨੂੰਨ ਕਾਨੂੰਨ ਬਣਾ ਰਹੀਆਂ ਹਨ। ਆਗੂਆਂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਵਲੋਂ ਚੋਣਾਂ ਤੋਂ ਪਹਿਲਾਂ ਲੋਕਾਂ ਨਾਲ ਕੀਤੇ ਵਾਅਦਿਆਂ ਤੋਂ ਭੱਜ ਰਹੀ ਹੈ। ਇਸ ਸਰਕਾਰ ਨੇ ਹੁਣ ਮਜ਼ਦੂਰ ਕਿਸਾਨ ਮੁਲਜ਼ਮ ਅਤੇ ਹੋਰ ਵਰਗ ਦੇ ਲੋਕਾਂ ਵਲੋਂ ਆਪਣੀ ਮੰਗਾਂ ਤੇ ਸਮੱਸਿਆਵਾਂ ਦੇ ਹੱਲ ਲਈ ਕੀਤੇ ਜਾਂਦੇ ਸੰਘਰਸ਼ਾਂ ਨੂੰ ਹਕੂਮਤੀ ਤਾਕਤ ਦੇ ਜ਼ੋਰ ਨਾਲ ਕੁਚਲਣ ਦਾ ਰਾਹ ਫੜ ਲਿਆ ਹੈ।

ਮੀਟਿੰਗ ਵਿੱਚ ਆਗੂਆਂ ਨੇ ਕਿਹਾ ਕਿ ਹੁਣੇ ਹੁਣ ਭਗਵੰਤ ਮਾਨ ਸਰਕਾਰ ਵਲੋਂ ਵਿਧਾਨ ਸਭਾ ਵਿੱਚ ਮੋਦੀ ਸਰਕਾਰ ਦੇ ਉਸ ਕਾਨੂੰਨ ਨੂੰ ਪ੍ਰਵਾਨਗੀ ਦੇ ਦਿੱਤੀ ਜਿਸ ਰਾਹੀਂ ਪਾਣੀ ਨੂੰ ਪ੍ਰਦੂਸ਼ਿਤ ਕਰਨ ਵਾਲਿਆਂ ਨੂੰ ਸਿਰਫ ਜੁਰਮਾਨਾ ਹੋ ਸਕੇਗਾ, ਪਰ ਪੁਰਾਣੇ ਕਾਨੂੰਨ ਵਾਂਗ ਜੇਲ੍ਹ ਜਾਣ ਵਰਗੀ ਸਜ਼ਾ ਨਹੀਂ ਹੋਵੇਗੀ।

ਇਸ ਨਾਲ ਭਗਵੰਤ ਮਾਨ ਸਰਕਾਰ ਨੇ ਸਾਡੀ ਜ਼ਮੀਨ ਅਤੇ ਪਾਣੀ ਦੇ ਪ੍ਰਦੂਸ਼ਣ ਦਾ ਰਾਹ ਖੋਲ੍ਹ ਦਿੱਤਾ ਹੈ। ਮੀਟਿੰਗ ਦੌਰਾਨ ਭਗਵੰਤ ਮਾਨ ਸਰਕਾਰ ਵਲੋਂ ਕਾਨੂੰਨ ਵਿੱਚ ਕੀਤੀ ਇਸ ਸੋਧ ਦਾ ਤਿੱਖਾ ਵਿਰੋਧ ਕੀਤਾ ਹੈ।

ਪਾਰਟੀ ਦੇ ਦਿਹਾਤੀ ਤਹਿਸੀਲ ਸਕੱਤਰ ਕਾ. ਨਿਰਭੈ ਸਿੰਘ ਬੁਰਜ ਹਰੀ ਨੇ ਦਸਿਆ ਕਿ ਪਾਰਟੀ ਵਲੋਂ ਡਾ.ਭੀਮ ਰਾਓ ਅੰਬੇਡਕਰ ਜੀ ਜਨਮ ਦਿਨ ਤੋਂ ਲੈਕੇ ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਤੱਕ ਅਨਪੜ੍ਹ ਅਤੇ ਪੜ੍ਹੇ ਲਿਖੇ ਨੌਜਵਾਨਾਂ ਲਈ ਪੱਕੇ ਰੁਜ਼ਗਾਰ ਲਈ ਕਾਨੂੰਨ ਬਣਵਾਉਣ ਲਈ, ਕਿਰਤ ਕਾਨੂੰਨਾਂ ਵਿੱਚ ਕੀਤੀਆਂ ਤਬਦੀਲੀਆਂ ਦੇ ਵਿਰੁੱਧ, ਨਸ਼ੇ ਦੇ ਵਧ ਰਹੇ ਰੁਝਾਨ ਨੂੰ ਰੋਕਣ ਲਈ, ਆਧੁਨਿਕ ਤਕਨੀਕ ਨਾਲ ਪੈਦਾਵਾਰ ਵਿੱਚ ਹੋਏ ਵਾਧੇ ਕਾਰਨ ਕੰਮ ਦਿਹਾੜੀ ਦੇ ਘੰਟੇ ਘਟਾਏ ਜਾਣ, ਐੱਮ ਐੱਸ ਪੀ ਦਾ ਕਾਨੂੰਨ ਬਣਵਾਉਣ ਲਈ ,, ਛੋਟੀ ਕਿਸਾਨੀ ਨੂੰ ਨਰੇਗਾ ਵਿੱਚ ਸ਼ਾਮਲ ਕਰਨ ਅਤੇ ਹੋਰ ਭਖਦੇ ਮੁੱਦਿਆਂ 'ਤੇ ਮੁਹਿੰਮ ਚਲਾਈ ਜਾਵੇਗੀ,।

ਮੀਟਿੰਗ ਵਿੱਚ ਕਾ. ਦਿਨੇਸ਼ ਭੀਖੀ, ਸਾਧੂ ਸਿੰਘ ਬੁਰਜ ਢਿੱਲਵਾਂ, ਸੁਖਵਿੰਦਰ ਸਿੰਘ ਫਰਮਾਹੀ, ਅੰਗਰੇਜ਼ ਸਿੰਘ ਨੰਗਲ,, ਗੁਰਜੰਟ ਸਿੰਘ ਖ਼ਾਲਸਾ,, ਨਰਿੰਦਰ ਖੀਵਾ,, ਬਲਵਿੰਦਰ ਸਿੰਘ ਭੁਪਾਲ, ਬੂਟਾ ਸਿੰਘ ਭੁਪਾਲ,ਬਿੱਲੂ ਸਿੰਘ ਬੁਰਜ ਢਿੱਲਵਾਂ,ਸੋਮਾ ਸਿੰਘ ਉੱਭਾ, ਆਦਿ ਆਗੂ ਵੀ ਹਾਜ਼ਰ ਸਨ।

# ਪਾਬੰਦੀਸ਼ੁਦਾ ਵਸਤੂਆਂ ਨੂੰ ਜੇਲ੍ਹ ਅਹਾਤੇ 'ਚ ਲਿਜਾਣ ਦੀ ਮਨਾਹੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪ੍ਰੈਲ INTERNATIONAL PAPER, 94636 01616 hardipchumber57@gmail.com



ਮਾਨਸਾ, 02 ਅਪ੍ਰੈਲ : (ਆਤਮਾ ਸਿੰਘ ਪਮਾਰ) ਵਧੀਕ ਜ਼ਿਲ੍ਹਾ ਮੈਜਿਸਟਰੇਟ ਸ੍ਰੀ ਆਕਾਸ਼ ਬਾਂਸਲ ਨੇ ਭਾਰਤੀ ਨਾਗਰਿਕ ਸੁਰੱਖਿਆ ਸਹਿਤਾ ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਿਸੇ ਵੀ ਵਿਅਕਤੀ ਵੱਲੋਂ ਕਿਸੇ ਵੀ ਤਰੀਕੇ ਨਾਲ ਜਾਂ ਕਿਸੇ ਵੀ ਡਿਵਾਈਸ ਦੀ ਵਰਤੋਂ ਦੁਆਰਾ ਸਿੱਧੇ ਜਾਂ ਅਸਿੱਧੇ ਤੌਰ 'ਤੇ ਜੇਲ੍ਹ ਦੇ ਅਹਾਤੇ ਵਿੱਚ ਦਾਖਲ ਹੋਣ ਜਾਂ ਅੰਦਰ ਲਿਜਾਣ 'ਤੇ ਮਨਾਹੀ ਦੇ ਹੁਕਮ ਜਾਰੀ ਕੀਤੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਜੇਲ੍ਹ ਨਿਯਮ ਜਾਂ ਕਿਸੇ ਹੋਰ ਕਾਨੂੰਨ ਦੇ ਅਧੀਨ ਜਿੰਨ੍ਹਾਂ ਵਸਤਾਂ ਦੀ ਮਨਾਹੀ ਹੈ, ਅਜਿਹੀ ਕਿਸੇ ਵੀ ਵਸਤੂ, ਚੀਜ, ਪਦਾਰਥ, ਸਮੱਗਰੀ ਨੂੰ ਜੇਲ੍ਹ ਵਿੱਚ ਆਪਣੇ ਕਬਜੇ 'ਚ ਰੱਖਣ ਦੀ ਵੀ ਮਨਾਹੀ ਹੋਵੇਗੀ।

ਉਨ੍ਹਾਂ ਹੁਕਮ ਵਿੱਚ ਕਿਹਾ ਕਿ ਕਾਨੂੰਨੀ ਤੌਰ 'ਤੇ ਪ੍ਰਵਾਨਿਤ ਪ੍ਰਕਿਰਿਆ ਨੂੰ ਛੱਡ ਕੇ ਜੇਲ੍ਹਾਂ ਦੇ ਅਹਾਤੇ ਵਿੱਚ ਪੰਜਾਬ ਜੇਲ੍ਹ ਨਿਯਮ, 2022 ਜਾਂ ਕਿਸੇ ਹੋਰ ਕਾਨੂੰਨ ਅਧੀਨ ਪਾਬੰਦੀਸ਼ੁਦਾ ਵਸਤੂਆਂ, ਯੰਤਰਾਂ ਜਾਂ ਸਮੱਗਰੀਆਂ ਦੇ ਦਾਖਲ ਹੋਣ ਅਤੇ ਉਨ੍ਹਾਂ ਦੀ ਉਪਲੱਬਧਤਾ ਇਹ ਸੰਭਾਵਨਾ ਬਣਾਉਂਦੀ ਹੈ ਕਿ ਅਜਿਹੀਆਂ ਵਸਤਾਂ ਗੈਰ-ਕਾਨੂੰਨੀ ਗਤੀਵਿਧੀਆਂ ਲਈ ਵਰਤੀਆਂ ਜਾ ਸਕਦੀਆਂ ਹਨ। ਅਜਿਹੀਆਂ ਵਸਤਾਂ ਦੀ ਉਪਲਬਧਤਾ ਨਾਲ ਜੇਲ੍ਹ ਦੇ ਅੰਦਰ ਅਤੇ ਬਾਹਰ ਅਪਰਾਧਾਂ ਨੂੰ ਅੰਜਾਮ ਦਿੱਤਾ ਜਾਂਦਾ ਹੈ, ਜਿਸ ਕਾਰਨ ਅਮਨ-ਸਾਂਤੀ ਭੰਗ ਹੋਣ ਅਤੇ ਜਨਤਕ ਸਾਂਤੀ ਭੰਗ ਹੋਣ ਦੀ ਪੂਰੀ ਸੰਭਾਵਨਾ ਹੁੰਦੀ ਹੈ। ਇਹ ਅਪਰਾਧ ਮਨੁੱਖੀ ਜੀਵਨ, ਜਨਤਕ ਸੁਰੱਖਿਆ ਅਤੇ ਜੇਲ੍ਹ ਦੇ ਅੰਦਰ ਅਤੇ ਬਾਹਰ ਜਨਤਕ ਜਾਇਦਾਦ ਨੂੰ ਨੁਕਸਾਨ ਪਹੁੰਚਾਉਣ ਦਾ ਖਤਰਾ ਪੈਦਾ ਕਰਦੀਆਂ ਹਨ।

ਅਮਨ-ਸਾਂਤੀ ਭੰਗ ਹੋਣ ਤੋਂ ਰੋਕਣ ਅਤੇ ਮਨੁੱਖੀ ਜੀਵਨ ਦੀ ਸੁਰੱਖਿਆ ਲਈ ਗੰਭੀਰ ਖਤਰੇ ਨੂੰ ਰੋਕਣ, ਜਨਤਕ ਸੁਰੱਖਿਆ ਨੂੰ ਬਰਕਰਾਰ ਰੱਖਣ ਦੇ ਮਕਸਦ ਨਾਲ, ਜੇਲ੍ਹ ਦੇ ਅੰਦਰ ਅਤੇ ਬਾਹਰ ਜਨਤਕ ਸੰਪਤੀ ਨੂੰ ਨੁਕਸਾਨ ਪਹੁੰਚਾਉਣ ਤੋਂ ਰੋਕਣ ਲਈ ਦਿਸ਼ਾ-ਨਿਰਦੇਸ਼ ਜਾਰੀ ਕਰਨ ਲਈ ਭਾਰਤੀ ਨਾਗਰਿਕ ਸੁਰੱਖਿਆ ਸਹਿਤਾ ਦੀ ਧਾਰਾ 163 ਅਧੀਨ ਮਨਾਹੀ ਦੇ ਹੁਕਮ ਕਰਨੇ ਲਾਜ਼ਮੀ ਹੋ ਜਾਂਦੇ ਹਨ।

ਹੁਕਮ ਦੀ ਉਲੰਘਣਾ ਕਰਨ ਵਾਲੇ ਵਿਰੁੱਧ ਭਾਰਤੀ ਦੰਡਾਵਲੀ 1860 ਦੀ ਧਾਰਾ 188 ਅਧੀਨ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਇਹ ਹੁਕਮ 31 ਮਈ ਤੱਕ ਲਾਗੂ ਰਹਿਣਗੇ।

# ਸੱਤਪਾਲ ਸ਼ਰਮਾ ਨੇ ਬਲਾਕ ਸਿੱਖਿਆ ਅਫਸਰ ਬੁਢਲਾਡਾ ਵਜੋਂ ਸੰਭਾਲਿਆ ਚਾਰਜ

## ਮਾਨਸਾ ਜ਼ਿਲ੍ਹੇ ਦੇ ਪੰਜਾਂ ਸਿੱਖਿਆ ਬਲਾਕਾਂ ਦਾ ਇੱਕੋ ਅਧਿਕਾਰੀ ,,,-ਅਮਨਦੀਪ ਸ਼ਰਮਾ।

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪ੍ਰੈਲ INTERNATIONAL PAPER, 94636 01616 hardipchumber57@gmail.com



ਮਾਨਸਾ /ਬੁਢਲਾਡਾ 2ਅਪ੍ਰੈਲ (ਆਤਮਾ ਸਿੰਘ ਪਮਾਰ,) ਬੁਢਲਾਡਾ ਬਲਾਕ ਦੇ ਨਵੇਂ ਬਲਾਕ ਸਿੱਖਿਆ ਅਫਸਰ ਸੱਤਪਾਲ ਸ਼ਰਮਾ ਜਿਨਾਂ ਨੂੰ ਇਸ ਬਲਾਕ ਡੀ ਡੀ ਓ ਪਾਵਰਾਂ ਦਿੱਤੀਆਂ ਗਈਆਂ ਹਨ ਨੇ ਅੱਜ ਆਪਣਾ ਚਾਰਜ ਸੰਭਾਲ ਲਿਆ ਹੈ। ਇਸ ਤੋਂ ਪਹਿਲਾਂ ਵੀ ਉਨ੍ਹਾਂ ਕੋਲ ਮਾਨਸਾ, ਝੁਨੀਰ-1,ਸਰਦੂਲਗੜ੍ਹ ਅਤੇ, ਬਰੇਟਾ ਆਦਿ ਬਲਾਕਾਂ ਦਾ ਚਾਰਜ ਵੀ ਸੱਤਪਾਲ ਸ਼ਰਮਾ ਕੋਲ ਹੀ ਹੈ।

ਇਸ ਮੌਕੇ ਗੱਲਬਾਤ ਕਰਦਿਆਂ ਸ਼ਰਮਾ ਨੇ ਕਿਹਾ ਕਿ ਬਲਾਕ ਦੇ ਕੰਮਾਂ ਨੂੰ ਵਧੀਆ ਢੰਗ ਨਾਲ ਚਲਾਇਆ ਜਾਵੇਗਾ ਅਤੇ ਅਧਿਆਪਕਾਂ ਦੇ ਕੰਮ ਪਹਿਲ ਦੇ ਅਧਾਰ ਤੇ ਕੀਤੇ ਜਾਣਗੇ। ਇਸ ਮੌਕੇ ਮੁੱਖ ਅਧਿਆਪਕ ਜਥੇਬੰਦੀ ਪੰਜਾਬ ਦੇ ਸੂਬਾ ਪ੍ਰਧਾਨ ਅਮਨਦੀਪ ਸ਼ਰਮਾ, ਮੁੱਖ ਅਧਿਆਪਕ ਅਮਨਦੀਪ ਸਿੰਘ ਔਲਖ, ਰਾਮਪਾਲ ਸਿੰਘ ਸੈਂਟਰ ਹੈਡ ਟੀਚਰ ਗੜੱਦੀ, ਗੁਰਸੰਤ ਸਿੰਘ ਹੈਡ ਟੀਚਰ ਮੋਹਰ ਸਿੰਘ ਵਾਲਾ, ਤ੍ਰਿਲੋਕ ਜੈਨ ਹੈਡ ਟੀਚਰ ਬੋੜਾਵਾਲ, ਸੰਦੀਪ ਸ਼ਰਮਾ ਹੈਡ ਟੀਚਰ ਦੋਦੜਾ, ਜਸਵਿੰਦਰ ਸਿੰਘ ਹੈਡ ਟੀਚਰ ਬੁਢਲਾਡਾ, ਦਲਜੀਤ ਸਿੰਘ ਸੈਂਟਰ ਹੈਡ ਟੀਚਰ ਚੀਮਾ, ਜਗਮੋਹਣ ਸਿੰਘ ਧਾਲੀਵਾਲ ,ਸੁਰਿੰਦਰ ਕੁਮਾਰ ਹੈੱਡ ਟੀਚਰ ਸੇਰ ਖਾਂ ਵਾਲਾ, ਅਮ੍ਰਿਤਵੀਰ ਸਿੰਘ, ਦਿਨੇਸ਼ ਰਿਸ਼ੀ ਅਮਨਦੀਪ ਕੁਮਾਰ, ਜਸ਼ਨਦੀਪ ਕਲਰਕ, ਨਵਨੀਤ ਕੁਮਾਰ, ਕੰਚਨ ਰਾਣੀ, ਨਿਮਰਤਾ ਸ਼ਰਮਾ , ਵਿਸ਼ਾਲ ਚੀਮਾ ਆਦਿ ਵੀ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ (ਅ)ਨੇ ਗ੍ਰਹਿ ਵਜ਼ੀਰ ਵਲੋਂ ਤੰਜ ਕੱਸਣ ਤੇ ਰਾਸ਼ਟਰਪਤੀ ਨੂੰ ਸੌਂਪਿਆਂ ਮੰਗ ਪੱਤਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪ੍ਰੈਲ INTERNATIONAL PAPER, 94636 01616 hardipchumber57@gmail.com



ਜਲੰਧਰ 2 ਅਪ੍ਰੈਲ(ਜੇ. ਐਸ. ਸੋਢੀ) ਭਾਰਤ ਦੇ ਗ੍ਰਹਿ ਵਜ਼ੀਰ ਸ੍ਰੀ ਅਮਿਤ ਸ਼ਾਹ ਵੱਲੋਂ 21 ਮਾਰਚ 2025 ਨੂੰ ਰਾਜ ਸਭਾ ਵਿੱਚ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਸਿੱਖ ਕੌਮ ਦੇ ਨਾਇਕ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆ ਵਿਰੁੱਧ ਅਪਮਾਨਜਨਕ ਢੰਗ ਨਾਲ ਤੰਜ ਕੱਸਣ ਦਾ ਨੋਟਿਸ ਲੈਣ ਸੰਬੰਧੀ ਦੇਸ਼ ਦੇ ਰਾਸ਼ਟਰਪਤੀ ਮਾਨਯੋਗ ਦ੍ਰੋਪਦੀ ਮੁਰਮੂ ਵੱਲ ਮੰਗ ਪੱਤਰ ਜਿਲ੍ਹੇ ਦੇ ਡਿਪਟੀ ਕਮਿਸ਼ਨਰ ਰਾਹੀਂ ਸੋਪਿਆਂ ।ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਜਿਲ੍ਹਾ ਜਲੰਧਰ ਦੀ ਜੱਥੇਬੰਦੀ ਦੇ ਸੁਖਜੀਤ ਸਿੰਘ ਡਰੋਲੀ ਜਿਲ੍ਹਾ ਪ੍ਰਧਾਨ, ਬਘੇਲ ਸਿੰਘ ਭਾਟੀਆ ਜਿਲ੍ਹਾ ਜਰਨਲ ਸਕੱਤਰ, ਮਨਜੀਤ ਸਿੰਘ ਰੇਰੂ ਸ਼ਹਿਰੀ ਪ੍ਰਧਾਨ, ਸੁਲੱਖਣ ਸਿੰਘ ਸ਼ਾਹਕੋਟ , ਪ੍ਰਿਤਪਾਲ ਸਿੰਘ, ਸਰਬਜੀਤ ਸਿੰਘ, ਸੁਰਜੀਤ ਸਿੰਘ ਖਾਲਿਸਤਾਨੀ, ਗੁਰਦਿਆਲ ਸਿੰਘ ਲੇਹੀਆ ਅਤੇ ਹੋਰ ਕਈ ਸਾਥੀ ਮੌਜੂਦ ਸਨ ।

# ਪੰਜਾਬੀ ਯੂਨੀਵਰਸਿਟੀ ਦੇ ਪ੍ਰੋਫ਼ੈਸਰ ਨਿਵੇਦਿਤਾ ਸਿੰਘ ਨੂੰ ਪਾਰਸ ਕਲਾ ਮੰਚ, ਜਲੰਧਰ ਨੇ ਦਿੱਤਾ ਅਵਾਰਡ'

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪ੍ਰੈਲ INTERNATIONAL PAPER, 94636 01616 hardipchumber57@gmail.com




ਬਠਿੰਡਾ/ਪਟਿਆਲਾ, 2 ਅਪ੍ਰੈਲ (ਅੰਗਰੇਜ ਸਿੰਘ ਵਿੱਕੀ)- ਪੰਜਾਬੀ ਯੂਨੀਵਰਸਿਟੀ ਦੇ ਸੰਗੀਤ ਵਿਭਾਗ ਵਿਚ ਕਾਰਜਸ਼ੀਲ ਪ੍ਰੋਫੈਸਰ ਨਿਵੇਦਿਤਾ ਸਿੰਘ ਨੂੰ ਪਾਰਸ ਕਲਾ ਮੰਚ, ਜਲੰਧਰ ਵੱਲੋਂ 'ਪੰਡਿਤ ਬਲਵੰਤ ਰਾਏ ਜਸਵਾਲ ਲਾਈਫ਼ਟਾਈਮ ਅਚੀਵਮੈਂਟ ਅਵਾਰਡ' ਨਾਲ ਸਨਮਾਨਿਤ ਕੀਤਾ ਗਿਆ ਹੈ। ਉਨ੍ਹਾਂ ਦਾ ਇਹ ਸਨਮਾਨ ਪੰਜਾਬ ਵਿਚ ਸ਼ਾਸਤਰੀ ਸੰਗੀਤ ਦੇ ਪ੍ਰਚਾਰ ਅਤੇ ਪ੍ਰਸਾਰ ਹਿਤ ਵਿੱਚ ਪਾਏ ਯੋਗਦਾਨ ਲਈ ਦਿੱਤਾ ਗਿਆ ਹੈ।ਪ੍ਰੋਫ਼ੈਸਰ ਨਿਵੇਦਿਤਾ ਸਿੰਘ ਨੇ ਦੱਸਿਆ ਕਿ ਇਹ ਅਵਾਰਡ ਜਲੰਧਰ ਵਿਖੇ ਹੋਏ ਇੱਕ ਵਿਸ਼ੇਸ਼ ਸਮਾਗਮ ਦੌਰਾਨ ਪ੍ਰਦਾਨ ਕੀਤਾ ਗਿਆ ਜਿਸ ਵਿਚ ਮੁੱਖ ਮਹਿਮਾਨ ਵਜੋਂ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਸ੍ਰੀ ਮਹਿੰਦਰ ਭਗਤ ਸ਼ਾਮਿਲ ਹੋਏ। ਪਾਰਸ ਸੰਗੀਤ ਸੰਮੇਲਨ ਦੇ ਨਾਂ ਨਾਲ ਸੰਪੰਨ ਹੋਏ ਇਸ ਸਮਾਗਮ ਵਿਚ ਡਾ.ਨਿਵੇਦਿਤਾ ਸਿੰਘ ਵਲੋਂ ਸ਼ਾਸਤਰੀ ਗਾਇਣ ਦੀ ਪੇਸ਼ਕਾਰੀ ਵੀ ਦਿੱਤੀ ਗਈ।

ਵਰਣਨਯੋਗ ਹੈ ਕਿ ਡਾ.ਨਿਵੇਦਿਤਾ ਸਿੰਘ ਪੰਜਾਬ ਦੀ ਪ੍ਰਸਿੱਧ ਸ਼ਾਸਤਰੀ ਗਾਇਕਾ ਹਨ ਅਤੇ ਉਨ੍ਹਾਂ ਭਾਰਤ ਭਰ ਵਿਚ ਮੰਚ ਪ੍ਰਦਰਸ਼ਨ ਕੀਤੇ ਹਨ। ਸੁਤੰਤਰਤਾ ਪ੍ਰਾਪਤੀ ਉਪਰੰਤ ਆਕਾਸ਼ਵਾਣੀ ਜਲੰਧਰ ਤੋਂ ਸ਼ਾਸਤਰੀ ਗਾਇਨ ਆਰੰਭ ਕਰਨ ਵਾਲੇ ਉਹ ਪੰਜਾਬ ਦੇ ਪਹਿਲੇ ਇਸਤਰੀ ਸ਼ਾਸਤਰੀ ਗਾਇਕਾ ਹਨ ਅਤੇ ਵਰਤਮਾਨ ਸਮੇਂ ਆਕਾਸ਼ਵਾਣੀ ਦੇ 'ਏ' ਗ੍ਰੇਡ ਕਲਾਕਾਰ ਹਨ। ਸ਼ਾਸਤਰੀ ਗਾਇਕੀ ਦੇ ਨਾਂਲ-ਨਾਲ ਨਿਰਧਾਰਿਤ ਰਾਗਾਂ ਵਿਚ ਗੁਰਬਾਣੀ ਦਾ ਗਾਇਨ ਵੀ ਉਨ੍ਹਾਂ ਦੀ ਵਿਸ਼ੇਸ਼ਤਾ ਹੈ।

# ਸੋਸ਼ਲ ਮੀਡੀਆਂ ਤੇ ਵੀ ਛਾਏ ਆਂ

ਮੱਖਣ ਸ਼ਾਹਪੁਰ(9863240000)

ਅਸੀਂ ਰੁੱਤ ਬਸੰਤ ਚ ਜੰਮੇ ਆਂ
ਹਰਿਆਲੀਆਂ ਲੈ ਕੇ ਆਏ ਆਂ ।
ਕਿਸੇ ਸਿਰ ਤੇ ਛਾਲਾਂ ਮਾਰੀਆਂ ਨਹੀਂ ,,,,,
ਆਪਣੇ ਦਮ -ਖਮ ਤੇ ਛਾਏ ਆਂ ।
ਭਾਗਾਂ ਵਾਲਾ ਦਿਨ -2 ਅਪ੍ਰੈਲ ਦਾ ,,,,
ਭਾਗਾਂ ਵਾਲੇ ਘਰ ਆਏ ਆਂ ।
ਕੌਣ ਜਾਣਦਾ ਸੀ ਤਰੀਕਾਂ ਸਾਡੇ ਜੰਮਣ ਦੀਆਂ . . .
ਫੇਸਬੁਕ ਨੇ ਰਾਹ ਪੁੱਠੇ ਪਾਏ ਆਂ ,,,
ਭੁੱਲ ਗਏ ਘਰ -ਬਣਾਉਣੀ ਦੇਗ ਦੇਸੀ ਘੀ ਦੀ ,,
ਡਿਜੀਟਲ ਜ਼ਮਾਨੇ ਨੇ ਕੱਟਣ ਕੇਕ ਲਾਏ ਆਂ ।
ਦੁਨੀਆਂ ਆਉਂਦੀ ਭਾਵੇਂ ਜੱਗ ਤੇ ਮੇਲਾ ਵੇਖਣ ,,
ਅਸੀਂ ਤਾਂ ਸੇਵਾ ਸਮਾਜ ਦੀ ਕਰਨ ਆਏ ਆਂ ।
ਮੁੱਲਾਂਪੁਰ ਵਾਲਾ ਪਾਲਾ ਦੱਸੇ
ਸ਼ਾਹਪੁਰ ਅੱਜ ਤਾਂ ਸੋਸ਼ਲ ਮੀਡੀਆਂ ਤੇ ਵੀ ਛਾਏ ਆਂ ।
ਜਨਮ ਦਿਨ ਦੀਆਂ ਦਿੱਤੀਆਂ ਵਧਾਈਆਂ ਜਿੰਨਾਂ ,,,



ਲਿਖ ਕਵਿਤਾ -ਧੰਨਵਾਦ -ਕਰਨ ਵੀਰੇ ਤੁਹਾਡਾ ਆਏ ਆਂ ।
ਜੁੱਗ ਜੁੱਗ ਜੀਵੇ ਰੱਬਾ -ਪਿਓ ਤੇ ਮਾਂ ਮੇਰੀ ,,,,
ਜਿੰਨਾਂ ਨੇ ਔਖੇ ਸੌਖੇ ਪਾਲ ਕੇ -ਇੱਥੇ ਤੱਕ ਪਹੁੰਚਾਏ ਆਂ ।

# ਸ਼ਾਮ 7 ਵਜੇ ਤੋਂ ਸਵੇਰੇ 10 ਵਜੇ ਤੱਕ ਕੰਬਾਈਨਾਂ ਚਲਾਉਣ 'ਤੇ ਪਾਬੰਦੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com

ਮੋਰਿੰਡਾ 2 ਅਪ੍ਰੈਲ,(ਪਤਰ ਪ੍ਰੇਰਕ,) ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਪੂਜਾ ਸਿਆਲ ਗਰੇਵਾਲ ਨੇ ਭਾਰਤੀ ਨਾਗਰਿਕ ਸੁਰਕਸ਼ਾ ਸੰਨਿਤਾ 2023 ਦੀ ਧਾਰਾ 163 ਤਹਿਤ ਜ਼ਿਲ੍ਹਾ ਰੂਪਨਗਰ ਵਿੱਚ ਸ਼ਾਮ 7 ਵਜੇ ਤੋਂ ਲੈ ਕੇ ਸਵੇਰੇ 10 ਵਜੇ ਤੱਕ ਕੰਬਾਈਨਾਂ ਚਲਾਉਣ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾਉਣ ਦਾ ਹੁਕਮ ਜਾਰੀ ਕੀਤਾ ਹੈ।

ਹੁਕਮ ਵਿੱਚ ਉਨ੍ਹਾਂ ਕਿਹਾ ਕਿ ਕਣਕ ਦੀ ਕਟਾਈ ਦਾ ਸੀਜ਼ਨ ਸਾਲ 2025 ਸ਼ੁਰੂ ਹੋਣ ਵਾਲਾ ਹੈ। ਉਨ੍ਹਾਂ ਦੱਸਿਆ ਕਿ ਕਣਕ ਦੀ ਫਸਲ ਦੀ ਕਟਾਈ ਆਮ ਤੌਰ 'ਤੇ ਕਿਸਾਨਾਂ ਵੱਲੋਂ ਕੰਬਾਈਨਾਂ ਨਾਲ ਕਰਵਾਈ ਜਾਂਦੀ ਹੈ। ਫਸਲ ਦੀ ਕਟਾਈ ਵਾਸਤੇ ਦਿਨ ਰਾਤ ਕੰਬਾਈਨਾਂ ਚਲਾਈਆਂ ਜਾਂਦੀਆਂ ਹਨ। ਇਹ ਕੰਬਾਈਨਾਂ, ਜੋ ਕਣਕ ਚੰਗੀ ਤਰ੍ਹਾਂ ਸੁੱਕੀ ਨਹੀਂ ਹੁੰਦੀ, ਵੀ ਕੱਟ ਦਿੰਦੀਆਂ ਹਨ ਜਿਸ ਨਾਲ ਕਿਸਾਨਾਂ ਨੂੰ ਸਿੱਧਾ ਨੁਕਸਾਨ ਪਹੁੰਚਦਾ ਹੈ।

ਉਨ੍ਹਾਂ ਕਿਹਾ ਕਿ ਰਾਤ ਨੂੰ ਨਮੀ ਹੋਣ ਕਾਰਨ ਕਣਕ ਸੁੱਕੀ ਨਹੀਂ ਹੁੰਦੀ ਅਤੇ ਨਮੀ ਵਾਲੀ ਕਣਕ ਨਿਲਾਮੀ ਹੋਣ ਵਿੱਚ ਦੇਰੀ ਹੋ ਜਾਂਦੀ ਹੈ। ਜਿਸ ਕਰਕੇ ਕਿਸਾਨਾਂ ਨੂੰ ਕਈ-ਕਈ ਦਿਨ ਮੰਡੀਆਂ ਵਿੱਚ ਖੱਜਲ-ਖ਼ੁਆਰ ਹੋਣਾ ਪੈਂਦਾ ਹੈ। ਇਸ ਲਈ ਆਮ ਪਬਲਿਕ ਦੀ ਜਾਨ-ਮਾਲ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਰਾਤ ਸਮੇਂ ਕੰਬਾਇਨਾਂ ਚਲਾਉਣ 'ਤੇ ਪਾਬੰਦੀ ਲਗਾਈ ਜਾਂਦੀ ਹੈ।

ਇਹ ਹੁਕਮ 31 ਮਈ 2025 ਤੱਕ ਲਾਗੂ ਰਹੇਗਾ।

# ਜਗਰਾਉਂ ਵਿਖੇ 14 ਅਪ੍ਰੈਲ ਨੂੰ ਭਾਰਤ ਰਤਨ ਬਾਬਾ ਸਾਹਿਬ ਡਾ.ਬੀ.ਆਰ ਅੰਬੇਡਕਰ ਜੈਯੰਤੀ ਮਨਾਉਣ ਸਬੰਧੀ ਬਾਮਸੇਫ ਅਤੇ ਡਾ.ਅੰਬੇਡਕਰ ਟਰੱਸਟ ਦੀ ਮੀਟਿੰਗ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com



ਜਗਰਾਉਂ ਦੇ ਸਾਥੀਆਂ ਨੇ ਪ੍ਰਧਾਨ ਅਮਰਜੀਤ ਸਿੰਘ ਚੀਮਾਂ ਦੀ ਪ੍ਰਧਾਨਗੀ ਹੇਠ ਮੀਟਿੰਗ ਵਿੱਚ ਜਗਰਾਉਂ ਏਰੀਏ ਦੇ ਲੋਕਾਂ ਨੂੰ ਬਾਬਾ ਸਾਹਿਬ ਦੀ ਵਿਚਾਰਧਾਰਾ ਤੋਂ ਜਾਣੂ ਅਤੇ ਜਾਗ੍ਰਿਤ ਕਰਨ ਲਈ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਭਾਰਤੀ ਸੰਵਿਧਾਨ ਤੇ' ਚਰਚਾ ਕਰਨ ਲਈ ਪ੍ਰੋ.ਅਰੁਣ ਕੁਮਾਰ ਬਠਿੰਡਾ, ਮਾ.ਕੁਸ਼ਲ ਕੁਮਾਰ ਕਪੂਰਥਲਾ ਸਾਹਿਬ ਕਾਂਸ਼ੀ ਰਾਮ ਬਾਰੇ ਅਤੇ ਲੈਕਚਰਾਰ ਬਲਦੇਵ ਸਿੰਘ ਸੁਧਾਰ ਬਹੁਜਨ ਵਿਚਾਰਧਾਰਾ ਸਬੰਧੀ ਵਿਚਾਰ ਰੱਖਣਗੇ। ਇਹ ਪ੍ਰੋਗਰਾਮ ਡਾ.ਅੰਬੇਡਕਰ ਭਵਨ ਮੋਗਾ ਰੋਡ ਜਗਰਾਉਂ ਵਿਖੇ ਸਵੇਰੇ ਦਸ ਵਜੇ ਤੋਂ ਦੁਪਹਿਰ ਦੋ ਵਜੇ ਤੱਕ ਹੋਵੇਗਾ। ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਵੱਖ-ਵੱਖ ਮੈਂਬਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਇਸ ਪ੍ਰੋਗਰਾਮ ਤੋਂ ਪਹਿਲਾਂ ਸਵੇਰੇ ਨੌਂ ਵਜੇ ਸਾਰੇ ਮੈਂਬਰ ਡਾ.ਅੰਬੇਡਕਰ ਚੌਂਕ ਵਿਖੇ ਬਾਬਾ ਸਾਹਿਬ ਨੂੰ ਸ਼ਰਧਾ ਸਤਿਕਾਰ ਭੇਂਟ ਕਰਨ ਤੋਂ ਬਾਅਦ ਡਾ.ਅੰਬੇਡਕਰ ਭਵਨ ਵਿਖੇ ਪਹੁੰਚਣਗੇ। ਮੀਟਿੰਗ ਵਿੱਚ ਲੈਕਚਰਾਰ ਰਣਜੀਤ ਸਿੰਘ ਹਠੂਰ, ਡਾ.ਜਸਵੀਰ ਸਿੰਘ, ਮੈਨੇਜਰ ਬਲਵਿੰਦਰ ਸਿੰਘ, ਮੈਨੇਜਰ ਸਰੂਪ ਸਿੰਘ, ਮਾ.ਸ਼ਿੰਗਾਰਾ ਸਿੰਘ, ਮੈਨੇਜਰ ਗੁਰਦੀਪ ਸਿੰਘ,ਸ਼੍ਰੀ ਅਮਰ ਨਾਥ, ਮਾ.ਸਤਨਾਮ ਸਿੰਘ ਹਠੂਰ ਆਦਿ ਹਾਜ਼ਰ ਸਨ

# ਅਮਿਤ ਸ਼ਾਹ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਸੰਤ ਭਿੰਡਰਾਂਵਾਲਿਆਂ ਤੇ ਅਪਮਾਨਜਨਕ ਟਿੱਪਣੀ ਕਰਨ ਵਿਰੁੱਧ ਦਿੱਤਾ ਡੀ ਸੀ ਨੂੰ ਮੰਗ ਪੱਤਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ, 2 ਅਪ੍ਰੈਲ ( ਤਰਸੇਮ ਦੀਵਾਨਾ ) ਇੰਡੀਆ ਦੇ ਗ੍ਰਹਿ ਵਜੀਰ ਅੰਮ੍ਰਿਤ ਸ਼ਾਹ ਵਲੋ ਰਾਜ ਸਭਾ ਵਿੱਚ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਸਿੱਖ ਕੌਮ ਦੇ ਮਹਾਨ ਨਾਇਕ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਵਿਰੁੱਧ ਅਪਮਾਨਜਨਕ ਢੰਗ ਨਾਲ ਟਿੱਪਣੀ ਕਾਰਨ ਵਿਰੁੱਧ ਸ਼੍ਰੋਮਣੀ ਅਕਾਲ ਦਲ (ਅੰਮ੍ਰਿਤਸਰ) ਵੱਲੋਂ ਗੁਰਦੀਪ ਸਿੰਘ ਖੁਣ ਖੁਣ ਸੀਨੀਅਰ ਮੀਤ ਪ੍ਰਧਾਨ ਕਿਸਾਨ ਵਿੰਗ, ਗੁਰਨਾਮ ਸਿੰਘ ਸਿੰਗੜੀਵਾਲਾ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਅਗਵਾਈ ਹੇਠ ਇੱਕ ਯਾਦ ਪੱਤਰ ਅਰਸ਼ਕਾ ਜੈਨ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਰਾਹੀਂ ਦੇਸ਼ ਦੇ ਰਾਸ਼ਟਰਪਤੀ ਬੀਬੀ ਦਰੋਪਤੀ ਮੁਰਮੂ ਨੂੰ ਸਖਤ ਨੋਟਿਸ ਲੈਣ ਸਬੰਧੀ ਦਿੱਤਾ ਗਿਆ ਇਸ ਸਮੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਗੁਰਦੀਪ ਸਿੰਘ ਖੁਣ ਖੁਣ ਗੁਰਨਾਮ ਸਿੰਘ ਸਿੰਗੜੀਵਾਲਾ, ਆਦਿ ਆਗੂਆਂ ਨੇ ਸਾਂਝੇ ਤੌਰ ਤੇ ਕਿਹਾ ਕਿ ਮਤੱਸਬੀ ਸੋਚ ਵਾਲੀ ਹੁਕਮਰਾਨ ਪਾਰਟੀ ਦੇ ਗ੍ਰਹਿ ਵਜ਼ੀਰ ਅਮਿਤ ਸ਼ਾਹ ਵੱਲੋਂ ਰਾਜ ਸਭਾ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਸਿੱਖ ਕੌਮ ਦੇ ਨਾਇਕ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਜਿਹਨਾਂ ਨੂੰ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ 20ਵੀਂ ਸਦੀ ਦਾ ਮਹਾਨ ਸਿੱਖ ਵਜੋਂ ਸਨਮਾਨਿਤ ਕਰਕੇ ਉਹਨਾਂ ਦੀ ਤਸਵੀਰ ਸਿੱਖ ਅਜਾਇਬ ਘਰ ਵਿੱਚ ਲਗਾਈ ਹੋਈ ਹੈ ਪਰ ਕੱਟੜ ਫਿਰਕੂ ਸੋਚ ਦੇ ਮਾਲਕ ਅਮਿਤ ਸ਼ਾਹ ਵਲੋ ਦੁਨੀਆਂ ਭਰ ਵਿੱਚ ਸਰਬੱਤ ਦਾ ਭਲਾ ਚਾਹੁਣ ਵਾਲੀ ਸਿੱਖ ਕੌਮ ਵਿਰੁੱਧ ਨਫਰਤ ਪੈਦਾ ਕਰਨ ਦੇ ਦੁੱਖਦਾਈ ਅਮਲ ਹੋਏ ਹਨ ਜਿਸ ਲਈ ਆਪ ਸਿੱਖ ਕੌਮ ਦੀਆਂ ਭਾਵਨਾਵਾਂ ਨੂੰ ਸ਼ਾਂਤ ਕਰਨ ਲਈ ਉਹਨਾਂ ਤੋਂ ਆਪਣੇ ਵਿਧਾਨਿਕ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜਨਤਕ ਤੌਰ ਤੇ ਮਾਫੀ ਮੰਗਵਾਉਣ ਦੀ ਸਲਾਹ ਦਿੰਦੇ ਹੋਏ ਉੱਦਮ ਕਰ ਸਕੋ ਤਾਂ ਜੋ ਕੋਈ ਵੀ ਬਹੁਤਗਿਣਤੀ ਨਾਲ ਸਬੰਧਿਤ ਫਿਰਕੂ ਸੋਚ ਦਾ ਮਾਲਕ ਸਿੱਖਾਂ ਵਰਗੀ ਘੱਟ ਗਿਣਤੀ ਕੌਮ ਦੇ ਸਤਿਕਾਰਤ ਝੰਡਿਆਂ ਅਤੇ ਨਾਇਕਾਂ ਦਾ ਅਪਮਾਨ ਕਰਨ ਦੀ ਗੁਸਤਾਖੀ ਨਾ ਕਰ ਸਕੇ ਇਸ ਸਮੇਂ ਸੰਦੀਪ ਸਿੰਘ ਖਾਲਸਾ ਟਾਂਡਾ,ਜਗਜੀਤ ਸਿੰਘ ਬੱਤਰਾ, ਅਮਰਜੀਤ ਸਿੰਘ ਗੋਕਲ ਨਗਰ, ਕੁਲਵੰਤ ਸਿੰਘ ਅਲਾਵਲਪੁਰ,ਗੁਰਵਿੰਦਰ ਸਿੰਘ ਮਿਆਣੀ, ਅਮਰ ਹੀਰਾ, ਦਿਨੇਸ਼ ਸਿੰਘ, ਦਲੀਪ ਕੁਮਾਰ ਆਦਿ ਹਾਜ਼ਰ ਸਨ !

# ਬਾਬਾ ਸਾਹਿਬ ਦੇ ਬੁੱਤ ਨਾਲ ਛੇੜ-ਖਾਨੀ ਕਰਨ ਵਾਲਿਆਂ ਦੇ ਨੱਥ ਪਾਈ ਜਾਵੇ

## ਸ਼ਰਾਰਤੀ ਅਨਸਰਾਂ ਨੂੰ ਦਿੱਤੀਆਂ ਜਾਣ ਸਖ਼ਤ ਸਜਾਵਾਂ – ਸੰਧੂ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com





ਜਲੰਧਰ 2ਅਪ੍ਰੈਲ( ਜੇ.ਐਸ. ਸੋਢੀ ) ਅੰਬੇਡਕਰ ਮਿਸ਼ਨ ਸੁਸਾਇਟੀ ਪੰਜਾਬ (ਰਜਿ.) ਦੇ ਪ੍ਰਧਾਨ ਚਰਨ ਦਾਸ ਸੰਧੂ ਅਤੇ ਜਨਰਲ ਸਕੱਤਰ ਬਲਦੇਵ ਰਾਜ ਭਾਰਦਵਾਜ ਨੇ ਕਿਹਾ ਹੈ ਕਿ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀਆਂ ਮੂਰਤੀਆਂ ਨੂੰ ਲੈ ਕੇ ਕਿਸੇ ਗਹਿਰੀ ਸਾਜਿਸ਼ ਦੇ ਅਧੀਨ ਆਏ ਦਿਨ ਅਜੀਬੋ-ਗਰੀਬ ਸ਼ਰਾਰਤਾਂ ਕੀਤੀਆਂ ਜਾ ਰਹੀਆਂ ਹਨ। ਅਜਿਹੀਆਂ ਸ਼ਰਾਰਤਾਂ ਕਰਨ ਵਾਲੇ ਲੋਕ ਬਾਬਾ ਸਾਹਿਬ ਨੂੰ ਬਿਨਾਂ ਪੜ੍ਹਿਆਂ, ਬਿਨਾਂ ਸਮਝਿਆਂ ਆਪ ਹੁਦਰੀਆਂ ਕਰ ਰਹੇ ਹਨ। ਪਿਛਲੇ ਦਿਨੀ ਭਾਰਤ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸੰਸਦ ਵਿੱਚ ਬਾਬਾ ਸਾਹਿਬ ਦਾ ਨਾਮ ਲੈ ਕੇ ਭੱਦਾ ਮਜਾਕ ਕੀਤਾ, ਫਿਰ ਗਣਤੰਤਰ ਦਿਵਸ ਵਾਲੇ ਦਿਨ 26 ਜਨਵਰੀ 2025 ਨੂੰ ਕਿਸੇ ਸਿਰ ਫਿਰੇ ਵਿਅਕਤੀ ਦੁਆਰਾ ਅੰਮ੍ਰਿਤਸਰ ਵਿਖੇ ਬਾਬਾ ਸਾਹਿਬ ਦੇ ਬੁੱਤ ਨੂੰ ਤੋੜਨ ਦੀ ਨਾਕਾਮ ਕੋਸ਼ਿਸ਼ ਕੀਤੀ ਗਈ। ਹੁਣ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਕਸਬਾ ਫਿਲੌਰ ਦੇ ਪਿੰਡ ਨੰਗਲ ਵਿਖੇ ਬਾਬਾ ਸਾਹਿਬ ਦੇ ਬੁੱਤ ਤੇ ਖਾਲਿਸਤਾਨੀ ਨਾਅਰੇ ਲਿਖੇ ਗਏ ਅਤੇ ਅਖੌਤੀ ਖਾਲਿਸਤਾਨੀ ਸਿਰ ਫਿਰੇ ਗੁਰਪਤਵੰਤ ਸਿੰਘ ਪੰਨੂ ਵੱਲੋਂ ਬਾਬਾ ਸਾਹਿਬ ਦੇ ਬੁੱਤ ਦੀ ਵੀਡੀਓ ਵਾਇਰਲ ਕਰ ਕੇ ਤਰ੍ਹਾਂ ਤਰ੍ਹਾਂ ਦੇ ਤੰਜ ਕੱਸੇ ਗਏ। ਅੰਬੇਡਕਰ ਮਿਸ਼ਨ ਸੁਸਾਇਟੀ ਪੰਜਾਬ ਇਹਨਾਂ ਸ਼ਰਾਰਤ ਪੂਰਨ ਘਟਨਾਵਾਂ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ। ਬਾਬਾ ਸਾਹਿਬ ਡਾ. ਅੰਬੇਡਕਰ ਦਾ 134ਵਾਂ ਜਨਮਦਿਨ 14 ਅਪ੍ਰੈਲ 2025 ਨੂੰ ਆ ਰਿਹਾ ਹੈ ਅਤੇ ਬਾਬਾ ਸਾਹਿਬ ਦੇ ਸ਼ਰਧਾਲੂ ਇਸ ਦਿਨ ਨੂੰ ਸ਼ਰਧਾ ਪੂਰਵਕ ਵਿਸ਼ਾਲ ਪੱਧਰ ਤੇ ਮਨਾਉਣ ਦੀਆਂ ਤਿਆਰੀਆਂ ਵਿੱਚ ਰੁੱਝੇ ਹੋਏ ਹਨ। ਇੱਕ ਮਹੱਤਵਪੂਰਨ ਗੱਲ ਇਹ ਵੀ ਹੈ ਕਿ ਬੋਧ ਗਯਾ ਵਿਖੇ ਮਹਾਬੋਧੀ ਮਹਾਵਿਹਾਰ ਨੂੰ ਗੈਰ ਬੋਧੀਆਂ ਦੇ ਕਬਜ਼ੇ ਤੋਂ ਮੁਕਤ ਕਰਾਉਣ ਵਾਸਤੇ, ਬੀ. ਟੀ. ਐਕਟ 1949 ਨੂੰ ਰੱਦ ਕਰਾਉਣ ਵਾਸਤੇ ਅਤੇ ਮਹਾਬੋਧੀ ਮਹਾਵਿਹਾਰ ਦਾ ਸੰਪੂਰਨ ਕੰਟਰੋਲ ਬੋਧੀਆਂ ਨੂੰ ਦੇਣ ਵਾਸਤੇ 12 ਫਰਵਰੀ, 2025 ਤੋਂ ਭੁੱਖ ਹੜਤਾਲ ਕਰਕੇ ਮਾਨਯੋਗ ਭਿਕਸ਼ੂਆਂ ਦੀ ਅਗਵਾਈ ਵਿੱਚ ਅੰਦੋਲਨ ਵੀ ਚੱਲ ਰਿਹਾ ਹੈ, ਜਿਸ ਦਾ ਸਮਰਥਨ ਦੇਸ਼-ਵਿਦੇਸ਼ ਦੇ ਬੋਧੀ, ਅੰਬੇਡਕਰੀ ਅਤੇ ਅਗ੍ਹਾਂ ਵਧੂ ਵਿਚਾਰਾਂ ਦੇ ਲੋਕ ਪੂਰੇ ਜੋਸ਼ੋ-ਖਰੋਸ਼ ਨਾਲ ਕਰ ਰਹੇ ਹਨ। ਅਜਿਹੇ ਸਮੇਂ ਸ਼ਰਾਰਤੀ ਲੋਕ ਸਮਾਜ ਅੰਦਰ ਲਾਅ ਐਂਡ ਆਰਡਰ ਦੀ ਸਥਿਤੀ ਖਰਾਬ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਅੰਬੇਡਕਰ ਮਿਸ਼ਨ ਸੁਸਾਇਟੀ ਸਮਾਜ ਦੇ ਨੌਜਵਾਨ ਲੋਕਾਂ ਨੂੰ ਸ਼ਾਂਤੀ ਬਣਾਈ ਰੱਖਣ ਦੀ ਅਪੀਲ ਕਰਦੀ ਹੈ ਅਤੇ ਸਰਕਾਰ ਤੋਂ ਮੰਗ ਕਰਦੀ ਹੈ ਕਿ ਅਜਿਹੇ ਸ਼ਰਾਰਤੀ ਅਨਸਰਾਂ ਨੂੰ ਸਖਤ ਤੋਂ ਸਖਤ ਸਜ਼ਾ ਦਿੱਤੀ ਜਾਵੇ ਤਾਂ ਜੋ ਸਮਾਜ ਅੰਦਰ ਭਾਈਚਾਰੇ ਦਾ ਮਾਹੌਲ ਬਣਿਆ ਰਹੇ।

# ਸਾਬਕਾ ਮੰਤਰੀ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਦੀ ਅਗਵਾਈ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਮੀਟਿੰਗ

## ਪੰਜ ਮੈਂਬਰੀ ਭਰਤੀ ਕਮੇਟੀ ਦੇ ਸੱਦੇ ਤੇ 6 ਅਪ੍ਰੈਲ ਨੂੰ ਰੋਪੜ੍ਹ ਵਿਖੇ ਹੋ ਰਹੇ ਸਮਾਗਮ ਵਿੱਚ ਸ਼ਾਮਲ ਹੋਣ ਦਾ ਫੈਸਲਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 02 ਅਪਰੈਲ
INTERNATIONAL PAPER, 94636 01616
hardipchumber57@gmail.com




ਮੋਰਿੰਡਾ 2 ਅਪ੍ਰੈਲ,(ਪਤਰ ਪ੍ਰੇਰਕ,) ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਦੀ ਭਰਵੀਂ ਇਕੱਤਰਤਾ ਸਾਬਕਾ ਮੰਤਰੀ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਦੀ ਪ੍ਰਧਾਨਗੀ ਹੇਠ ਹੋਈ। ਇਸ ਸਮੇਂ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਨੇ ਸੰਬੋਧਨ ਕਰਦਿਆਂ ਆਖਿਆ ਕਿ ਅਜ ਸ਼੍ਰੋਮਣੀ ਅਕਾਲੀ ਦਲ ਨੂੰ ਮੁੜ ਸੁਰਜੀਤ ਕਰਨ ਦੀ ਲੋੜ ਹੈ। ਕਿਉਂਕਿ ਜੇਕਰ ਪੰਜਾਬ ਅਤੇ ਪੰਥ ਦੇ ਹੱਕਾਂ ਦੀ ਰਾਖੀ ਕਰ ਸਕਦਾ ਹੈ ਤਾਂ ਸਿਰਫ ਅਕਾਲੀ ਦਲ ਹੀ ਕਰ ਸਕਦਾ ਹੈ। ਉਹਨਾਂ ਆਖਿਆ ਕਿ ਮੋਕੇ ਦੀ ਨਜਾਕਤ ਨੂੰ ਵੇਖਦਿਆਂ ਸਿੱਖਾਂ ਦੇ ਸਬਰ ਉੱਚ ਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਪੰਜ ਮੈਂਬਰੀ ਭਰਤੀ ਕਮੇਟੀ ਨਾਮਜ਼ਦ ਕਰਕੇ ਵੱਖ ਵੱਖ ਪੰਥਕ ਜਥੇਬੰਦੀਆਂ ਨੂੰ ਹੁਕਮ ਦਿੱਤਾ ਗਿਆ ਕਿ ਉਹ ਇਸ ਕਮੇਟੀ ਦੀ ਅਗਵਾਈ ਵਿੱਚ ਨਵੇਂ ਸਿਰੇ ਤੋਂ ਅਕਾਲੀ ਦਲ ਦੀ ਭਰਤੀ ਕਰਨ ਤਾਂ ਜ਼ੋ ਅਕਾਲੀ ਦਲ ਨੂੰ ਮੁੜ ਸੁਰਜੀਤ ਕਰਕੇ ਪੰਜਾਬ ਅਤੇ ਪੰਥਕ ਹੱਕਾਂ ਦੀ ਰਾਖੀ ਕੀਤੀ ਜਾ ਸਕੇ। ਇਸ ਸਮੇਂ ਫੈਸਲਾ ਕੀਤਾ ਗਿਆ ਕਿ ਪੰਜ ਮੈਂਬਰੀ ਭਰਤੀ ਕਮੇਟੀ ਵਲੋਂ 6 ਅਪ੍ਰੈਲ ਦਿਨ ਐਤਵਾਰ ਨੂੰ ਐਸ ਐਮ ਰਿਜੋਰਟ ਰੂਪਨਗਰ ਵਿਖੇ ਹੋ ਰਹੇ ਸਮਾਗਮ ਵਿੱਚ ਜ਼ਿਲ੍ਹਾ ਰੂਪਨਗਰ ਦੇ ਸਮੂਹ ਅਕਾਲੀ ਵਰਕਰ ਸ਼ਾਮਲ ਹੋਣਗੇ। ਇਸ ਸਮਾਗਮ ਨੂੰ ਸਫ਼ਲ ਬਣਾਉਣ ਲਈ ਜ਼ਿਲ੍ਹਾ ਰੂਪਨਗਰ ਦੇ ਸੀਨੀਅਰ ਆਗੂਆਂ ਦੀ ਇਕ 15 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ ਜਿਸ ਵਿੱਚ ਅਮ੍ਰਿਤ ਪਾਲ ਸਿੰਘ ਖਟੜਾ, ਮੋਹਨਜੀਤ ਸਿੰਘ ਕਮਾਲਪੁਰ, ਨਰਿੰਦਰ ਸਿੰਘ ਮਾਵੀ, ਰਣਜੀਤ ਸਿੰਘ ਗੁਡਵਿਲ, ਗੁਰਿੰਦਰ ਸਿੰਘ ਗੋਗੀ, ਜਸਵੀਰ ਸਿੰਘ ਜੱਸੀ ਕਾਈਨੌਰ, ਲਖਵੀਰ ਸਿੰਘ ਲੱਖੀ ਹਫਸਾਵਾਦ, ਸ਼ਮਸ਼ੇਰ ਸਿੰਘ ਸ਼ੇਰਾ, ਠੇਕੇਦਾਰ ਗੁਰਨਾਮ ਸਿੰਘ, ਭੁਪਿੰਦਰ ਸਿੰਘ ਬਜਰੂੜ, ਮਨਜਿੰਦਰ ਸਿੰਘ ਬਰਾੜ, ਜੁਝਾਰ ਸਿੰਘ ਮਾਵੀ, ਹਰਵਿੰਦਰ ਸਿੰਘ ਡਿੰਪੀ, ਮਾਲਵਿੰਦਰ ਸਿੰਘ ਬੱਬੂ, ਨੂੰ ਸ਼ਾਮਲ ਕੀਤਾ ਗਿਆ ਹੈ। ਇਸ ਮੌਕੇ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਨੇ ਸਮੂਹ ਅਕਾਲੀ ਵਰਕਰਾਂ, ਵੱਖ ਵੱਖ ਪੰਥਕ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਭਰਤੀ ਮੁਹਿੰਮ ਵਿੱਚ ਸ਼ਾਮਲ ਹੋ ਕੇ ਅਕਾਲੀ ਦਲ ਨੂੰ ਮੁੜ ਸੁਰਜੀਤ ਕਰਨ ਵਿੱਚ ਅਪਣਾ ਬਣਦਾ ਯੋਗਦਾਨ ਪਾਉਣ। ਇਸ ਸਮੇਂ ਹੋਰਨਾਂ ਤੋਂ ਇਲਾਵਾ ਜਗਵਿੰਦਰ ਸਿੰਘ ਪੰਮੀ, ਅਮਰਿੰਦਰ ਸਿੰਘ ਹੈਲੀ, ਸੁਖਵੀਰ ਸਿੰਘ ਸੁੱਖਾ, ਪਿਸ਼ੋਰਾ ਸਿੰਘ ਸਖੋਮਾਜਰਾ, ਹਰਚੰਦ ਸਿੰਘ ਡੂਮਛੇੜੀ,ਬਹਾਦਰ ਸਿੰਘ ਕਾਈਨੌਰ, ਜਸਵਿੰਦਰ ਸਿੰਘ ਛੋਟੂ, ਮਨਦੀਪ ਸਿੰਘ ਰੌਣੀ, ਰਾਜਵੀਰ ਸਿੰਘ ਕਲਸੀ, ਅਜਮੇਰ ਸਿੰਘ ਬਿੱਟੂ ਫਤਿਹ ਪੁਰ, ਰਜਿੰਦਰ ਸਿੰਘ ਸਾਬਕਾ ਐਮ ਸੀ, ਠੇਕੇਦਾਰ ਮੰਗਤ ਸਿੰਘ ਅਤੇ ਅਮਨਾ ਮੋਰਿੰਡਾ ਸਮੇਤ ਅਨੇਕਾਂ ਅਕਾਲੀ ਆਗੂ ਹਾਜਰ ਸਨ।

# ਪਿੰਗਲਵਾੜਾ ਸ਼ਾਖਾ ਦੇ ਸਥਾਪਨਾ ਦਿਵਸ ਨੂੰ ਸਮਰਪਿਤ ਸਭਿਆਚਾਰਕ ਪ੍ਰੋਗਰਾਮ ਸ਼ਿਖਰ ਹੋ ਨਿੱਬੜਿਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 02 ਅਪਰੈਲ
INTERNATIONAL PAPER, 9463601616
hardipchumber57@gmail.com



